@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily
Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Thursday, 8 October 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 8 ਅਕਤੂਬਰ 2026, 24 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 335, qpatrika@gmail.com ਫੋਨ : 9971359517 www.qaumipatrika.org

# 2027 ਲਈ ਭਾਜਪਾ ਨੇ ਵਜਾਇਆ ਚੋਣ ਬਿਗੁਲ ! ਜਲੰਧਰ 'ਚ ਅਮਿਤ ਸ਼ਾਹ ਨੇ ਕੀਤੇ ਵੱਡੇ ਐਲਾਨ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਜਲੰਧਰ 7 ਅਕਤੂਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜਲੰਧਰ ਪਹੁੰਚੇ। ਆਪਣੇ ਸੰਬੋਧਨ ਵਿਚ ਗੁਰੂਆਂ ਦੀ ਧਰਤੀ ਨੂੰ ਪ੍ਰਣਾਮ ਕਰਦੇ ਹੋਏ ਅਮਿਤ ਸ਼ਾਹ ਨੇ ਕਿਹਾ ਕਿ ਜਲੰਧਰ 'ਚ ਆਉਣਾ ਮੇਰੇ ਲਈ ਖ਼ੁਸ਼ਕਿਸਮਤੀ ਵਾਲੀ ਗੱਲ ਹੈ ਪਰ ਨਸ਼ਾ ਖ਼ਤਮ ਕਰਨ ਲਈ ਮੇਰੇ ਲਈ ਇਥੇ ਆਉਣਾ ਵੱਡੀ ਭਾਗਾਂ ਵਾਲੀ ਗੱਲ ਹੈ। ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਸਾਡੇ ਸੂਬੇ ਪੰਜਾਬ ਨੇ ਦਿੱਤੀਆਂ ਹਨ। ਸਾਡੇ ਸੂਰਬੀਰਾਂ ਨੇ ਹਮੇਸ਼ਾ ਦੇਸ਼ ਦੀ ਸੁਰੱਖਿਆ ਕੀਤੀ ਹੈ। ਅਸੀਂ ਜੋ ਕਿਹਾ ਕਿ ਉਹ ਕਰਕੇ ਵਿਖਾਇਆ ਹੈ, ਕਮਸ਼ੀਰ ਨੂੰ ਅੱਤਵਾਦ ਤੋਂ ਮੁਕਤ ਕੀਤਾ ਹੈ। ਅਸੀਂ ਅੱਤਵਾਦ, ਨਕਸਲਵਾਦ ਦਾ ਖ਼ਾਤਮਾ ਕੀਤਾ ਹੈ। ਆਮ ਆਦਮੀ ਪਾਰਟੀ 'ਤੇ ਸ਼ਬਦੀ ਹਮਲੇ ਕਰਦੇ ਹੋਏ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਚਿੱਟੇ ਦੇ ਰੰਗ ਵਿਚ ਰੰਗਿਆ ਗਿਆ ਹੈ ਪਰ ਹੁਣ ਸਮਾਂ ਆ ਗਿਆ ਹੈ ਪੰਜਾਬ ਨੂੰ ਚਿੱਟਾ ਮੁਕਤ ਕੀਤਾ ਜਾਵੇ। ਮੈਂ ਪੰਜਾਬ ਦੇ ਨੌਜਵਾਨਾਂ ਅਤੇ ਮਾਵਾਂ ਨੂੰ ਕਹਿਣ ਆਇਆ ਹਾਂ ਕਿ 31 ਦਸੰਬਰ 2029 ਤੋਂ ਬਾਅਦ ਤੁਹਾਡੇ ਬੱਚਿਆਂ ਨੂੰ ਚਿੱਟਾ ਉਪਲੱਬਧ ਕਰਵਾਉਣ ਵਾਲਾ ਕੋਈ ਨਹੀਂ ਬਚੇਗਾ। ਉਨ੍ਹਾਂ ਕਿਹਾ ਕਿ ਭਾਜਪਾ ਸਿਰਫ਼ ਪੰਜਾਬ ਵਿਚ ਨਸ਼ੇ ਦੇ ਮੁੱਦੇ 'ਤੇ ਹੀ ਚੋਣ ਲੜੇਗੀ। ਉਨ੍ਹਾਂ ਕਿਹਾ ਕਿ ਇਕ ਮੌਕਾ ਭਾਜਪਾ ਨੂੰ ਦਿਓ ਅਤੇ ਭਾਜਪਾ ਦੀ ਸਰਕਾਰ ਬਣਾਓ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਕਰ ਦੇਵਾਂਗੇ। ਸਿਰਫ਼ ਭਾਜਪਾ ਹੀ ਹੈ ਜੋ




ਪੰਜਾਬ ਵਿਚੋਂ ਨਸ਼ੇ ਨੂੰ ਖ਼ਤਮ ਕਰ ਸਕਦੀ ਹੈ। ਨਸ਼ੇ ਨੂੰ ਖ਼ਤਮ ਕਰਨਾ ਸਾਡੀ ਤਰਜੀਹ ਰਹੇਗੀ। ਕਾਂਗਰਸ ਦੇ ਰਾਜ ਵਿਚ 36 ਕਿਲੋ ਨਸ਼ਾ ਫੜਿਆ ਗਿਆ ਸੀ। ਮੈਂ ਇਥੇ ਕੋਈ ਰਾਜਨੀਤੀ ਦੀ ਗੱਲ ਨਹੀਂ ਕਰਨ ਆਇਆ। ਉਨ੍ਹਾਂ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਤੁਸੀਂ ਭਾਜਪਾ ਦਾ ਸਮਰਥਨ ਕਰੋ, ਅਸੀਂ 31 ਦਸੰਬਰ 2029 ਤੋਂ ਪਹਿਲਾਂ ਪੰਜਾਬ ਨੂੰ ਚਿੱਟੇ ਤੋਂ ਮੁਕਤ ਕਰਾਂਗੇ। ਮੈਂ ਪੀੜਤ ਪਰਿਵਾਰਾਂ ਨੂੰ ਮਿਲਣ ਆਇਆ ਹਾਂ। ਸਾਡੀ ਸਰਕਾਰ ਆਉਣ 'ਤੇ ਨੌਜਾਵਾਨਾਂ ਨੂੰ ਰੋਜ਼ਗਾਰ ਦਿੱਤਾ ਜਾਵੇਗਾ। ਅਮਿਤ ਸ਼ਾਹ ਨੇ ਕਿਹਾ ਕਿ ਜਿਸ ਤਰ੍ਹਾਂ ਉਨ੍ਹਾਂ ਦੀ ਸਰਕਾਰ ਨੇ ਦੇਸ਼ ਨੂੰ ਨਕਸਲਵਾਦ ਤੋਂ ਮੁਕਤ ਕਰਨ, ਕਸ਼ਮੀਰ ਦੀ ਸਮੱਸਿਆ ਹੱਲ ਕਰਨ ਅਤੇ ਉੱਤਰ-ਪੂਰਬ 'ਚ ਅੱਤਵਾਦ ਖ਼ਤਮ ਕਰਨ ਲਈ ਕੰਮ ਕੀਤਾ ਹੈ, ਉਸੇ ਤਰ੍ਹਾਂ ਹੁਣ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਵਾਰੀ ਹੈ।

ਉਨ੍ਹਾਂ ਦਾਅਵਾ ਕੀਤਾ ਕਿ 2029 ਤੋਂ ਬਾਅਦ ਪੰਜਾਬ 'ਚ ਚਿੱਟਾ ਵੇਚਣ ਵਾਲਾ ਕੋਈ ਨਹੀਂ ਬਚੇਗਾ ਅਤੇ ਇਸ ਨੂੰ ਭਾਜਪਾ ਦਾ ਵਾਅਦਾ ਦੱਸਿਆ। ਐੱਮ. ਐੱਸ. ਪੀ. ਮੁੱਦੇ 'ਤੇ ਬੋਲਦੇ ਹੋਏ ਅਮਿਤ ਸ਼ਾਹ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਐੱਮ. ਐੱਸ. ਪੀ. ਵਾਲਾ ਵਾਅਦਾ ਪੂਰਾ ਨਹੀਂ ਕੀਤਾ। ਕਿਸਾਨਾਂ ਲਈ ਅਮਿਤ ਸ਼ਾਹ ਨੇ ਵੱਡਾ ਐਲਾਨ ਕਰਦੇ ਹੋਏ ਕਿਹਾ ਕਿ ਪੰਜਾਬ 'ਚ ਕਿਸਾਨਾਂ ਦੀਆਂ ਪਰੇਸ਼ਾਨੀਆਂ ਦਾ ਹੱਲ ਕੀਤਾ ਜਾਵੇਗਾ। ਹਰਿਆਣਾ 'ਚ ਕਿਸਾਨਾਂ ਨੂੰ ਐੱਮ. ਐੱਸ. ਪੀ. ਦਿੱਤੀ ਜਾ ਰਹੀ। ਪੰਜਾਬ ਦੀ ਵਿੱਤੀ ਹਾਲਤ ਨੂੰ ਠੀਕ ਕੀਤਾ ਜਾਵੇਗਾ। ਭਾਜਪਾ ਦੀ 'ਨਸ਼ਾ ਮੁਕਤ ਯਾਤਰਾ' 18 ਸਤੰਬਰ ਤੋਂ ਸ਼ੁਰੂ ਹੋਈ ਸੀ। ਪਾਰਟੀ ਮੁਤਾਬਕ ਚਾਰ ਯਾਤਰਾਵਾਂ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ 'ਚੋਂ ਲੰਘਦਿਆਂ ਲਗਭਗ 4,000 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਜਲੰਧਰ ਪਹੁੰਚੀਆਂ ਹਨ। ਹੁਣ ਇਸ ਮੁਹਿੰਮ ਦੀ ਸਮਾਪਤੀ ਰੈਲੀ 'ਚ ਅਮਿਤ ਸ਼ਾਹ ਦੇ ਸ਼ਾਮਲ ਹੋਣ ਨਾਲ ਇਸ ਮੁੱਦੇ ਨੂੰ ਹੋਰ ਸਿਆਸੀ ਤੌਰ 'ਤੇ ਉਭਾਰਿਆ ਜਾ ਰਿਹਾ ਹੈ। ਜਲੰਧਰ ਨੂੰ ਇਸ ਮੁਹਿੰਮ ਦੇ ਅੰਤਿਮ ਪੜਾਅ ਲਈ ਚੁਣਨਾ ਵੀ ਆਪਣੇ ਆਪ 'ਚ ਮਹੱਤਵਪੂਰਨ ਹੈ। ਜਲੰਧਰ ਦੋਆਬੇ ਦੀ ਸਿਆਸਤ ਦਾ ਇਕ ਅਹਿਮ ਕੇਂਦਰ ਹੈ ਅਤੇ ਇਥੇ ਵੱਡੀ ਗਿਣਤੀ 'ਚ ਐੱਨ. ਆਰ. ਆਈ. ਪਰਿਵਾਰ ਵੀ ਰਹਿੰਦੇ ਹਨ। ਇਸ ਰੈਲੀ ਮੌਕੇ ਇਕਬਾਲ ਸਿੰਘ ਲਾਲਪੁਰਾ, ਅਸ਼ਵਨੀ ਸ਼ਰਮਾ, ਸੰਦੀਪ ਪਾਠਕ, ਸੁਨੀਲ ਜਾਖੜ, ਮਨੋਰੰਜਨ ਕਾਲੀਆ, ਪਰਨੀਤ ਕੌਰ, ਕੇਵਲ ਸਿੰਘ ਢਿੱਲੋਂ, ਰਵਨੀਤ ਸਿੰਘ ਬਿੱਟੂ, ਹਰਭਜਨ ਸਿੰਘ, ਤੀਕਸ਼ਨ ਸੂਦ, ਮਨਪ੍ਰੀਤ ਸਿੰਘ ਬਾਦਲ ਸਮੇਤ ਕਈ ਵੱਡੇ ਆਗੂਆਂ ਸਮੇਤ ਸਮੂਚੀ ਲੀਡਰਸ਼ਿਪ ਮੌਜੂਦ ਰਹੀ।

# ਨਿਤਿਨ ਨਬੀਨ ਨੇ ਸ਼ਰੀਲੰਕਾ ਦੀ ਸੱਤਾਧਾਰੀ ਪਾਰਟੀ ਜੇਵੀਪੀ ਦੇ ਵਫ਼ਦ ਨਾਲ ਕੀਤੀ ਮੁਲਾਕਾਤ

ਕੌਮੀ ਪਤ੍ਰਿਕਾ

ਨਵੀਂ ਦਿੱਲੀ 7 ਅਕਤੂਬਰ। ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਪ੍ਰਧਾਨ ਨਿਤਿਨ ਨਬੀਨ ਨੇ ਸ਼੍ਰੀਲੰਕਾ ਦੀ ਸੱਤਾਧਾਰੀ ਪਾਰਟੀ ਜਨਤਾ ਵਿਮੁਕਤੀ ਪੇਰਾਮੁਨਾ (ਜੇਵੀਪੀ) ਦੇ 5 ਮੈਂਬਰੀ ਵਫ਼ਦ ਨਾਲ ਮੁਲਾਕਾਤ ਕੀਤੀ, ਜਿਸ ਦੀ ਅਗਵਾਈ ਜੇਵੀਪੀ ਦੇ ਜਨਰਲ ਸਕੱਤਰ ਤਿਲਵਿਨ ਸਿਲਵਾ ਕਰ ਰਹੇ ਸਨ। ਭਾਜਪਾ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਜੇਵੀਪੀ ਦਾ ਵਫ਼ਦ ਭਾਜਪਾ ਨੂੰ ਜਾਣੋ ਪਹਿਲਕਦਮੀ ਦੇ ਅਧੀਨ ਪਾਰਟੀ ਦੇ ਸੱਦੇ 'ਤੇ 27 ਸਤੰਬਰ ਨੂੰ ਭਾਰਤ ਆਇਆ ਸੀ। ਉਨ੍ਹਾਂ ਦੀ ਇਹ ਯਾਤਰਾ ਵੀਰਵਾਰ ਨੂੰ ਸਮਾਪਤ ਹੋਈ। ਭਾਜਪਾ ਦੇ ਅਨੁਸਾਰ, ਇੱਥੇ ਪਾਰਟੀ ਹੈੱਡਕੁਆਰਟਰ ਵਿਖੇ ਗੱਲਬਾਤ ਦੌਰਾਨ, ਨਬੀਨ ਨੇ ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਡੂੰਘੇ ਸੱਭਿਅਤਾ ਅਤੇ ਸੱਭਿਆਚਾਰਕ ਸਬੰਧਾਂ, ਖਾਸ ਕਰ ਕੇ ਦੋਵਾਂ ਦੇਸ਼ਾਂ ਦੀ ਸਾਂਝੀ ਬੋਧ ਵਿਰਾਸਤ 'ਤੇ ਜ਼ੋਰ ਦਿੱਤਾ। ਪਾਰਟੀ ਮੁਖੀ ਨੇ ਉਮੀਦ ਪ੍ਰਗਟਾਈ ਕਿ ਜੇਵੀਪੀ ਵਫ਼ਦ ਦਾ ਦੌਰਾ ਨਿਯਮਿਤ ਸੰਸਥਾਗਤ ਗੱਲਬਾਤ ਲਈ ਰਾਹ ਪੱਧਰਾ ਕਰੇਗਾ। ਉਨ੍ਹਾਂ ਨੇ ਵਫ਼ਦ ਨੂੰ ਅਗਲੀ ਵਾਰ ਭਾਰਤ ਆਉਣ 'ਤੇ ਬਿਹਾਰ ਦਾ ਦੌਰਾ



ਕਰਨ ਦਾ ਸੱਦਾ ਵੀ ਦਿੱਤਾ। ਨਬੀਨ ਨੇ ਵਫ਼ਦ ਨੂੰ ਭਾਜਪਾ ਦੀ ਸੰਗਠਨਾਤਮਕ ਯਾਤਰਾ, ਜ਼ਮੀਨੀ ਪੱਧਰ ਦੇ ਨੈੱਟਵਰਕ ਅਤੇ ਲੀਡਰਸ਼ਿਪ ਦੀ ਅਗਲੀ ਪੀੜ੍ਹੀ ਬਾਰੇ ਵੀ ਜਾਣਕਾਰੀ ਦਿੱਤੀ। ਪਾਰਟੀ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਔਰਤਾਂ ਅਤੇ ਨੌਜਵਾਨਾਂ ਦੇ ਸਸ਼ਕਤੀਕਰਨ, ਹੁਨਰ ਵਿਕਾਸ, ਉੱਦਮਤਾ, ਨਵੀਨਤਾ ਅਤੇ ਰਾਸ਼ਟਰ ਨਿਰਮਾਣ 'ਚ ਨੌਜਵਾਨਾਂ ਦੀ ਭਾਗੀਦਾਰੀ 'ਤੇ ਜ਼ੋਰ ਦੇਣ 'ਤੇ ਚਰਚਾ ਕੀਤੀ। ਜੇਵੀਪੀ ਵਫ਼ਦ ਨੇ ਸ਼੍ਰੀਲੰਕਾ 'ਚ ਸ਼ਾਸਨ ਦੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਔਰਤਾਂ ਅਤੇ ਨੌਜਵਾਨਾਂ ਲਈ ਭਲਾਈ ਯੋਜਨਾਵਾਂ ਦਾ ਵਰਣਨ ਕੀਤਾ। ਦੋਵਾਂ ਧਿਰਾਂ ਨੇ ਇਸ ਗੱਲ 'ਤੇ ਵਿਚਾਰ ਸਾਂਝੇ ਕੀਤੇ ਕਿ ਰਾਜਨੀਤਿਕ ਸੰਗਠਨ ਮੌਕਿਆਂ ਨੂੰ ਵਧਾਉਣ ਅਤੇ ਜਨਤਕ ਭਾਗੀਦਾਰੀ ਨੂੰ ਮਜ਼ਬੂਤ ??ਕਰਨ 'ਚ ਕਿਵੇਂ ਯੋਗਦਾਨ ਪਾ ਸਕਦੇ ਹਨ। ਗੱਲਬਾਤ 'ਚ ਖੇਡਾਂ, ਖਾਸ ਕਰਕੇ ਕ੍ਰਿਕਟ 'ਤੇ ਚਰਚਾ ਵੀ ਸ਼ਾਮਲ ਸੀ, ਜਿਸ ਨੂੰ ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਲੋਕਾਂ ਨੂੰ ਜੋੜਨ ਵਾਲਾ ਪੁਲ ਮੰਨਿਆ ਜਾਂਦਾ ਹੈ। ਭਾਜਪਾ ਪ੍ਰਧਾਨ ਨੇ ਉਮੀਦ ਪ੍ਰਗਟਾਈ ਕਿ ਪਾਰਟੀਆਂ ਵਿਚਕਾਰ ਆਪਸੀ ਜੁੜਾਵ ਵਧਣ ਨਾਲ ਦੋਵਾਂ ਦੇਸ਼ਾਂ ਵਿਚਕਾਰ ਪੁਰਾਣੀ ਦੋਸਤੀ ਨੂੰ ਹੋਰ ਮਜ਼ਬੂਤ ??ਹੋਵੇਗੀ। ਭਾਜਪਾ ਦੇ ਵਿਦੇਸ਼ ਮਾਮਲਿਆਂ ਦੇ ਵਿਭਾਗ ਦੇ ਇੰਚਾਰਜ ਵਿਜੇ ਚੌਥਾਈਵਾਲੇ ਨੇ ਵੀ ਚਰਚਾ 'ਚ ਹਿੱਸਾ ਲਿਆ।

# 'ਹਰ ਐੱਫ. ਆਈ.ਆਰ. ਮੇਰੇ ਲਈ ਮੈਡਲ, 100 ਕੇਸ ਵੀ ਹੋ ਗਏ ਤਾਂ ਨਹੀਂ ਡਰਾਂਗਾ': ਰਾਹੁਲ ਗਾਂਧੀ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 7 ਅਕਤੂਬਰ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ 353 ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਤੇ 'ਵੋਟ ਚੋਰੀ' ਦੇ ਮੁੱਦੇ 'ਤੇ ਮੰਗਲਵਾਰ ਨੂੰ ਧਰਨਾ ਦੇਣ ਤੋਂ ਬਾਅਦ ਬੁੱਧਵਾਰ ਨੂੰ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨਾਲ ਲੰਚ ਕੀਤਾ ਅਤੇ ਜੰਤਰ-ਮੰਤਰ 'ਤੇ ਧਰਨਾ ਦੇਣ ਦਾ ਐਲਾਨ ਕੀਤਾ। ਜੰਤਰ-ਮੰਤਰ ਲਈ ਰਵਾਨਾ ਹੋਣ ਤੋਂ ਪਹਿਲਾਂ ਰਾਹੁਲ ਗਾਂਧੀ ਨੇ ਕਿਹਾ, "ਮੇਰੇ ਖ਼?ਲਾਫ਼ 45 ਐੱਫ. ਆਈ.ਆਰ. ਦਰਜ ਹਨ। ਮੇਰਾ ਟੀਚਾ ਹੈ ਕਿ ਇਹ ਗਿਣਤੀ 100 ਹੋਵੇ। ਮੈਂ ਚਾਹੁੰਦਾ ਹਾਂ ਕਿ ਮੇਰੇ ਖ਼?ਲਾਫ਼ 100 ਐੱਫ. ਆਈ.ਆਰ. ਹੋਣ। ਹਰ ਐੱਫ. ਆਈ.ਆਰ. ਮੇਰੇ ਲਈ ਇੱਕ ਮੈਡਲ ਹੈ। ਮੈਂ ਐੱਫ. ਆਈ.ਆਰ. ਤੋਂ ਡਰਨ ਵਾਲਾ ਨਹੀਂ ਹਾਂ। ਰਾਹੁਲ ਗਾਂਧੀ ਨੇ ਕਿਹਾ ਕਿ ਉਹ ਬੁੱਧਵਾਰ ਨੂੰ ਸੰਸਦ ਮੈਂਬਰਾਂ ਨਾਲ ਮਿਲ ਕੇ ਚੋਣ ਕਮਿਸ਼ਨਰਾਂ, ਖਾਸ ਤੌਰ 'ਤੇ ਤਿੰਨਾਂ ਚੋਣ ਕਮਿਸ਼ਨਰਾਂ ਨਾਲ



ਮੁਲਾਕਾਤ ਕਰਨਾ ਚਾਹੁੰਦੇ ਸਨ। ਉਨ੍ਹਾਂ ਮੁਤਾਬਕ, ਚੋਣ ਕਮਿਸ਼ਨਰਾਂ ਨੇ ਉਨ੍ਹਾਂ ਨਾਲ ਮਿਲਣ ਤੋਂ ਇਨਕਾਰ ਕਰ ਦਿੱਤਾ। ਇਸ ਤੋਂ ਬਾਅਦ ਦਿੱਲੀ ਪੁਲਿਸ ਨੇ ਉਨ੍ਹਾਂ ਨੂੰ ਰੋਕ ਦਿੱਤਾ ਅਤੇ ਕਿਹਾ ਕਿ ਉਹ ਉੱਥੇ ਵਿਰੋਧ ਪ੍ਰਦਰਸ਼ਨ ਨਹੀਂ ਕਰ ਸਕਦੇ। ਰਾਹੁਲ ਗਾਂਧੀ ਨੇ ਕਿਹਾ ਕਿ ਹੁਣ ਉਹ ਨਿਰਧਾਰਤ ਵਿਰੋਧ ਸਥਾਨ ਜੰਤਰ-ਮੰਤਰ ਜਾਣਗੇ ਅਤੇ ਉੱਥੇ ਧਰਨਾ ਦੇਣਗੇ। ਉਨ੍ਹਾਂ ਕਿਹਾ ਕਿ ਉਹ ਦੇਸ਼ ਨੂੰ ਇਹ ਦੱਸਣਾ ਚਾਹੁੰਦੇ ਹਨ ਕਿ ਉਨ੍ਹਾਂ ਦੀ ਨਜ਼ਰ ਵਿੱਚ ਗਿਆਨੇਸ਼ ਕੁਮਾਰ ਦੇਸ਼ ਦੇ ਵੈਧ ਮੁੱਖ ਚੋਣ ਕਮਿਸ਼ਨਰ ਨਹੀਂ ਹਨ। ਕਾਂਗਰਸ ਆਗੂ ਨੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਅਮਿਤ ਸ਼ਾਹ, ਮੋਹਨ ਭਾਗਵਤ ਅਤੇ ਗਿਆਨੇਸ਼ ਕੁਮਾਰ ਨੇ ਦੇਸ਼ ਦੇ ਲੋਕਤੰਤਰ ਨੂੰ ਨੁਕਸਾਨ ਪਹੁੰਚਾਇਆ ਹੈ। ਰਾਹੁਲ ਗਾਂਧੀ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਜਿਹੜੇ ਲੋਕ ਇਸ ਲਈ ਜ਼ਿੰਮੇਵਾਰ ਹਨ, ਉਹ "ਦੇਸ਼ਦ੍ਰੋਹੀ"ਹਨ ਅਤੇ ਉਨ੍ਹਾਂ ਖ਼?ਲਾਫ਼ ਕਾਰਵਾਈ ਕਰਨ ਦੀ ਗੱਲ ਕਹੀ। ਉਨ੍ਹਾਂ ਕਿਹਾ, "ਮੈਂ ਤੁਹਾਨੂੰ ਹੁਣੇ ਦੱਸ ਰਿਹਾ ਹਾਂ ਕਿ ਗਿਆਨੇਸ਼ ਕੁਮਾਰ ਨੂੰ ਅਸਤੀਫ਼ਾ ਦੇਣਾ ਹੋਵੇਗਾ। ਇਹ ਬਿਆਨ ਰਾਹੁਲ ਗਾਂਧੀ ਵੱਲੋਂ ਦਿੱਤੇ ਗਏ ਦੋਸ਼ ਅਤੇ ਉਨ੍ਹਾਂ ਦੀ ਰਾਜਨੀਤਿਕ ਸਥਿਤੀ ਨੂੰ ਦਰਸਾਉਂਦਾ ਹੈ। ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਵਿਰੋਧੀ ਧਿਰ ਵੱਲੋਂ ਦਿੱਲੀ ਵਿੱਚ ਲਗਾਤਾਰ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਇਸ ਤੋਂ ਪਹਿਲਾਂ 9©491 ਗਠਜੋੜ ਦੇ ਆਗੂ ਬੁੱਧਵਾਰ ਨੂੰ ਰਾਜਧਾਨੀ ਦੇ ਇੱਕ ਮਸ਼ਹੂਰ ਰੈਸਟੋਰੈਂਟ ਵਿੱਚ ਲੰਚ ਲਈ ਇਕੱਠੇ ਹੋਏ ਅਤੇ ਅੱਗੇ ਦੀ ਰਣਨੀਤੀ 'ਤੇ ਚਰਚਾ ਕੀਤੀ। ਵਿਰੋਧੀ ਧਿਰ ਦੇ ਸੰਸਦ ਮੈਂਬਰ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਦੇ ਸੱਦੇ 'ਤੇ ਦਿੱਲੀ ਦੇ ਜਨਪਥ ਸਥਿਤ ਸਾਗਰ ਰਤਨਾ ਰੈਸਟੋਰੈਂਟ ਵਿੱਚ ਇਕੱਠੇ ਹੋਏ।

## ਅਧਿਆਪਕਾ ਨਾਲ ਛੇੜਛਾੜ ਦੇ ਦੋਸ਼ 'ਚ ਸਕੂਲ ਪ੍ਰਬੰਧਕ ਗ੍ਰਿਫ਼ਤਾਰ

ਕੁਸ਼ੀਨਗਰ, 7 ਅਕਤੂਬਰ। ਕੁਸ਼ੀਨਗਰ ਵਿਚ ਇਕ ਨਿੱਜੀ ਸਕੂਲ ਦੀ ਅਧਿਆਪਕਾ ਨਾਲ ਕਥਿਤ ਛੇੜਛਾੜ ਅਤੇ ਜਾਨੋਂ ਮਾਰਨ ਦੀ ਧਮਕੀ ਦੇਣ ਦੇ ਦੋਸ਼ ਵਿਚ ਪੁਲਸ ਨੇ ਸਕੂਲ ਪ੍ਰਬੰਧਕ ਨੂੰ ਗ੍ਰਿਫ਼ਤਾਰ ਕੀਤਾ ਹੈ। ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਪੁਲਸ ਅਨੁਸਾਰ ਰਵਿੰਦਰ ਨਗਰ ਥਾਣਾ ਖੇਤਰ ਵਿਚ ਸਥਿਤ ਸਕੂਲ ਦੀ ਅਧਿਆਪਕਾ ਨੇ ਸ਼ਿਕਾਇਤ ਵਿਚ ਦੋਸ਼ ਲਗਾਇਆ ਕਿ 1 ਅਕਤੂਬਰ ਨੂੰ ਛੁੱਟੀ ਤੋਂ ਬਾਅਦ ਉਹ ਬੱਚਿਆਂ ਨਾਲ ਘਰ ਜਾਣ ਦੀ ਤਿਆਰੀ ਕਰ ਰਹੀ ਸੀ। ਇਸੇ ਦੌਰਾਨ ਪ੍ਰਬੰਧਕ ਨੇ ਕੰਮ ਦੇ ਬਹਾਨੇ ਉਸ ਨੂੰ ਰੋਕ ਲਿਆ। ਲੱਗਭਗ 10 ਮਿੰਟ ਬਾਅਦ ਉਹ ਅਧਿਆਪਕਾ ਕੋਲ ਪਹੁੰਚਿਆ ਅਤੇ ਉਸ ਦਾ ਹੱਥ ਫੜ ਕੇ ਕਥਿਤ ਤੌਰ 'ਤੇ ਛੇੜਛਾੜ ਕਰਨ ਲੱਗਾ। ਸ਼ਿਕਾਇਤ ਦੇ ਮੁਤਾਬਕ, ਵਿਰੋਧ ਕਰਨ 'ਤੇ ਪ੍ਰਬੰਧਕ ਨੇ ਉਸ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ। ਥਾਣਾ ਇੰਚਾਰਜ ਅਨਿਲ ਕੁਮਾਰ ਸਿੰਘ ਨੇ ਦੱਸਿਆ ਕਿ ਭਿਸਵਾ ਪਿੰਡ ਦੇ ਰਹਿਣ ਵਾਲੇ ਸਕੂਲ ਪ੍ਰਬੰਧਕ ਦਿਨੇਸ਼ ਰਾਏ ਦੇ ਖਿਲਾਫ ਐੱਫ. ਆਈ. ਆਰ. ਦਰਜ ਕਰ ਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ ਅਤੇ ਹੋਰ ਸਬੂਤਾਂ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਯਾਤਰੀ ਨੇ ਛੂਹਿਆ ਐਮਰਜੈਂਸੀ ਐਗਜ਼ਿਟ ਦਾ ਹੈਂਡਲ ! ਅਲਾਰਮ ਵੱਜਣ ਮਗਰੋਂ ਉਤਾਰਿਆ ਗਿਆ ਹੇਠਾਂ

ਨੈਸ਼ਨਲ ਡੈਸਕ 7 ਅਕਤੂਬਰ। ਹੈਦਰਾਬਾਦ ਦੇ ਕੌਮਾਂਤਰੀ ਹਵਾਈ ਅੱਡੇ 'ਤੇ 35 ਸਾਲਾ ਯਾਤਰੀ ਨੇ ਗਲਤੀ ਨਾਲ ਜਹਾਜ਼ ਦੇ ਐਮਰਜੈਂਸੀ ਨਿਕਾਸ ਦਰਵਾਜ਼ੇ ਦਾ ਹੈਂਡਲ ਛੂਹ ਦਿੱਤਾ, ਜਿਸ ਨਾਲ ਸੈਂਸਰ ਦਾ ਅਲਾਰਮ ਵੱਜ ਗਿਆ। ਇਸ ਘਟਨਾ ਤੋਂ ਬਾਅਦ ਵਿਅਕਤੀ ਨੂੰ ਜਹਾਜ਼ ਤੋਂ ਉਤਾਰ ਦਿੱਤਾ ਗਿਆ। ਪੁਲਸ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਹੈਦਰਾਬਾਦ ਤੋਂ ਕਡੱਪਾ ਜਾਣ ਵਾਲਾ ਜਹਾਜ਼ ਰਾਜੀਵ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ (ਆਰ. ਜੀ. ਆਈ. ਏ.) ਤੋਂ ਉਡਾਣ ਭਰਨ ਵਾਲਾ ਸੀ। ਆਰ. ਜੀ. ਆਈ. ਏ. ਪੁਲਸ ਚੌਕੀ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਜਹਾਜ਼ ਜਦੋਂ ਖੜ੍ਹਾ ਸੀ, ਉਸ ਦੌਰਾਨ ਸੀਟ ਠੀਕ ਕਰਦੇ ਸਮੇਂ ਯਾਤਰੀ ਨੇ ਗਲਤੀ ਨਾਲ ਨਿਕਾਸ ਦਰਵਾਜ਼ੇ ਦਾ ਹੈਂਡਲ ਛੂਹ ਦਿੱਤਾ। ਏਅਰਲਾਈਨਜ਼ ਦੇ ਕਰਮਚਾਰੀਆਂ ਨੇ ਯਾਤਰੀ ਨੂੰ ਜਹਾਜ਼ ਤੋਂ ਉਤਾਰ ਦਿੱਤਾ। ਇਸ ਤੋਂ ਬਾਅਦ ਯਾਤਰੀ ਨੂੰ ਪੁਲਸ ਹਵਾਲੇ ਕਰ ਦਿੱਤਾ ਗਿਆ। ਹਾਲਾਂਕਿ ਯਾਤਰੀ ਤੋਂ ਇਕ ਲਿਖਤੀ ਬਿਆਨ ਲੈ ਕੇ ਉਸ ਨੂੰ ਜਾਣ ਦਿੱਤਾ ਗਿਆ। ਪੁਲਸ ਨੇ ਦੱਸਿਆ ਕਿ ਇਸ ਸਬੰਧੀ ਕੋਈ ਮਾਮਲਾ ਦਰਜ ਨਹੀਂ ਕੀਤਾ ਗਿਆ ਹੈ।

## ਤਲਾਬ 'ਚ ਨਹਾਉਣ ਗਈਆਂ ਕੁੜੀਆਂ ਨਾਲ ਵਾਪਰਿਆ ਹਾਦਸਾ ! ਹੋਈ ਦਰਦਨਾਕ ਮੌਤ

ਨੈਸ਼ਨਲ ਡੈਸਕ 7 ਅਕਤੂਬਰ। ਬਿਹਾਰ ਦੇ ਪੂਰਬੀ ਚੰਪਾਰਣ ਜ਼ਿਲੇ 'ਚ ਸ਼ੁੱਕਰਵਾਰ ਸਵੇਰੇ ਇਕ ਤਲਾਬ 'ਚ ਨਹਾਉਂਦੇ ਸਮੇਂ 4 ਬੱਚੀਆਂ ਦੀ ਡੁੱਬਣ ਨਾਲ ਮੌਤ ਹੋ ਗਈ। ਇਹ ਘਟਨਾ ਜ਼ਿਲੇ ਦੇ ਪਹਾੜਪੁਰ ਥਾਣਾ ਖੇਤਰ ਅਧੀਨ ਬਨਕਟ ਪਿੰਡ 'ਚ ਸਵੇਰੇ 9:30 ਵਜੇ ਦੇ ਕਰੀਬ ਵਾਪਰੀ। ਮ੍ਰਿਤਕਾਂ ਦੀ ਪਛਾਣ ਸੋਨਾਵਤੀ ਕੁਮਾਰੀ (13), ਉਸ ਦੀ ਭੈਣ ਫੂਲਵਤੀ ਕੁਮਾਰੀ (10), ਸੋਨਾਲੀ ਕੁਮਾਰੀ (10) ਤੇ ਪ੍ਰਤਿਭਾ ਕੁਮਾਰੀ (12) ਵਜੋਂ ਹੋਈ ਹੈ। ਸਭ ਬੱਚੀਆਂ ਬਨਕਟ ਪਿੰਡ ਦੀਆਂ ਵਸਨੀਕ ਸਨ। ਪਹਾੜਪੁਰ ਦੇ ਸਰਕਲ ਅਧਿਕਾਰੀ ਰਾਮਸੂਰਤ ਪਾਸਵਾਨ ਨੇ ਕਿਹਾ ਕਿ 5 ਕੁੜੀਆਂ ਪਿੰਡ ਦੇ ਨੇੜੇ ਉਕਤ ਤਲਾਬ 'ਚ ਨਹਾਉਣ ਲਈ ਗਈਆਂ ਸਨ। ਉਨ੍ਹਾਂ 'ਚੋਂ 4 ਪਾਣੀ 'ਚ ਵੜ ਗਈਆਂ, ਜਦੋਂ ਕਿ ਪੰਜਵੀਂ ਕੰਢੇ 'ਤੇ ਖੜ੍ਹੀ ਰਹੀ। ਚਾਰਾਂ ਕੁੜੀਆਂ ਦੀ ਡੂੰਘੇ ਪਾਣੀ 'ਚ ਡੁੱਬਣ ਨਾਲ ਮੌਤ ਹੋ ਗਈ।

## ਬੈਂਕਾਕ ਤੋਂ ਆ ਰਹੇ ਭਾਰਤੀ ਯਾਤਰੀਆਂ ਕੋਲੋਂ 1.38 ਕਰੋੜ ਦਾ ਗਾਂਜਾ ਜ਼ਬਤ, ਹੋਏ ਗ੍ਰਿਫ਼ਤਾਰ

ਨਵੀਂ ਦਿੱਲੀ 7 ਅਕਤੂਬਰ। ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਬੈਂਕਾਕ ਤੋਂ ਆ ਰਹੇ 2 ਭਾਰਤੀ ਯਾਤਰੀਆਂ ਦੇ ਸਾਮਾਨ 'ਚੋਂ ਲਗਭਗ ਚਾਰ ਕਿਲੋਗ੍ਰਾਮ ਗਾਂਜਾ ਬਰਾਮਦ ਹੋਣ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਦੱਸਿਆ ਕਿ ਬਰਾਮਦ ਕੀਤੀਆਂ ਗਈਆਂ ਨਸ਼ੀਲੀਆਂ ਦਵਾਈਆਂ ਦੀ ਕੀਮਤ ਲਗਭਗ 1.38 ਕਰੋੜ ਰੁਪਏ ਹੈ। ਇਕ ਅਧਿਕਾਰਤ ਬਿਆਨ ਅਨੁਸਾਰ, ਦੋਵੇਂ ਯਾਤਰੀ ਇਕੱਠੇ ਯਾਤਰਾ ਕਰ ਰਹੇ ਸਨ ਅਤੇ 29 ਸਤੰਬਰ ਨੂੰ ਟਰਮੀਨਲ 3 'ਤੇ ਪਹੁੰਚੇ ਸਨ। ਕਸਟਮ ਅਧਿਕਾਰੀਆਂ ਨੇ 'ਪ੍ਰੋਫਾਈਲਿੰਗ' ਦੇ ਆਧਾਰ 'ਤੇ ਉਨ੍ਹਾਂ ਨੂੰ ਜਾਂਚ ਲਈ ਰੋਕਿਆ। ਬਿਆਨ 'ਚ ਕਿਹਾ ਗਿਆ ਹੈ ਕਿ ਦੋਵਾਂ ਨੂੰ ਉਨ੍ਹਾਂ ਦੇ 'ਟਰਾਲੀ ਬੈਗ' ਦੀ ਜਾਂਚ ਗ੍ਰੀਨ ਚੈਨਲ ਵੱਲ ਭੇਜਿਆ ਗਿਆ। ਬੈਗਾਂ 'ਚੋਂ ਸ਼ੱਕੀ ਗਾਂਜੇ ਨਾਲ ਭਰੀਆਂ ਪਾਲਸਟਿਕ ਦੀਆਂ ਚਾਰ ਥੈਲੀਆਂ ਬਰਾਮਦ ਹੋਈਆਂ। ਇਸ 'ਚ ਕਿਹਾ ਗਿਆ ਹੈ ਕਿ ਬਰਾਮਦ ਕੀਤੇ ਗਏ ਪਦਾਰਥ ਦਾ ਭਾਰ 3,964 ਗ੍ਰਾਮ ਹੈ ਅਤੇ ਇਸ ਦੀ ਕੀਮਤ ਲਗਭਗ 1.38 ਕਰੋੜ ਰੁਪਏ ਹੈ। ਬਿਆਨ ਦੇ ਅਨੁਸਾਰ, ਦੋਵਾਂ ਯਾਤਰੀਆਂ ਨੂੰ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ?ਰੋਪਿਕ ਸਬਸਟੈਂਸ (ਐੱਨਡੀਪੀਐੱਸ) ਐਕਟ ਦੀ ਧਾਰਾ 43(ਬੀ) ਦੇ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ, ਜਦੋਂ ਕਿ ਬਰਾਮਦ ਕੀਤੀਆਂ ਗਈਆਂ ਨਸ਼ੀਲੀਆਂ ਦਵਾਈਆਂ ਉਸੇ ਐਕਟ ਦੀ ਧਾਰਾ 43(ਏ) ਦੇ ਤਹਿਤ ਜ਼ਬਤ ਕੀਤੀਆਂ ਗਈਆਂ ਸਨ।

## ਫਰਜ਼ੀ ਈ-ਚਲਾਨ ਮੈਸੇਜਾਂ ਤੇ ਸਾਈਬਰ ਠੱਗੀ ਤੋਂ ਬਚੋ

ਨੈਸ਼ਨਲ ਡੈਸਕ 7 ਅਕਤੂਬਰ। ਪੰਚਕੂਲਾ ਪੁਲਸ ਨੇ ਵਾਹਨ ਮਾਲਕਾਂ ਨੂੰ ਫਰਜ਼ੀ ਈ-ਚਲਾਨ ਮੈਸੇਜਾਂ ਤੋਂ ਸਾਵਧਾਨ ਰਹਿਣ ਦੀ ਚਿਤਾਵਨੀ ਦਿੱਤੀ ਹੈ, ਜਿਨ੍ਹਾਂ ਦੀ ਵਰਤੋਂ ਸਾਈਬਰ ਠੱਗ ਬੈਂਕਿੰਗ ਅਤੇ ਹੋਰ ਗੁਪਤ ਜਾਣਕਾਰੀ ਚੋਰੀ ਕਰਨ ਲਈ ਕਰ ਰਹੇ ਹਨ। ਪੁਲਸ ਨੇ ਸੁਚੇਤ ਕੀਤਾ ਹੈ ਕਿ ਅਜਿਹੇ ਕਿਸੇ ਫਰਜ਼ੀ ਲਿੰਕ 'ਤੇ ਕਲਿੱਕ ਕਰਨ ਨਾਲ ਬੈਂਕ ਖਾਤਿਆਂ 'ਚੋਂ ਪੈਸੇ ਚੋਰੀ ਹੋ ਸਕਦੇ ਹਨ। ਸਾਈਬਰ ਅਪਰਾਧੀ ਵਾਹਨ ਮਾਲਕਾਂ ਨੂੰ ਅਜਿਹੇ ਮੈਸੇਜ ਭੇਜ ਰਹੇ ਹਨ, ਜਿਨ੍ਹਾਂ ਵਿੱਚ ਦਾਅਵਾ ਕੀਤਾ ਜਾਂਦਾ ਹੈ ਕਿ ਟ?ਰੈਫਿਕ ਚਲਾਨ ਕੱਟਿਆ ਗਿਆ ਹੈ ਤੇ ਜੁਰਮਾਨਾ ਤੁਰੰਤ ਭਰਨਾ ਜ਼ਰੂਰੀ ਹੈ। ਇਨ੍ਹਾਂ ਮੈਸੇਜਾਂ ਵਿੱਚ ਲਿੰਕ ਸ਼ਾਮਲ ਹੁੰਦੇ ਹਨ ਜੋ ਉਪਭੋਗਤਾਵਾਂ ਨੂੰ ਫਰਜ਼ੀ ਵੈੱਬਸਾਈਟਾਂ 'ਤੇ ਲੈ ਜਾਂਦੇ ਹਨ, ਜਿੱਥੇ ਬੈਂਕ ਖਾਤੇ, ਡੈਬਿਟ ਜਾਂ ਕ੍ਰੈਡਿਟ ਕਾਰਡ ਦੇ ਵੇਰਵੇ ਅਤੇ ਓ.ਟੀ.ਪੀ. ਇਕੱਠੇ ਕੀਤੇ ਜਾਂਦੇ ਹਨ। ਸਾਈਬਰ ਕ੍ਰਾਈਮ ਪੁਲਸ ਸਟੇਸ਼ਨ ਦੇ ਐਸ.ਐਚ.ਓ. ਯੁਧਵੀਰ ਸਿੰਘ ਨੇ ਦੱਸਿਆ ਕਿ ਅਜਿਹੇ ਲਿੰਕਾਂ 'ਤੇ ਕਲਿੱਕ ਕਰਨ ਨਾਲ ਮੋਬਾਈਲ ਫੋਨਾਂ ਵਿੱਚ ਮਾਲਵੇਅਰ ਜਾਂ ਵਾਇਰਸ ਵੀ ਡਾਊਨਲੋਡ ਹੋ ਸਕਦੇ ਹਨ। ਇਸ ਨਾਲ ਠੱਗਾਂ ਨੂੰ ਡਿਵਾਈਸ ਦਾ ਅਣਅਧਿਕਾਰਤ ਪਹੁੰਚ ਪ੍ਰਾਪਤ ਕਰਨ ਦਾ ਖਤਰਾ ਬਣਿਆ ਰਹਿੰਦਾ ਹੈ।

# ਚਲਾਨ ਨਾ ਭਰਨ ਵਾਲਿਆਂ 'ਤੇ ਸੁਪਰੀਮ ਕੋਰਟ ਸਖ਼ਤ, ਵਾਹਨ ਜ਼ਬਤ ਕਰਨ ਦੇ ਦਿੱਤੇ ਹੁਕਮ

ਕੌਮੀ ਪਤ੍ਰਿਕਾ

ਨਵੀਂ ਦਿੱਲੀ 7 ਅਕਤੂਬਰ। ਸੁਪਰੀਮ ਕੋਰਟ ਨੇ ਦੇਸ਼ ਭਰ ਵਿੱਚ ਬਕਾਇਆ ਈ-ਚਲਾਨਾਂ ਦੀ ਵਸੂਲੀ ਲਈ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਸਖ਼ਤ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਪੁਲਸ ਨੂੰ ਆਦੇਸ਼ ਦਿੱਤਾ ਹੈ ਕਿ ਸੜਕਾਂ 'ਤੇ ਵਾਹਨਾਂ ਦੀ ਅਚਨਚੇਤ (ਰੈਂਡਮ) ਚੈਕਿੰਗ ਕੀਤੀ ਜਾਵੇ ਅਤੇ ਜਿਨ੍ਹਾਂ ਵਾਹਨਾਂ ਦੇ ਚਲਾਨ ਦਾ ਭੁਗਤਾਨ ਨਹੀਂ ਕੀਤਾ ਗਿਆ ਹੈ, ਉਨ੍ਹਾਂ ਨੂੰ ਜ਼ਬਤ ਕਰਨ ਲਈ ਜ਼ਰੂਰੀ ਕਾਰਵਾਈ ਕੀਤੀ ਜਾਵੇ। 'ਐੱਸ. ਰਾਜਸੀਕਰਨ ਬਨਾਮ ਭਾਰਤ ਸੰਘ' ਮਾਮਲੇ ਦੀ ਸੁਣਵਾਈ ਦੌਰਾਨ ਅਦਾਲਤ ਨੇ ਇਹ ਫੈਸਲਾ ਸੁਣਾਇਆ। ਕੇਂਦਰ ਸਰਕਾਰ ਦੁਆਰਾ ਪੇਸ਼ ਕੀਤੇ ਗਏ ਅੰਕੜਿਆਂ ਮੁਤਾਬਕ ਦੇਸ਼ ਭਰ ਵਿੱਚ ਕੁੱਲ 49,000 ਕਰੋੜ ਰੁਪਏ ਦੇ ਈ-ਚਲਾਨ ਕੱਟੇ ਗਏ ਹਨ, ਜਿਨ੍ਹਾਂ ਵਿੱਚੋਂ 26,000 ਕਰੋੜ ਰੁਪਏ ਦੀ ਵਸੂਲੀ ਹੋ ਚੁੱਕੀ ਹੈ, ਜਦਕਿ 23,000 ਕਰੋੜ ਰੁਪਏ ਤੋਂ ਵੱਧ ਦੀ ਵਸੂਲੀ ਅਜੇ ਵੀ ਬਾਕੀ ਹੈ। ਅਦਾਲਤ ਨੇ ਕਿਹਾ ਕਿ ਸਿਰਫ਼ ਈ-ਚਲਾਨ



ਕੱਟਣ ਨਾਲ ਸਮੱਸਿਆ ਦਾ ਹੱਲ ਨਹੀਂ ਹੋਵੇਗਾ, ਇਸ ਲਈ ਸਖ਼ਤ ਵਸੂਲੀ ਪ੍ਰਣਾਲੀ ਤਿਆਰ ਕਰਨੀ ਪਵੇਗੀ। ਅਦਾਲਤੀ ਫੈਸਲੇ ਅਨੁਸਾਰ ਉਨ੍ਹਾਂ ਵਾਹਨ ਚਾਲਕਾਂ ਦੀਆਂ ਗੱਡੀਆਂ ਜ਼ਬਤ ਕੀਤੀਆਂ ਜਾ ਸਕਦੀਆਂ ਹਨ ਜੋ ਵਾਰ-ਵਾਰ ਨਿਯਮ ਤੋੜਦੇ ਹਨ ਅਤੇ ਜਿਨ੍ਹਾਂ 'ਤੇ ਇੱਕ ਤੋਂ ਵੱਧ ਈ-ਚਲਾਨ ਬਕਾਇਆ ਹਨ। ਪੁਲਸ ਚੈਕਿੰਗ ਦੌਰਾਨ ਬਕਾਇਆ ਚਲਾਨ ਮਿਲਣ 'ਤੇ ਵਾਹਨ ਨੂੰ ਮੌਕੇ 'ਤੇ ਹੀ ਜ਼ਬਤ ਕੀਤਾ ਜਾ ਸਕਦਾ ਹੈ। ਚਲਾਨ ਵਸੂਲੀ ਨੂੰ ਯਕੀਨੀ ਬਣਾਉਣ ਲਈ ਸੁਪਰੀਮ ਕੋਰਟ ਨੇ ਸੂਬਿਆਂ ਨੂੰ ਹੋਰ ਵੀ ਕਈ ਸਖ਼ਤ ਉਪਾਅ ਅਪਣਾਉਣ ਦੇ ਨਿਰਦੇਸ਼ ਦਿੱਤੇ ਹਨ।

# ਦੇਸ਼ ਭਰ 'ਚ ਮਰੀਜ਼ਾਂ 'ਤੇ ਮਹਿੰਗੀਆਂ ਦਵਾਈਆਂ ਦਾ ਬੋਝ ਵਧ ਰਿਹੈ : ਜੈਰਾਮ ਰਮੇਸ਼

ਕੌਮੀ ਪਤ੍ਰਿਕਾ

ਨਵੀਂ ਦਿੱਲੀ 7 ਅਕਤੂਬਰ। ਕਾਂਗਰਸ ਨੇ ਦਾਅਵਾ ਕੀਤਾ ਕਿ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਦੇਸ਼ ਭਰ ਦੇ ਮਰੀਜ਼ਾਂ 'ਤੇ ਮਹਿੰਗੀਆਂ ਦਵਾਈਆਂ ਦਾ ਬੋਝ ਵਧ ਰਿਹਾ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲਈ ਆਪਣੇ ਸਾਮਾਨ ਪੈਕ ਕਰਨ ਦਾ ਸਮਾਂ ਤੇਜ਼ੀ ਨਾਲ ਨੇੜੇ ਆ ਰਿਹਾ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਹ ਵੀ ਸਵਾਲ ਕੀਤਾ ਕਿ ਜਦੋਂ ਕਾਨੂੰਨ ਮਰੀਜ਼ਾਂ ਨੂੰ ਰਾਹਤ ਪ੍ਰਦਾਨ ਕਰਦਾ ਹੈ ਤਾਂ ਕਾਨੂੰਨ ਨੂੰ ਲਾਗੂ ਕਰਨ 'ਚ ਦੇਰੀ ਕਿਉਂ ਹੋ ਰਹੀ ਹੈ ਅਤੇ ਮਰੀਜ਼ਾਂ ਲਈ ਸਸਤੀਆਂ ਦਵਾਈਆਂ ਕਦੋਂ ਯਕੀਨੀ ਬਣਾਈਆਂ ਜਾਣਗੀਆਂ? ਉਨ੍ਹਾਂ ਨੇ ਐਕਸ 'ਤੇ ਪੋਸਟ ਕੀਤਾ,ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਦੇਸ਼ ਭਰ ਦੇ ਮਰੀਜ਼ਾਂ 'ਤੇ ਮਹਿੰਗੀਆਂ ਦਵਾਈਆਂ ਦਾ ਬੋਝ ਵੱਧ ਰਿਹਾ ਹੈ, ਪਰ ਪ੍ਰਧਾਨ ਮੰਤਰੀ ਨੀਰੋ ਵਾਂਗ ਆਪਣੀ ਵੱਖ ਹੀ ਡਫਲੀ ਵਜਾਉਣ 'ਚ ਰੁੱਝੇ ਹੋਏ ਹਨ। ਪਾਰਟੀ ਦੇ ਜਨਰਲ ਸਕੱਤਰ ਨੇ ਦਾਅਵਾ ਕੀਤਾ ਕਿ ਦੇਸ਼ ਭਰ ਦੇ ਮਰੀਜ਼ਾਂ ਤੋਂ ਦਵਾਈਆਂ ਅਤੇ ਸਿਹਤ ਸੰਭਾਲ ਦੇ ਨਾਮ 'ਤੇ ਬਹੁਤ ਜ਼ਿਆਦਾ ਕੀਮਤਾਂ ਵਸੂਲੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ 74 ਰੁਪਏ ਦਾ ਇਕ ਟੀਕਾ 4,980 ਰੁਪਏ 'ਚ ਮਿਲਦਾ ਹੈ ਅਤੇ ਉੱਤਰ ਪ੍ਰਦੇਸ਼ 'ਚ ਸਿਹਤ ਸੰਭਾਲ ਦੇ ਨਾਮ 'ਤੇ ਮਰੀਜ਼ਾਂ ਤੋਂ 67 ਗੁਣਾ ਜ਼ਿਆਦਾ ਵਸੂਲੀ ਜਾ ਰਹੀ ਹੈ। ਰਮੇਸ਼ ਨੇ ਕਿਹਾ ਕਿ ਕੈਂਸਰ ਵਰਗੀ ਜਾਨਲੇਵਾ ਬੀਮਾਰੀ ਲਈ ਦਵਾਈ ਦੀ 21 ਦਿਨਾਂ ਦੀ ਖ਼ੁਰਾਕ ਦੀ ਕੀਮਤ ਲਗਭਗ 58,000 ਰੁਪਏ ਹੈ, ਜੋ ਕਿ ਲਗਭਗ 10 ਲੱਖ



ਰੁਪਏ ਸਾਲਾਨਾ ਖਰਚ 'ਚ ਅਨੁਵਾਦ ਕਰਦੀ ਹੈ। ਰਮੇਸ਼ ਨੇ ਕਿਹਾ ਕਿ ਸਵਾਲ ਸਿਰਫ ਦਵਾਈ ਦੀ ਕੀਮਤ ਦਾ ਨਹੀਂ ਹੈ, ਸਗੋਂ ਪਿਛਲੇ 12 ਸਾਲਾਂ ਤੋਂ ਸੱਤਾ 'ਚ ਆਈ ਸਰਕਾਰ ਦੀਆਂ ਨੀਤੀਗਤ ਤਰਜੀਹਾਂ ਦਾ ਹੈ। ਕਾਂਗਰਸ ਜਨਰਲ ਸਕੱਤਰ ਨੇ ਕਿਹਾ ਕਿ ਪੇਟੈਂਟ ਐਕਟ ਦੀਆਂ ਧਾਰਾਵਾਂ 92 ਅਤੇ 100 'ਚ ਜਨਹਿੱਤ ਅਤੇ ਸਰਕਾਰੀ ਵਰਤੋਂ ਲਈ ਉਪਬੰਧ ਮੌਜੂਦ ਹਨ।

# ਪੰਜਾਬ 'ਚ ਚੋਣਾਂ ਤੋਂ ਪਹਿਲਾਂ ਤੇਜ਼ ਹੋਈ ਹਲਚਲ ! ਡੋਰ-ਟੂ-ਡੋਰ ਕੈਂਪੇਨ ਸ਼ੁਰੂ ਕੀਤਾ ਸੁਖਬੀਰ ਬਾਦਲ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ 7 ਅਕਤੂਬਰ। ਸ਼੍ਰੋਮਣੀ ਅਕਾਲੀ ਦਲ ਨੇ ਅੱਜ ਐਲਾਨ ਕੀਤਾ ਕਿ ਆਉਂਦੀਆਂ ਵਿਧਾਨ ਸਭਾ ਚੋਣਾਂ ਲਈ ਘਰ-ਘਰ ਪ੍ਰਚਾਰ ਮੁਹਿੰਮ ਪ੍ਰੋਗਰਾਮ ਸ਼ੁਰੂ ਹੋਵੇਗਾ ਅਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ 10 ਨਵੰਬਰ ਨੂੰ ਤਲਵੰਡੀ ਸਾਬੋ ਤੋਂ ਬੱਸ ਯਾਤਰਾ ਪ੍ਰੋਗਰਾਮ ਦੀ ਸ਼ੁਰੂਆਤ। ਘਰ-ਘਰ ਪ੍ਰਚਾਰ ਮੁਹਿੰਮ ਨੂੰ ਵੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ਼ੁਰੂ ਕਰਨਗੇ ਅਤੇ ਇਹ ਅਟਾਰੀ ਤੋਂ ਸ਼ੁਰੂ ਹੋਵੇਗੀ ਤੇ ਸਾਰੇ ਵਿਧਾਨ ਸਭਾ ਹਲਕਿਆਂ ਵਿਚ ਚਲਾਈ ਜਾਵੇਗੀ, ਜਿਸ ਦੌਰਾਨ ਅਕਾਲੀ ਦਲ ਦੇ ਚੋਣ ਮਨੋਰਥ ਪੱਤਰ ਨੂੰ ਤਿਆਰ ਕਰਨ ਵਾਸਤੇ ਸੁਝਾਅ ਲਏ ਜਾਣਗੇ ਤਾਂ ਜੋ ਅਕਾਲੀ ਦਲ ਦਾ ਚੋਣ ਮਨੋਰਥ ਪੱਤਰ ਤਿਆਰ ਕੀਤਾ ਜਾ ਸਕੇ। ਇਹ ਚੋਣ ਮਨੋਰਥ ਪੱਤਰ 1 ਨਵੰਬਰ ਨੂੰ ਰਿਲੀਜ਼ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਠਿੰਡਾ ਦੇ ਐੱਮ. ਪੀ. ਹਰਸਿਮਰਤ ਕੌਰ ਬਾਦਲ 5 ਅਕਤੂਬਰ ਨੂੰ ਸ੍ਰੀ ਮੁਕਤਸਰ ਸਾਹਿਬ ਤੋਂ ਨਸ਼ਾ ਵਿਰੋਧੀ ਮਹਿਲਾ ਮੁਹਿੰਮ ਮਾਵਾਂ ਧੀਆਂ ਦਾ ਸਤਿਕਾਰ ਦਾ ਦੂਜਾ ਪੜਾਅ ਸ਼ੁਰੂ ਕਰਨਗੇ। ਇਸ ਪ੍ਰੋਗਰਾਮ ਦਾ ਨਾਂ ਮਾਵਾਂ ਧੀਆਂ ਦੀ ਲਲਕਾਰ, ਬੰਦ ਕਰੋ ਨਸ਼ਾ ਵਪਾਰ ਹੋਵਗਾ ਤੇ ਸੂਬੇ ਦੇ ਹਰ ਘਰ ਤੱਕ ਪਹੁੰਚ ਕਰੇਗੀ। ਇਸ ਦੌਰਾਨ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਜਨਮ ਦਿਹਾੜੇ 'ਤੇ 8 ਦਸੰਬਰ ਨੂੰ ਮੋਗਾ ਦੇ ਕਿੱਲੀ ਚਾਹਲਾਂ ਪਿੰਡ ਵਿਚ ਵਿਸ਼ਾਲ ਜਨਤਕ ਰੈਲੀ ਕੀਤੀ ਜਾਵੇਗੀ। ਇਹ ਐਲਾਨ ਅੱਜ ਇੱਥੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ ਤੇ ਡਾ. ਦਲਜੀਤ ਸਿੰਘ ਚੀਮਾ ਨੇ ਇਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਵੇਰਵੇ ਸਾਂਝੇ ਕਰਦਿਆਂ ਇਨ੍ਹਾਂ ਆਗੂਆਂ ਨੇ ਕਿਹਾ ਕਿ ਇਹ ਫ਼ੈਸਲੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋਈ ਹਲਕਾ ਇੰਚਾਰਜਾਂ ਤੇ ਆਬਜ਼ਰਵਰਾਂ ਦੀ ਮੀਟਿੰਗ ਵਿਚ ਹੋਏ ਫੈਸਲੇ ਮੁਤਾਬਕ ਲਏ ਗਏ ਹਨ। ਇਨ੍ਹਾਂ ਆਗੂਆਂ ਨੇ ਦੱਸਿਆ ਕਿ 6 ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਘਰ-ਘਰ ਪ੍ਰਚਾਰ ਮੁਹਿੰਮ ਦੌਰਾਨ ਲੋਕਾਂ ਤੋਂ ਰਾਏ ਲਈ ਜਾਵੇਗੀ ਕਿ ਪਾਰਟੀ ਦੇ ਚੋਣ ਮਨੋਰਥ ਵਿਚ ਕੀ-ਕੀ ਸ਼ਾਮਲ ਕੀਤਾ ਜਾਵੇ। ਇਸ ਤੋਂ ਪਹਿਲਾਂ ਚੋਣ ਮਨੋਰਥ ਪੱਤਰ ਕਮੇਟੀ ਨੇ ਪਾਰਟੀ ਦੇ ਅਨੁਸੂਚਿਤ ਜਾਤੀ ਤੇ ਪਛੜੀਆਂ ਸ਼੍ਰੇਣੀਆਂ ਵਿੰਗਾਂ ਤੋਂ ਸੁਝਾਅ ਲਏ ਤੇ ਉਹ ਕਿਸਾਨਾਂ, ਵਪਾਰੀਆਂ, ਨੌਜਵਾਨਾਂ ਤੇ ਸਰਕਾਰੀ ਮੁਲਾਜ਼ਮਾਂ ਨਾਲ ਮੀਟਿੰਗਾਂ ਦੇ ਦੌਰ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਸਾਡਾ



ਮੁੱਖ ਜ਼ੋਰ ਲੋਕਾਂ ਤੋਂ ਫੀਡਬੈਕ ਲੈਣ 'ਤੇ ਰਹੇਗਾ ਤਾਂ ਜੋ ਅਸੀਂ ਪੰਜਾਬ ਨੂੰ ਤਰੱਕੀ ਤੇ ਖ਼ੁਸ਼ਹਾਲੀ ਦੇ ਦੌਰ ਵਿਚ ਲਿਜਾ ਸਕੀਏ। ਉਨ੍ਹਾਂ ਦੱਸਿਆ ਕਿ ਇਹ ਸਾਰੇ ਪ੍ਰੋਗਰਾਮ 25 ਅਕਤੂਬਰ ਨੂੰ ਸੰਪੂਰਨ ਹੋਣਗੇ। ਭੂੰਦੜ ਤੇ ਡਾ. ਚੀਮਾ ਨੇ ਦੱਸਿਆ ਕਿ ਅਕਾਲੀ ਦਲ ਦੇ ਪ੍ਰਧਾਨ ਦੀ ਬੱਸ ਯਾਤਰਾ 10 ਨਵੰਬਰ ਨੂੰ ਤਲਵੰਡੀ ਸਾਬੋ ਤੋਂ ਸ਼ੁਰੂ ਹੋਵੇਗੀ ਜਿਸ ਦੌਰਾਨ ਸੁਖਬੀਰ ਸਿੰਘ ਬਾਦਲ ਰੋਜ਼ਾਨਾ ਦੋ ਤੋਂ ਤਿੰਨ ਹਲਕੇ ਕਵਰ ਕਰਨਗੇ। ਡਾ. ਚੀਮਾ ਨੇ ਇਹ ਵੀ ਐਲਾਨ ਕੀਤਾ ਕਿ ਪਾਰਟੀ ਅਤੇ ਇਸ ਦੇ ਆਗੂਆਂ ਦੇ ਖਿਲਾਫ ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਕੀਤੇ ਜਾਂਦੇ ਕੂੜ ਪ੍ਰਚਾਰ ਨੂੰ ਲੈ ਕੇ 10 ਮੈਂਬਰੀ ਵਕੀਲਾਂ ਦੀ ਕਮੇਟੀ ਗਠਿਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਇਸ ਕਮੇਟੀ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਹਨ ਜੋ ਪਾਰਟੀ ਦੇ ਮੁੱਖ ਬੁਲਾਰੇ ਅਰਸ਼ਦੀਪ ਸਿੰਘ ਕਲੇਰ ਨਾਲ ਸਲਾਹ ਮਸ਼ਵਰਾ ਕਰ ਕੇ ਫੈਸਲੇ ਲੈਣਗੇ। ਇਸ ਦੌਰਾਨ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ ਨੇ ਕਣਕ ਦੇ ਘੱਟੋ ਘੱਟ ਸਮਰਥਨ ਮੁੱਲ ਵਿਚ ਸਿਰਫ 25 ਰੁਪਏ ਦਾ ਵਾਧਾ ਕਰ ਕੇ 2610 ਰੁਪਏ ਪ੍ਰਤੀ ਕੁਇੰਟਲ ਭਾਅ ਤੈਅ ਕਰਨ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਇਹ ਕੀਮਤ ਕਿਸਾਨਾਂ ਦੀ ਲਾਗਤ ਮੁਤਾਬਕ ਨਹੀਂ ਹੈ ਤੇ ਪਿਛਲੇ 17 ਸਾਲਾਂ ਵਿਚ ਸਭ ਤੋਂ ਘੱਟ ਕੀਤਾ ਗਿਆ ਵਾਧਾ ਹੈ। ਭੂੰਦੜ ਨੇ ਕੇਂਦਰ ਸਰਕਾਰ ਨੂੰ ਇਸ ਫ਼ੈਸਲੇ 'ਤੇ ਮੁੜ ਵਿਚਾਰ ਕਰਨ ਅਤੇ ਇਸ ਦੀ ਫੌਰੀ ਸਮੀਖਿਆ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਖੇਤੀਬਾੜੀ ਖੇਤਰ ਨੂੰ ਬਚਾਉਣ ਵਾਸਤੇ ਅਜਿਹਾ ਜ਼ਰੂਰੀ ਹੈ ਕਿਉਂਕਿ ਇਹ ਖੇਤਰ ਬਹੁਤ ਗੰਭੀਰ ਸੰਕਟ ਵਿਚੋਂ ਲੰਘ ਰਿਹਾ ਹੈ।

# ਕਾਰੋਬਾਰੀ ਫਰਮ ਦੇ ਖ਼ਾਤੇ 'ਚੋਂ ਗਲਤੀ ਨਾਲ ਟਰਾਂਸਫ਼ਰ ਹੋਏ 50 ਲੱਖ ਰੁਪਏ ਕਰਮਚਾਰੀ ਨੇ ਹੜੱਪਣ ਦੀ ਰਚੀ ਸਾਜ਼ਿਸ਼

ਕੌਮੀ ਪਤ੍ਰਿਕਾ

ਲੁਧਿਆਣਾ 7 ਅਕਤੂਬਰ। ਇਕ ਵਪਾਰਕ ਫਰਮ ਦੇ ਬੈਂਕ ਖਾਤੇ 'ਚੋਂ ਗਲਤੀ ਨਾਲ ਟਰਾਂਸਫਰ ਕੀਤੇ ਗਏ 50 ਲੱਖ ਰੁਪਏ ਦੀ ਵੱਡੀ ਰਕਮ ਦੇ ਗਬਨ ਅਤੇ ਲੱਖਾਂ ਰੁਪਏ ਦੇ ਕਮਿਸ਼ਨ ਦਾ ਝੂਠਾ ਦਾਅਵਾ ਕਰਨ ਲਈ ਇਕ ਜਾਅਲੀ ਬਿੱਲ ਬਣਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਕਾਰੋਬਾਰੀ ਫਰਮ ਦੇ ਪੁਰਾਣੇ ਕਰਮਚਾਰੀ ਨੇ ਖ਼ਾਤੇ ਵਿਚ ਆਈ 50 ਲੱਖ ਰੁਪਏ ਦੀ ਰਕਮ ਵਾਪਸ ਕਰਨ ਦੀ ਬਜਾਏ ਆਪਣੀ ਇਕ ਪੁਰਾਣੇ ਫਰਮ 'ਤੇ 51.50 ਲੱਖ ਦਾ ਜਾਅਲੀ ਬਿੱਲ ਬਣਾ ਕੇ ਠੱਗੀ ਕਰਨ ਦੀ ਕੋਸ਼ਿਸ਼ ਕੀਤੀ। ਸੀਨੀਅਰ ਪੁਲਸ ਅਧਿਕਾਰੀਆਂ ਨੂੰ ਦਿੱਤੀ ਗਈ ਸ਼ਿਕਾਇਤ ਦੀ ਤਕਨੀਕੀ ਜਾਂਚ ਤੋਂ ਬਾਅਦ ਫੋਕਲ ਪੁਆਇੰਟ ਪੁਲਸ ਸਟੇਸ਼ਨ ਨੇ ਦੋਸ਼ੀ ਵਿਰੁੱਧ ਜਾਅਲਸਾਜ਼ੀ ਅਤੇ ਧੋਖਾਧੜੀ ਦੀਆਂ ਗੰਭੀਰ ਧਾਰਾਵਾਂ ਤਹਿਤ ਅਪਰਾਧਿਕ ਮਾਮਲਾ ਦਰਜ ਕੀਤਾ ਹੈ। ਪੁਲਸ ਰਿਕਾਰਡ ਮੁਤਾਬਕ ਇਹ ਮਾਮਲਾ ਸ਼ਿਕਾਇਤ ਕਰਤਾ ਹੈਪੀ ਗੁਪਤਾ (ਡਾਇਰੈਕਟਰ, ਮੈਸਰਜ਼ ਰਾਜਿੰਦਰਾ ਫੋਰਜ ਪ੍ਰਾਈਵੇਟ ਲਿਮਟਿਡ) ਦੁਆਰਾ ਦਾਇਰ ਕੀਤੀ ਗਈ ਸ਼ਿਕਾਇਤ ਤੋਂ ਬਾਅਦ ਸਾਹਮਣੇ ਆਇਆ, ਜਿਸ



'ਚ ਦੋਸ਼ ਲਗਾਇਆ ਗਿਆ ਸੀ ਕਿ ਸ਼ਿਕਾਇਤ ਕਰਤਾ ਫਰਮ ਦੇ ਲੇਖਾਕਾਰ ਅਮਨ ਕੁਮਾਰ ਨੇ ਅਣਜਾਣੇ 'ਚ ਬੈਂਕ ਦੇ ਕੰਮ ਦੌਰਾਨ ਗਲਤੀ ਕਰ ਦਿੱਤੀ। ਇਕ ਲੇਖਾਕਾਰ ਨੇ ਗਲਤੀ ਨਾਲ ਫਰਮ ਦੇ ਬੈਂਕ ਖ਼ਾਤੇ ਤੋਂ 50 ਲੱਖ ਰੁਪਏ ਆਨਲਾਈਨ ਫਰਮ ਦੇ ਸਾਬਕਾ ਕਰਮਚਾਰੀ ਧੀਰੇਂਦਰ ਪਾਂਡੇ ਦੇ ਬੈਂਕ ਖ਼ਾਤੇ ਵਿੱਚ ਟਰਾਂਸਫਰ ਕਰ ਦਿੱਤੇ। ਜਦੋਂ ਫਰਮ ਦੇ ਪ੍ਰਬੰਧਨ ਨੂੰ ਇਸ ਗਲਤ ਲੈਣ-ਦੇਣ ਦਾ ਪਤਾ ਲੱਗਾ ਤਾਂ ਉਨ੍ਹਾਂ ਨੇ ਤੁਰੰਤ ਧੀਰੇਂਦਰ ਪਾਂਡੇ ਨਾਲ ਸੰਪਰਕ ਕੀਤਾ ਅਤੇ ਉਸ ਨੂੰ 50 ਲੱਖ ਰੁਪਏ ਵਾਪਸ ਕਰਨ ਲਈ ਕਿਹਾ। ਹਾਲਾਂਕਿ ਦੋਸ਼ੀ ਦੀ ਨੀਅਤ ਖ਼ਰਾਬ ਹੋਣ ਕਾਰਨ ਉਸ ਨੇ ਪੈਸੇ ਵਾਪਸ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਅਤੇ ਪੈਸੇ ਹੜੱਪਣ ਲਈ ਇਕ ਚਲਾਕ ਕਾਨੂੰਨੀ ਅਤੇ ਦਸਤਾਵੇਜ਼ੀ ਸਾਜ਼ਿਸ਼ ਰਚੀ। ਦੋਸ਼ੀ ਨੇ ਦਾਅਵਾ ਕੀਤਾ ਕਿ ਜਦੋਂ ਉਹ ਫਰਮ ਲਈ ਕੰਮ ਕਰਦਾ ਸੀ, ਤਾਂ ਉਸ 'ਤੇ ਕਾਫ਼ੀ ਕਮਿਸ਼ਨ ਬਕਾਇਆ ਸੀ। ਇਸ ਗੈਰ-ਕਾਨੂੰਨੀ ਦਾਅਵੇ ਨੂੰ ਸਾਬਤ ਕਰਨ ਲਈ, ਦੋਸ਼ੀ ਧੀਰੇਂਦਰ ਪਾਂਡੇ ਨੇ 51.50 ਲੱਖ ਦਾ ਇਕ ਪੂਰੀ ਤਰ੍ਹਾਂ ਧੋਖਾਧੜੀ ਵਾਲਾ ਅਤੇ ਜਾਅਲੀ ਇਨਵੌਇਸ ਤਿਆਰ ਕੀਤਾ ਅਤੇ ਇਹ ਦਾਅਵਾ ਕਰਕੇ 50 ਲੱਖ ਨੂੰ ਗਬਨ ਕਰਨ ਦੀ ਕੋਸ਼ਿਸ਼ ਕੀਤੀ ਕਿ ਰਕਮ ਇਸ ਦੇ ਵਿਰੁੱਧ ਐਡਜਸਟ ਕੀਤੀ ਗਈ ਸੀ। ਪੁਲਸ ਅਧਿਕਾਰੀਆਂ ਨੇ ਦੋਵਾਂ ਧਿਰਾਂ ਦੇ ਖ਼ਾਤੇ, ਪਿਛਲੇ ਰਿਕਾਰਡਾਂ ਅਤੇ ਇਨਵੌਇਸਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ। ਜਾਂਚ 'ਚ ਪਤਾ ਲੱਗਾ ਕਿ ਦੋਸ਼ੀ ਦੁਆਰਾ ਜਮ੍ਹਾ ਕੀਤਾ ਗਿਆ 51.50 ਲੱਖ ਦਾ ਇਨਵੌਇਸ ਪੂਰੀ ਤਰ੍ਹਾਂ ਧੋਖਾਧੜੀ ਵਾਲਾ ਸੀ ਅਤੇ ਸਿਰਫ਼ ਗਲਤੀ ਨਾਲ ਪ੍ਰਾਪਤ ਹੋਏ 50 ਲੱਖ ਨੂੰ ਗਬਨ ਕਰਨ ਲਈ ਤਿਆਰ ਕੀਤਾ ਗਿਆ ਸੀ। ਇਸ ਤੋਂ ਬਾਅਦ ਦੋਸ਼ੀ ਵਿਰੁੱਧ ਕੇਸ ਦਰਜ ਕੀਤਾ ਗਿਆ। ਜਾਂਚ ਅਧਿਕਾਰੀ ਨੇ ਦੱਸਿਆ ਕਿ ਬੈਂਕ ਖਾਤਿਆਂ ਨੂੰ ਫ?ਰੀਜ਼ ਕਰਨ ਅਤੇ ਦੋਸ਼ੀ ਦੁਆਰਾ ਗਬਨ ਕੀਤੇ ਗਏ 50 ਲੱਖ ਨੂੰ ਵਸੂਲਣ ਲਈ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਨਾਮਜ਼ਦ ਦੋਸ਼ੀ ਨੂੰ ਗ੍ਰਿਫ਼ਤਾਰ ਕਰਨ ਲਈ ਇੱਕ ਪੁਲਿਸ ਟੀਮ ਲਖਨਊ (ਉੱਤਰ ਪ੍ਰਦੇਸ਼) ਭੇਜਣ ਦੀਆਂ ਤਿਆਰੀਆਂ ਚੱਲ ਰਹੀਆਂ ਹਨ।

### ਸੜਕ ਹਾਦਸੇ 'ਚ ਜ਼ਖਮੀ ਨੌਜਵਾਨ ਦੀ ਇਲਾਜ ਦੌਰਾਨ ਮੌਤ

ਪਠਾਨਕੋਟ 7 ਅਕਤੂਬਰ। ਬੀਤੇ ਦਿਨ ਸੈਲੀ ਰੋਡ 'ਤੇ ਵਾਪਰੇ ਸੜਕ ਹਾਦਸੇ 'ਚ ਗੰਭੀਰ ਰੂਪ 'ਚ ਜ਼ਖਮੀ ਹੋਏ 20 ਸਾਲਾ ਨੌਜਵਾਨ ਦੀ ਇਲਾਜ ਦੌਰਾਨ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਮੋਹਿਤ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਬਾੜੀ (ਰਾਜਾ ਕਾ ਤਾਲਾਬ ਨੇੜੇ, ਹਿਮਾਚਲ ਪ੍ਰਦੇਸ਼) ਵਜੋਂ ਹੋਈ ਹੈ। ਨੌਜਵਾਨ ਦੀ ਮੌਤ ਦੀ ਖ਼ਬਰ ਮਿਲਦੇ ਹੀ ਉਸ ਦੇ ਪਰਿਵਾਰ ਅਤੇ ਪਿੰਡ 'ਚ ਸੋਗ ਦੀ ਲਹਿਰ ਦੌੜ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਬੀਤੇ ਦਿਨ ਸ਼ਾਮ ਕਰੀਬ ਚਾਰ ਵਜੇ ਮੋਹਿਤ ਆਪਣੇ ਮੋਟਰਸਾਈਕਲ 'ਤੇ ਸੈਲੀ ਰੋਡ ਤੋਂ ਲੰਘ ਰਿਹਾ ਸੀ ਤਾਂ ਅਚਾਨਕ ਮੋਟਰਸਾਈਕਲ ਫਿਸਲਣ ਕਾਰਨ ਉਹ ਸੜਕ 'ਤੇ ਡਿੱਗ ਕੇ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ। ਆਸ-ਪਾਸ ਦੇ ਲੋਕਾਂ ਦੀ ਸੂਚਨਾ 'ਤੇ ਪੁਲਸ ਨੇ ਜ਼ਖਮੀ ਨੌਜਵਾਨ ਨੂੰ ਹਸਪਤਾਲ ਪਹੁੰਚਾਇਆ, ਜਿੱਥੇ ਦੇਰ ਰਾਤ ਇਲਾਜ ਦੌਰਾਨ ਉਸ ਨੇ ਦਮ ਤੋੜ ਦਿੱਤਾ। ਲੋੜੀਂਦੀ ਕਾਰਵਾਈ ਤੋਂ ਬਾਅਦ ਪਰਿਵਾਰਕ ਮੈਂਬਰ ਮ੍ਰਿਤਕ ਦੇਹ ਨੂੰ ਪਿੰਡ ਬਾੜੀ ਲੈ ਗਏ, ਜਿੱਥੇ ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਦੱਸਿਆ ਜਾ ਰਿਹਾ ਹੈ ਕਿ ਇਸ ਹਾਦਸੇ 'ਚ ਇਕ ਹੋਰ ਨੌਜਵਾਨ ਵੀ ਜ਼ਖਮੀ ਹੋਇਆ ਸੀ

# ਅੰਮ੍ਰਿਤਸਰ 'ਚ ਬੀ. ਐੱਸ. ਐੱਫ਼. ਦੀ ਵੱਡੀ ਕਾਰਵਾਈ ! ਇਕ ਕਿੱਲੋ ਹੈਰੋਇਨ ਤੇ ਡਰੋਨ ਬਰਾਮਦ

ਕੌਮੀ ਪਤ੍ਰਿਕਾ

ਅੰਮ੍ਰਿਤਸਰ 7 ਅਕਤੂਬਰ। ਅੰਮ੍ਰਿਤਸਰ 'ਚ ਬੀ. ਐੱਸ. ਐੱਫ਼. ਨੇ ਵੱਡੀ ਕਾਰਵਾਈ ਕੀਤੀ ਹੈ। ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਇਲਾਕੇ 'ਚ ਬੀ. ਐੱਸ. ਐੱਫ਼. ਨੇ ਕਰੋੜਾਂ ਦੀ ਹੈਰੋਇਨ ਅਤੇ ਡਰੋਨ ਬਰਾਮਦ ਕੀਤਾ ਹੈ। ਇਹ ਬਰਾਮਦਗੀ ਰਾਜਾਤਾਲ ਇਲਾਕੇ 'ਚ ਬੀ. ਓ. ਪੀ. ਨੇੜੇ ਕੀਤੀ ਗਈ। 181 ਬਟਾਲੀਅਨ ਦੀ 4 ਕੰਪਨੀ ਦੇ ਜਵਾਨਾਂ ਨੇ ਤਲਾਸ਼ੀ ਮੁਹਿੰਮ ਦੌਰਾਨ ਇਕ ਸ਼ੱਕੀ ਪੈਕੇਟ ਬਰਾਮਦ ਕੀਤਾ। ਪੈਕੇਟ ਦੀ ਜਾਂਚ ਕਰਨ ਮਗਰੋਂ ਉਸ ਵਿਚੋਂ ਕਰੀਬ ਇਕ ਕਿੱਲੋ ਹੈਰੋਇਨ ਮਿਲੀ। ਇਸ ਦੇ ਨਾਲ ਹੀ ਪੈਕੇਟ 'ਚ ਇਕ ਡਰੋਨ ਤੇ ਕੁਝ ਪੈਕਿੰਗ ਸਮੱਗਰੀ ਵੀ ਬਰਾਮਦ ਹੋਈ। ਪੁਲਸ ਨੇ ਅਣਪਛਾਤੇ ਵਿਅਕਤੀ ਖ਼?ਲਾਫ਼ ਕੇਸ ਦਰਜ ਕੀਤਾ ਹੈ। ਬੀ. ਐੱਸ. ਐੱਫ਼. ਵੱਲੋਂ ਪੁਲਸ ਨੂੰ ਦਿੱਤੀ ਗਈ ਸ਼ਿਕਾਇਤ ਮੁਤਾਬਕ 181 ਬਟਾਲੀਅਨ ਬੀ. ਐੱਸ. ਐੱਫ਼. ਦੀ 4 ਕੰਪਨੀ ਦੇ ਕੰਪਨੀ ਕਮਾਂਡਰ ਸੁਨੀਲ ਕੁਮਾਰ ਨੇ ਪੁਲਸ ਨੂੰ ਸ਼ਿਕਾਇਤ ਦਿੱਤੀ ਸੀ। ਸ਼ਿਕਾਇਤ ਮਿਲਣ ਤੋਂ ਬਾਅਦ ਪੁਲਸ ਨੇ ਬਰਾਮਦਗੀ ਨੂੰ ਲੈ ਕੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ। ਮਾਮਲੇ 'ਚ ਐੱਨ. ਡੀ. ਪੀ. ਐੱਸ. ਐਕਟ ਦੀਆਂ ਧਾਰਾਵਾਂ 21, 61 ਅਤੇ 85 ਤਹਿਤ ਕਾਰਵਾਈ ਕੀਤੀ ਗਈ ਹੈ। ਇਸ ਤੋਂ ਇਲਾਵਾ ਭਾਰਤੀ ਵਾਯੂਯਾਨ ਐਕਟ 2024 ਦੀਆਂ ਧਾਰਾਵਾਂ 25, 26 ਅਤੇ 29 ਵੀ ਲਗਾਈਆਂ ਗਈਆਂ ਹਨ। ਪੁਲਸ ਹੁਣ ਇਹ ਪਤਾ ਲਗਾਉਣ 'ਚ ਜੁਟੀ ਹੋਈ



ਹੈ ਕਿ ਸਰਹੱਦੀ ਇਲਾਕੇ 'ਚ ਮਿਲਿਆ ਡਰੋਨ ਕਿਸ ਦੇ ਜ਼ਰੀਏ ਉੱਥੇ ਪਹੁੰਚਿਆ ਅਤੇ ਇਸ ਦੀ ਵਰਤੋਂ ਕਿਸ ਮਕਸਦ ਲਈ ਕੀਤੀ ਜਾਣੀ ਸੀ। ਮੁੱਢਲੀ ਜਾਂਚ 'ਚ ਡਰੋਨ ਰਾਹੀਂ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਦੀ ਖੇਪ ਪਹੁੰਚਾਏ ਜਾਣ ਦਾ ਖ਼ਦਸ਼ਾ ਜਤਾਇਆ ਗਿਆ ਹੈ। ਹਾਲਾਂਕਿ ਅਜੇ ਤੱਕ ਬਰਾਮਦ ਹੈਰੋਇਨ ਅਤੇ ਡਰੋਨ ਨਾਲ ਜੁੜੇ ਕਿਸੇ ਵਿਅਕਤੀ ਦੀ ਪਛਾਣ ਨਹੀਂ ਹੋ ਸਕੀ ਹੈ। ਸੁਰੱਖਿਆ ਏਜੰਸੀਆਂ ਬਰਾਮਦ ਸਮੱਗਰੀ ਦੇ ਆਧਾਰ 'ਤੇ ਪੂਰੇ ਨੈੱਟਵਰਕ ਦੀ ਜਾਣਕਾਰੀ ਇਕੱਠੀ ਕਰਨ 'ਚ ਲੱਗੀਆਂ ਹੋਈਆਂ ਹਨ।

# ਵਿਸ਼ਵ ਹਿੰਦੂ ਪ੍ਰੀਸ਼ਦ ਦੇ ਪ੍ਰਧਾਨ ਅੰਕਿਤ ਦੇ ਘਰੋਂ ਲੱਖਾਂ ਰੁਪਏ ਦੀ ਚੋਰੀ

ਪਠਾਨਕੋਟ 7 ਅਕਤੂਬਰ। ਸ਼ਹਿਰ ਦੇ ਮੁਹੱਲਾ ਕਾਜ਼ੀਆ ਵਿਚ ਚੋਰਾਂ ਨੇ ਦਿਨ-ਦਿਹਾੜੇ ਚੋਰੀ ਕੀਤੀ। ਵਿਸ਼ਵ ਹਿੰਦੂ ਪ੍ਰੀਸ਼ਦ ਨੇ ਦੇਖਿਆ ਕਿ ਹੇਠਾਂ ਵਾਲਾ ਦਰਵਾਜ਼ਾ ਖੁੱਲ੍ਹਾ ਸੀ। ਉਸ ਨੇ ਤੁਰੰਤ ਵੀਡੀਓ ਕਾਲ ਰਾਹੀਂ ਅੰਕਿਤ ਨੂੰ ਸੂਚਿਤ ਕੀਤਾ। ਉੱਪਰ ਜਾ ਕੇ, ਉਸ



ਸ਼ਹਿਰ ਦੇ ਪ੍ਰਧਾਨ ਅੰਕਿਤ ਮਹਾਜਨ ਦੇ ਘਰ ਨੂੰ ਨਿਸ਼ਾਨਾ ਬਣਾ ਕੇ, ਉਹ ਲਗਭਗ 5 ਲੱਖ ਰੁਪਏ ਨਕਦੀ ਅਤੇ 5 ਤੋਂ 7 ਲੱਖ ਰੁਪਏ ਦੇ ਸੋਨੇ ਅਤੇ ਚਾਂਦੀ ਦੇ ਗਹਿਣੇ ਲੈ ਕੇ ਫਰਾਰ ਹੋ ਗਏ। ਆਪਣੀ ਪਛਾਣ ਲੁਕਾਉਣ ਲਈ, ਚਲਾਕ ਚੋਰ ਘਰ ਵਿਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਤੋਂ ਡੀ.ਵੀ.ਆਰ. ਵੀ ਲੈ ਗਏ। ਵਿਸ਼ਵ ਹਿੰਦੂ ਪ੍ਰੀਸ਼ਦ ਦੇ ਪ੍ਰਧਾਨ ਅੰਕਿਤ ਮਹਾਜਨ ਨੇ ਦੱਸਿਆ ਕਿ ਲਗਭਗ ਦੋ ਮਹੀਨੇ ਪਹਿਲਾਂ ਇਕ ਹਾਦਸੇ ਕਾਰਨ, ਉਹ ਇਲਾਜ ਅਤੇ ਦੇਖਭਾਲ ਲਈ ਸਾਹਿਬਜ਼ਾਦਾ ਮੁਹੱਲਾ ਵਿਚ ਆਪਣੀ ਮਾਸੀ ਦੇ ਘਰ ਰਹਿ ਰਿਹਾ ਸੀ। ਇਹ ਭੇਤ ਉਦੋਂ ਖੁੱਲ੍ਹਿਆ ਜਦੋਂ ਇਕ ਦੋਸਤ ਆਇਆ। ਅੰਕਿਤ ਮਹਾਜਨ ਨੇ ਦੱਸਿਆ ਕਿ ਸੁਰੱਖਿਆ ਕਾਰਨਾਂ ਕਰਕੇ ਉਸ ਦੇ ਪਿਤਾ ਅਤੇ ਉਸ ਦਾ ਭਤੀਜਾ ਹਰ ਰਾਤ ਘਰ ਵਿਚ ਸੌਂਦੇ ਸਨ ਅਤੇ ਸਵੇਰੇ ਆਪਣੇ-ਆਪਣੇ ਕੰਮ ਲਈ ਚਲੇ ਜਾਂਦੇ ਸਨ। ਅੰਕਿਤ ਮਹਾਜਨ ਨੇ ਦੱਸਿਆ ਕਿ ਸੋਮਵਾਰ ਸ਼ਾਮ ਨੂੰ ਚੰਡੀਗੜ੍ਹ ਤੋਂ ਇਕ ਦੋਸਤ ਉਸ ਦਾ ਹਾਲ-ਚਾਲ ਪੁੱਛਣ ਆਇਆ। ਜਦੋਂ ਉਹ ਘਰ ਪਹੁੰਚਿਆ ਤਾਂ ਉਸ ਨੇ ਅਲਮਾਰੀ ਦੇ ਤਾਲੇ ਅਤੇ ਅੰਦਰੋਂ ਦੋ ਲਾਕਰ ਟੁੱਟੇ ਹੋਏ ਪਾਏ, ਅਤੇ ਸਾਰਾ ਸਮਾਨ ਖਿੱਲਰਿਆ ਹੋਇਆ ਸੀ। ਅੰਕਿਤ ਮਹਾਜਨ ਨੇ ਕਿਹਾ ਕਿ ਉਸ ਨੇ ਘਰ ਵਿਚ ਹਾਲ ਹੀ ਵਿਚ ਇਕੱਠੇ ਕੀਤੇ ਕਮੇਟੀਆਂ ਦੇ ਲਗਭਗ 5 ਤੋਂ 6 ਲੱਖ ਰੁਪਏ ਰੱਖੇ ਸਨ। ਚੋਰਾਂ ਨੇ 6 ਤੋਲੇ ਚਾਂਦੀ ਦੀ ਚੇਨ, ਦੋ ਚਾਂਦੀ ਦੇ ਸਿੱਕੇ, ਉਸ ਦੀ ਭੈਣ ਦੀਆਂ ਕੰਨਾਂ ਦੀਆਂ ਵਾਲੀਆਂ ਅਤੇ ਗਿੱਟੇ, ਨਾਲ ਹੀ 5 ਤੋਂ 7 ਲੱਖ ਰੁਪਏ ਤੋਂ ਵੱਧ ਦੇ ਪੁਰਾਣੇ ਸੋਨੇ ਅਤੇ ਚਾਂਦੀ ਦੇ ਗਹਿਣੇ ਵੀ ਚੋਰੀ ਕਰ ਲਏ। ਚੋਰ ਚੋਰੀ ਲਈ ਵਰਤਿਆ ਜਾਣ ਵਾਲਾ 'ਸੁੰਬਾ' ਮੌਕੇ 'ਤੇ ਹੀ ਛੱਡ ਗਏ। ਚਲਾਕ ਚੋਰਾਂ ਨੇ ਗਲੀ ਨੂੰ ਕਵਰ ਕਰਨ ਲਈ ਲਗਾਏ ਗਏ ਤਿੰਨ ਕੈਮਰਿਆਂ ਤੋਂ ਰਿਕਾਰਡਿੰਗਾਂ ਨੂੰ ਨਸ਼ਟ ਕਰਨ ਦੇ ਇਰਾਦੇ ਨਾਲ ਡੀਵੀਆਰ ਨੂੰ ਉਖਾੜ ਦਿੱਤਾ। ਹਾਲਾਂਕਿ, ਚੋਰਾਂ ਦੁਆਰਾ ਦਰਵਾਜ਼ੇ ਅਤੇ ਅਲਮਾਰੀ ਦੇ ਤਾਲੇ ਤੋੜਨ ਲਈ ਵਰਤਿਆ ਜਾਣ ਵਾਲਾ ਲੋਹੇ ਦਾ ਹਥਿਆਰ (ਇਕ ਹਿਲਟੀ ਬਰਛਾ) ਮੌਕੇ 'ਤੇ ਹੀ ਰਹਿ ਗਿਆ ਸੀ ਅਤੇ ਪੁਲਸ ਨੇ ਇਸ ਨੂੰ ਜ਼ਬਤ ਕਰ ਲਿਆ ਹੈ। ਘਟਨਾ ਦੀ ਸੂਚਨਾ 112 ਨੂੰ ਦਿੱਤੀ ਗਈ, ਜਿਸ ਤੋਂ ਬਾਅਦ ਇਕ ਸਥਾਨਕ ਪੁਲਸ ਟੀਮ ਮੌਕੇ 'ਤੇ ਪਹੁੰਚੀ, ਸਥਿਤੀ ਦਾ ਮੁਲਾਂਕਣ ਕੀਤਾ ਅਤੇ ਸਬੂਤ ਇਕੱਠੇ ਕੀਤੇ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੀੜਤ ਦੇ ਬਿਆਨ ਦੇ ਆਧਾਰ 'ਤੇ, ਚੋਰੀ ਹੋਏ ਸਮਾਨ (3-4 ਲੱਖ ਰੁਪਏ ਤੋਂ ਵੱਧ ਨਕਦੀ, ਚਾਂਦੀ ਦੀਆਂ ਚੇਨਾਂ, ਕੰਨਾਂ ਦੀਆਂ ਵਾਲੀਆਂ, ਅੰਗੂਠੀਆਂ ਅਤੇ ਸਿੱਕੇ) ਦਰਜ ਕੀਤੇ ਗਏ ਹਨ। ਘਰ ਤੋਂ ਪਾਸਪੋਰਟ ਅਤੇ ਹੋਰ ਮਹੱਤਵਪੂਰਨ ਦਸਤਾਵੇਜ਼ ਸੁਰੱਖਿਅਤ ਢੰਗ ਨਾਲ ਬਰਾਮਦ ਕੀਤੇ ਗਏ ਹਨ। ਪੁਲਸ ਨੇ ਮੌਕੇ 'ਤੇ ਬਰਾਮਦ ਕੀਤੇ ਗਏ ਹਥਿਆਰ ਨੂੰ ਜ਼ਬਤ ਕਰ ਲਿਆ ਹੈ, ਅਣਪਛਾਤੇ ਚੋਰਾਂ ਵਿਰੁੱਧ ਕੇਸ ਦਰਜ ਕੀਤਾ ਹੈ ਅਤੇ ਚੋਰਾਂ ਦੀ ਭਾਲ ਲਈ ਇਲਾਕੇ ਵਿਚ ਸੀ.ਸੀ.ਟੀ.ਵੀ. ਫੁਟੇਜ ਦੀ ਜਾਂਚ ਕਰ ਰਹੀ ਹੈ।

# ਮੰਡੀਆਂ ਤੇ ਫੋਕਲ ਪੁਆਇੰਟਾਂ 'ਚ ਪਏ ਕਣਕ ਦੇ ਅੰਬਾਰ ਤੁਰੰਤ ਹਟਾ ਕੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਨ ਦੀ ਮੰਗ

ਕੌਮੀ ਪਤ੍ਰਿਕਾ

ਸ੍ਰੀ ਹਰਗੋਬਿੰਦਪੁਰ 7 ਅਕਤੂਬਰ। ਮਾਝਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਨੇ ਮੰਡੀਆਂ ਵਿਚ ਝੋਨੇ ਦੀ ਫ਼ਸਲ ਪਹੁੰਚਣ ਦੇ ਬਾਵਜੂਦ ਸਰਕਾਰੀ ਖਰੀਦ ਸ਼ੁਰੂ ਨਾ ਹੋਣ 'ਤੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਤੁਰੰਤ ਖਰੀਦ ਪ੍ਰਬੰਧ ਮੁਕੰਮਲ ਕਰਨ ਦੀ ਮੰਗ ਕੀਤੀ ਹੈ। ਬਲਵਿੰਦਰ ਸਿੰਘ ਰਾਜੂ ਨੇ ਕਿਹਾ ਕਿ ਕਈ ਕਿਸਾਨਾਂ ਦਾ ਝੋਨਾ ਪੱਕ ਕੇ ਮੰਡੀਆਂ ਅਤੇ ਫੋਕਲ ਪੁਆਇੰਟਾਂ ਵਿਚ ਪਹੁੰਚਣਾ ਸ਼ੁਰੂ ਹੋ ਗਿਆ ਹੈ ਪਰ ਸਰਕਾਰੀ ਖਰੀਦ ਚਾਲੂ ਨਾ ਹੋਣ ਕਾਰਨ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿਸਾਨਾਂ ਨੂੰ ਸਮੇਂ ਤੋਂ ਪਹਿਲਾਂ ਝੋਨਾ ਲਗਾਉਣ ਦੀ ਮਨਜ਼ੂਰੀ ਦਿੱਤੀ ਗਈ ਸੀ ਤਾਂ ਮੰਡੀਆਂ ਵਿਚ ਆਉਣ ਵਾਲੀ ਫ਼ਸਲ ਦੀ ਖਰੀਦ ਲਈ ਵੀ ਸਰਕਾਰ ਨੂੰ ਪਹਿਲਾਂ ਤੋਂ ਪੂਰੇ ਪ੍ਰਬੰਧ ਕਰਨੇ ਚਾਹੀਦੇ ਸਨ। ਉਨ੍ਹਾਂ ਮੰਗ ਕੀਤੀ ਕਿ ਮੰਡੀਆਂ ਅਤੇ ਫੋਕਲ ਪੁਆਇੰਟਾਂ ਵਿਚ ਪਏ ਕਣਕ ਦੇ ਅੰਬਾਰ ਤੁਰੰਤ ਹਟਾ ਕੇ ਥਾਂ ਖਾਲੀ ਕਰਵਾਈ ਜਾਵੇ ਤਾਂ ਜੋ ਝੋਨੇ ਦੀ ਫ਼ਸਲ ਲਈ ਲੋੜੀਂਦੀ ਜਗ?ਹਾ ਮੁਹੱਈਆ ਹੋ ਸਕੇ। ਇਸ ਦੇ ਨਾਲ ਹੀ ਝੋਨੇ ਦੀ ਸਰਕਾਰੀ ਖਰੀਦ ਤੁਰੰਤ ਸ਼ੁਰੂ ਕਰਵਾਈ ਜਾਵੇ।ਕਿਸਾਨ ਆਗੂ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਲੈ ਕੇ ਮੰਡੀਆਂ ਵਿਚ ਲੰਮਾ ਸਮਾਂ ਖੜ੍ਹੇ ਰਹਿਣ ਲਈ ਮਜਬੂਰ ਨਾ ਕੀਤਾ ਜਾਵੇ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀ ਫ਼ਸਲ ਦੀ ਸਰਕਾਰੀ ਭਾਅ 'ਤੇ ਪਾਰਦਰਸ਼ੀ ਢੰਗ ਨਾਲ ਖਰੀਦ ਯਕੀਨੀ ਬਣਾਈ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਕਥਿਤ ਕਟੌਤੀ ਜਾਂ ਗੈਰ-ਕਾਨੂੰਨੀ ਵਸੂਲੀ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ। ਬਲਵਿੰਦਰ ਸਿੰਘ ਰਾਜੂ ਨੇ ਕਿਹਾ ਕਿ ਕਿਸਾਨਾਂ ਦੀ ਫ਼ਸਲ ਦੀ ਖਰੀਦ ਵਿਚ ਕਿਸੇ ਵੀ



ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀ ਸਮੱਸਿਆ ਦਾ ਤੁਰੰਤ ਹੱਲ ਕਰਦੇ ਹੋਏ ਮੰਡੀਆਂ ਵਿਚ ਸੁਚਾਰੂ ਖਰੀਦ ਪ੍ਰਬੰਧ ਯਕੀਨੀ ਬਣਾਉਣੇ ਚਾਹੀਦੇ ਹਨ। ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਨੇ ਚਿਤਾਵਨੀ ਦਿੱਤੀ ਕਿ ਜੇਕਰ ਝੋਨੇ ਦੀ ਸਰਕਾਰੀ ਖਰੀਦ ਅਤੇ ਮੰਡੀਆਂ ਨਾਲ ਸਬੰਧਤ ਸਮੱਸਿਆਵਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਕਿਸਾਨ ਜਥੇਬੰਦੀ ਵੱਲੋਂ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਦਾ ਰਾਹ ਅਖ਼ਤਿਆਰ ਕੀਤਾ ਜਾਵੇਗਾ।

## ਪੰਜਾਬ ਦੇ ਪਿੰਡ ਪੰਜਵੜ 'ਚ ਐੱਨ. ਆਈ. ਏ. ਦੀ ਦਸਤਕ

ਤਰਨਤਾਰਨ 7 ਅਕਤੂਬਰ। ਬੀਤੇ ਅਪ੍ਰੈਲ ਮਹੀਨੇ ਵਿਚ ਸ਼ੰਭੂ ਰੇਲ ਟਰੈਕ ਬੰਬ ਧਮਾਕੇ ਵਿਚ ਮਾਰੇ ਗਏ ਜਗਰੂਪ ਸਿੰਘ ਨਿਵਾਸੀ ਪਿੰਡ ਪੰਜਵੜ ਦੇ ਘਰ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (ਐੱਨਆਈਏ) ਦੀ ਟੀਮ ਵੱਲੋਂ ਦਸਤਕ ਦਿੱਤੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਸੂਤਰਾਂ ਮੁਤਾਬਕ ਵਿਧਾਨ ਸਭਾ ਹਲਕਾ ਤਰਨਤਾਰਨ ਅਧੀਨ ਆਉਂਦੇ ਪਿੰਡ ਪੰਜਵੜ ਵਿਖੇ ਜਗਰੂਪ ਸਿੰਘ ਪੁੱਤਰ ਲਖਵਿੰਦਰ ਸਿੰਘ ਦੇ ਘਰ ਵਿਚ ਵੀਰਵਾਰ ਸਵੇਰੇ ਐੱਨਆਈਏ ਦੀ ਟੀਮ ਵੱਲੋਂ ਅਚਾਨਕ ਦਸਤਕ ਦਿੱਤੀ ਗਈ। ਗੱਡੀਆਂ ਵਿਚ ਸਵਾਰ ਆਏ ਕਰੀਬ ਅੱਠ ਤੋਂ 10 ਵਿਅਕਤੀਆਂ ਵੱਲੋਂ ਘਰ ਦੇ ਸਮੂਹ ਮੈਂਬਰਾਂ ਜਿਨ੍ਹਾਂ ਵਿਚ ਜਗਰੂਪ ਸਿੰਘ ਦੀ ਮਾਂ ਪਤਨੀ ਚਾਚਾ ਅਤੇ ਹੋਰ ਪਰਿਵਾਰਕ ਮੈਂਬਰਾਂ ਪਾਸੋਂ ਕੁਝ ਘੰਟੇ ਤੱਕ ਬਾਰੀਕੀ ਨਾਲ ਪੁੱਛਗਿਛ ਕੀਤੀ ਗਈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਵਿਦੇਸ਼ ਵਿਚ ਬੈਠੇ ਦੇਸ਼ ਵਿਰੋਧੀ ਅਨਸਰਾਂ ਵੱਲੋਂ ਜਗਰੂਪ ਸਿੰਘ ਅਤੇ ਉਸਦੇ ਪਰਿਵਾਰਿਕ ਮੈਂਬਰਾਂ ਨੂੰ ਕਥਿਤ ਤੌਰ ਉੱਪਰ ਫੰਡਿੰਗ ਕੀਤੇ ਜਾਣ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਇਸ ਦੇ ਚੱਲਦਿਆਂ ਜਗਰੂਪ ਸਿੰਘ ਦੀ ਪਤਨੀ ਅਤੇ ਹੋਰ ਪਰਿਵਾਰਿਕ ਮੈਂਬਰਾਂ ਦੇ ਮੋਬਾਈਲ ਅਤੇ ਕੁਝ ਦਸਤਾਵੇਜ਼ਾਂ ਨੂੰ ਟੀਮ ਆਪਣੇ ਨਾਲ ਲੈ ਗਈ ਹੈ। ਪਰਿਵਾਰਿਕ ਮੈਂਬਰਾਂ ਪਾਸੋਂ ਗੰਭੀਰਤਾ ਨਾਲ ਪੁੱਛਗਿੱਛ ਕਰਨ ਤੋਂ ਬਾਅਦ ਟੀਮ ਵਾਪਸ ਪਰਤ ਗਈ। ਇਸ ਸਬੰਧੀ ਪੁਲਸ ਤੱਕ ਨੂੰ ਵੀ ਭਿਣਕ ਨਹੀਂ ਲੱਗਣ ਦਿੱਤੀ ਗਈ।

## ਅੰਮ੍ਰਿਤਸਰ 'ਚ ਫੜ੍ਹੇ ਗਏ ਹਥਿਆਰਾਂ ਸਣੇ 5 ਮੁਲਜ਼ਮ, ਕਰੋੜਾਂ ਦੀ ਹੈਰੋਇਨ ਵੀ ਬਰਾਮਦ

ਅੰਮ੍ਰਿਤਸਰ 7 ਅਕਤੂਬਰ। ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਵੱਲੋਂ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਤਿੰਨ ਨੈੱਟਵਰਕਾਂ ਦਾ ਪਰਦਾਫ਼ਾਸ਼ ਕੀਤਾ ਗਿਆ ਹੈ। ਇਸ ਦੌਰਾਨ 5 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 13 ਪਿਸਤੌਲਾਂ, 3.267 ਕਿੱਲੋਗ੍ਰਾਮ ਹੈਰੋਇਨ ਅਤੇ 22 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ 'ਚ ਸ਼ਾਮਲ ਹਨ। ਅੰਮ੍ਰਿਤਸਰ ਦੇ ਥਾਣਾ ਡੀ-ਡਿਵੀਜ਼ਨ ਅਤੇ ਥਾਣਾ ਛੇਹਰਟਾ ਵਿਖੇ ਵੱਖ-ਵੱਖ ਐੱਫ਼. ਆਈ. ਆਰ. ਦਰਜ ਕੀਤੀ ਗਈ ਹੈ। ਇਸ ਦੇ ਪਿਛਲੇ ਅਤੇ ਅਗਲੇ ਸਬੰਧਾਂ ਦਾ ਪਰਦਾਫ਼ਾਸ਼ ਕਰਨ ਅਤੇ ਨੈੱਟਵਰਕ 'ਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਦੀ ਜਾਣਕਾਰੀ ਡੀ .ਜੀ. ਪੀ. ਗੌਰਵ ਯਾਦਵ ਵੱਲੋਂ ਦਿੱਤੀ ਗਈ ਹੈ। ਪੰਜਾਬ ਪੁਲਸ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੇ ਨੈੱਟਵਰਕਾਂ ਨੂੰ ਖ਼ਤਮ ਕਰਨ ਅਤੇ ਪੰਜਾਬ ਨੂੰ ਇਕ ਸੁਰੱਖਿਅਤ ਅਤੇ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਚਨਬੱਧ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਅੱਗੇ ਵਧਣ ਦੇ ਨਾਲ ਇਸ ਮਾਮਲੇ 'ਚ ਹੋਰ ਵੀ ਖ਼ੁਲਾਸੇ ਹੋਣ ਦੀ ਸੰਭਾਵਨਾ ਹੈ।

# ਸੜਕ ਹਾਦਸੇ 'ਚ ਜਾਨ ਗੁਆਉਣ ਵਾਲੀ ਔਰਤ ਦੇ ਪਰਿਵਾਰ ਨੂੰ ਵੱਡੀ ਰਾਹਤ, ਮੁਆਵਜ਼ਾ 9.80 ਤੋਂ ਵਧਾ ਕੇ ਕੀਤਾ 22.62 ਲੱਖ

ਕੌਮੀ ਪਤ੍ਰਿਕਾ

ਚੰਡੀਗੜ੍ਹ 7 ਅਕਤੂਬਰ। ਸੜਕ ਹਾਦਸੇ 'ਚ ਪਤਨੀ ਅਤੇ ਮਾਂ ਨੂੰ ਗੁਆਉਣ ਵਾਲੇ ਪਰਿਵਾਰ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਵੱਡੀ ਰਾਹਤ ਦਿੰਦਿਆਂ ਮੋਟਰ ਐਕਸੀਡੈਂਟ ਕਲੇਮਜ਼ ਟ੍ਰਿਬਿਊਨਲ ਦੁਆਰਾ ਤੈਅ 9.80 ਲੱਖ ਰੁਪਏ ਦੇ ਮੁਆਵਜ਼ੇ ਨੂੰ ਵਧਾ ਕੇ 22.62 ਲੱਖ ਰੁਪਏ ਕਰ ਦਿੱਤਾ। ਅਦਾਲਤ ਨੇ ਸਪੱਸ਼ਟ ਕੀਤਾ ਕਿ ਮ੍ਰਿਤਕ ਦੀ ਸਿਰਫ਼ ਨੌਕਰੀ ਤੋਂ ਮਿਲਣ ਵਾਲੀ ਆਮਦਨ ਨੂੰ ਆਧਾਰ ਬਣਾ ਕੇ ਮੁਆਵਜ਼ਾ ਤੈਅ ਨਹੀਂ ਕੀਤਾ ਜਾ ਸਕਦਾ। ਉਹ ਪਤਨੀ ਤੇ ਦੋ ਸਕੂਲ ਜਾਣ ਵਾਲੇ ਬੱਚਿਆਂ ਦੀ ਮਾਂ ਹੋਣ ਦੇ ਨਾਲ-ਨਾਲ ਪਰਿਵਾਰ ਦੀ ਦੇਖਭਾਲ ਦੀ ਜ਼ਿੰਮੇਵਾਰੀ ਵੀ ਨਿਭਾ ਰਹੀ ਸੀ। ਇਸ ਘਰੇਲੂ ਯੋਗਦਾਨ ਨੂੰ ਵੀ ਮੁਆਵਜ਼ੇ ਦੇ ਮੁਲਾਂਕਣ ਦੌਰਾਨ ਧਿਆਨ 'ਚ ਰੱਖਣਾ ਹੋਵੇਗਾ। ਨਾਲ ਹੀ ਅਦਾਲਤ ਨੇ ਬੱਸ ਡਰਾਈਵਰ ਕੋਲ ਭਾਰੀ ਵਾਹਨ ਚਲਾਉਣ ਦਾ ਲਾਈਸੈਂਸ ਨਾ ਮਿਲਣ 'ਤੇ ਬੀਮਾ ਕੰਪਨੀ ਨੂੰ ਡਰਾਈਵਰ ਅਤੇ ਵਾਹਨ ਮਾਲਕ ਤੋਂ ਮੁਆਵਜ਼ੇ ਦੀ ਰਕਮ ਵਸੂਲਣ ਦਾ ਅਧਿਕਾਰ ਦੇ ਦਿੱਤਾ। ਮਾਮਲਾ 20 ਅਕਤੂਬਰ, 2010 ਦਾ ਹੈ। ਰਾਕੇਸ਼ ਕੁਮਾਰ ਆਪਣੀ ਪਤਨੀ ਮੀਨਾ ਠਾਕੁਰ ਨਾਲ ਸਕੂਟਰ 'ਤੇ ਚੰਡੀਗੜ੍ਹ ਸੈਕਟਰ-35 ਸਥਿਤ ਘਰ ਜਾ ਰਿਹਾ ਸੀ। ਦੁਪਹਿਰ 3:15 ਵਜੇ ਦੇ ਕਰੀਬ ਕਿਸਾਨ ਭਵਨ ਚੌਕ ਨੇੜੇ ਪਿੱਛੇ ਤੋਂ ਆ ਰਹੀ ਬੱਸ ਨੇ ਉਨ੍ਹਾਂ ਦੇ ਸਕੂਟਰ ਨੂੰ ਟੱਕਰ




ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮੀਨਾ ਠਾਕੁਰ ਸੜਕ 'ਤੇ ਡਿੱਗ ਪਈ ਅਤੇ ਬੱਸ ਦੇ ਅਗਲੇ ਖੱਬੇ ਪਹੀਏ ਹੇਠਾਂ ਆ ਗਈ। ਉਸ ਨੂੰ ਸੈਕਟਰ-16 ਸਥਿਤ ਸਰਕਾਰੀ ਮਲਟੀ ਸਪੈਸ਼ਲਿਟੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਹਾਦਸੇ ਸਮੇਂ ਮੀਨਾ ਠਾਕੁਰ ਦੀ ਉਮਰ 35 ਸਾਲ ਸੀ। ਉਹ ਪੰਚਕੂਲਾ ਦੇ ਉਦਯੋਗਿਕ ਖੇਤਰ ਸਥਿਤ ਇਕ ਕੰਪਨੀ 'ਚ ਰਿਸੈਪਸ਼ਨਿਸਟ ਵਜੋਂ ਕੰਮ ਕਰਦੀ ਸੀ ਅਤੇ ਨੌਂ ਹਜ਼ਾਰ ਰੁਪਏ ਮਹੀਨਾਵਾਰ ਤਨਖ਼ਾਹ ਲੈ ਰਹੀ ਸੀ। ਜਸਟਿਸ ਅਮਰਜੋਤ ਭੱਟੀ ਨੇ ਰਾਕੇਸ਼ ਕੁਮਾਰ ਅਤੇ ਹੋਰਨਾਂ ਅਤੇ ਨੈਸ਼ਨਲ ਇੰਸ਼ੋਰੈਂਸ ਕੰਪਨੀ ਲਿਮਟਿਡ ਦੀਆਂ ਅਪੀਲਾਂ 'ਤੇ ਫ਼ੈਸਲਾ ਸੁਣਾਇਆ। ਅਦਾਲਤ ਨੇ ਦੇਖਿਆ ਕਿ ਟ੍ਰਿਬਿਊਨਲ ਨੇ ਮ੍ਰਿਤਕਾ ਦੀ ਆਮਦਨ ਸਿਰਫ਼ ਨੌਂ ਹਜ਼ਾਰ ਰੁਪਏ ਮਾਸਿਕ ਮੰਨੀ ਸੀ ਜਦਕਿ ਉਹ ਪਤੀ ਤੇ 11 ਸਾਲ ਦੀ ਧੀ ਅਤੇ ਨੌਂ ਸਾਲ ਦੇ ਬੇਟੇ ਦੀ ਦੇਖਭਾਲ ਵੀ ਕਰ ਰਹੀ ਸੀ। ਹਾਈ ਕੋਰਟ ਨੇ ਉਸ ਦੀ ਆਮਦਨ 'ਚ ਘਰੇਲੂ ਜ਼ਿੰਮੇਵਾਰੀਆਂ ਲਈ ਤਿੰਨ ਹਜ਼ਾਰ ਰੁਪਏ ਜੋੜ ਕੇ ਮਾਸਿਕ ਆਮਦਨ 12 ਹਜ਼ਾਰ ਰੁਪਏ ਮੰਨੀ। ਇਸ ਤੋਂ ਬਾਅਦ ਭਵਿੱਖ ਦੀ ਆਮਦਨ 'ਚ 50 ਪ੍ਰਤੀਸ਼ਤ ਵਾਧਾ ਜੋੜਦਿਆਂ ਮਾਸਿਕ ਆਮਦਨ 16,500 ਰੁਪਏ ਤੈਅ ਕੀਤੀ। 35 ਸਾਲ ਦੀ ਉਮਰ ਦੇ ਆਧਾਰ 'ਤੇ 16 ਦਾ ਗੁਣਕ ਲਗਾ ਕੇ ਨਿਰਭਰਤਾ ਦੀ ਰਕਮ 21.12 ਲੱਖ ਰੁਪਏ ਤੈਅ ਕੀਤੀ ਗਈ। ਇਸ ਤੋਂ ਇਲਾਵਾ ਕੰਸੋਰਟੀਅਮ, ਜਾਇਦਾਦ ਦੇ ਨੁਕਸਾਨ ਤੇ ਅੰਤਮ ਸੰਸਕਾਰ ਦੇ ਖ਼ਰਚਿਆਂ 'ਚ ਰਕਮ ਜੋੜ ਕੇ ਕੁੱਲ ਮੁਆਵਜ਼ਾ 22.62 ਲੱਖ ਰੁਪਏ ਕੀਤਾ ਗਿਆ। ਬੀਮਾ ਕੰਪਨੀ ਨੇ ਵੀ ਟ੍ਰਿਬਿਊਨਲ ਦੇ ਫ਼ੈਸਲੇ ਨੂੰ ਹਾਈ ਕੋਰਟ 'ਚ ਚੁਣੌਤੀ ਦਿੱਤੀ ਸੀ। ਉਸ ਦਾ ਕਹਿਣਾ ਸੀ ਕਿ ਬੱਸ ਡਰਾਈਵਰ ਪੰਚਕ ਨਾਮਗਿਆਲ ਕੋਲ ਭਾਰੀ ਯਾਤਰੀ ਵਾਹਨ ਚਲਾਉਣ ਦਾ ਲਾਈਸੈਂਸ ਨਹੀਂ ਸੀ। ਮਾਮਲੇ ਦੀ ਜਾਂਚ ਦੌਰਾਨ ਲੇਹ ਦੇ ਏ.ਆਰ.ਟੀ.ਓ. ਦੀ ਗਵਾਹੀ ਸਾਹਮਣੇ ਆਈ। ਉਨ੍ਹਾਂ ਦੱਸਿਆ ਕਿ ਡਰਾਈਵਰ ਦਾ ਲਾਈਸੈਂਸ ਹਲਕੇ ਆਵਾਜਾਈ ਵਾਹਨਾਂ ਅਤੇ ਜਨਤਕ ਸੇਵਾ ਵਾਹਨਾਂ ਲਈ ਤਸਦੀਕ ਸੀ ਪਰ ਭਾਰੀ ਵਾਹਨ ਚਲਾਉਣ ਲਈ ਨਹੀਂ ਸੀ। ਅਦਾਲਤ ਨੇ ਇਸ ਗਵਾਹੀ ਨੂੰ ਮਹੱਤਵਪੂਰਨ ਮੰਨਦਿਆਂ ਕਿਹਾ ਕਿ ਟ੍ਰਿਬਿਊਨਲ ਨੇ ਇਸ ਨੂੰ ਸਹੀ ਢੰਗ ਨਾਲ ਨਹੀਂ ਦੇਖਿਆ। ਹਾਈ ਕੋਰਟ ਨੇ ਬੀਮਾ ਕੰਪਨੀ ਦੀ ਅਪੀਲ ਵੀ ਸਵੀਕਾਰ ਕਰ ਲਈ। ਅਦਾਲਤ ਨੇ ਬੀਮਾ ਕੰਪਨੀ ਨੂੰ ਡਰਾਈਵਰ ਤੇ ਵਾਹਨ ਮਾਲਕ ਵਿਰੁੱਧ ਮੁਆਵਜ਼ੇ ਦੀ ਰਾਸ਼ੀ ਵਸੂਲੀ ਦਾ ਅਧਿਕਾਰ ਦਿੱਤਾ। ਇਸ ਤਰ੍ਹਾਂ ਮ੍ਰਿਤਕਾ ਦੇ ਪਰਿਵਾਰ ਦੇ ਹੱਕ 'ਚ ਮੁਆਵਜ਼ੇ ਵਜੋਂ ਲਗਭਗ 12.81 ਲੱਖ ਰੁਪਏ ਦੀ ਵਾਧੂ ਰਕਮ ਮਨਜ਼ੂਰ ਕੀਤੀ ਗਈ, ਜੋ ਕਿ ਅਪੀਲ ਦੀ ਮਿਤੀ ਤੋਂ ਭੁਗਤਾਨ ਤੱਕ ਟ੍ਰਿਬਿਊਨਲ ਦੁਆਰਾ ਤੈਅ ਵਿਆਜ ਸਮੇਤ ਦੇਣੀ ਹੋਵੇਗੀ।

## ਵਿਆਹ ਸਮਾਗਮ ਦੌਰਾਨ ਹੋਈ ਤਕਰਾਰ ਨੇ ਲਿਆ ਖ਼ੂਨੀ ਰੂਪ, ਘਰ 'ਚ ਵੜ ਕੇ ਪਰਿਵਾਰ 'ਤੇ ਹਮਲਾ

ਗੁਰਦਾਸਪੁਰ 7 ਅਕਤੂਬਰ। ਥਾਣਾ ਦੀਨਾਨਗਰ ਦੇ ਪਿੰਡ ਅਵਾਂਖਾ ਵਿਖੇ ਵਿਆਹ ਸਮਾਗਮ ਦੌਰਾਨ ਹੋਈ ਤਕਰਾਰ ਤੋਂ ਬਾਅਦ ਘਰ ਵਿੱਚ ਦਾਖਲ ਹੋ ਕੇ ਹਮਲਾ ਕਰਨ ਦੇ ਦੋਸ਼ ਹੇਠ 15 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਥਾਣਾ ਮੁਖੀ ਸੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨ ਵਿੱਚ ਅਮਨਦੀਪ ਪੁੱਤਰ ਕੁਲਦੀਪ ਰਾਜ ਵਾਸੀ ਅਵਾਂਖਾ ਨੇ ਦੱਸਿਆ ਕਿ 20/21 ਸਤੰਬਰ ਦੀ ਦਰਮਿਆਨੀ ਰਾਤ ਨੂੰ ਪਿੰਡ ਵਿੱਚ ਵਿਆਹ ਸਮਾਗਮ ਚੱਲ ਰਿਹਾ ਸੀ ਅਤੇ ਡੀ.ਜੇ. ਲੱਗਾ ਹੋਇਆ ਸੀ। ਇਸ ਦੌਰਾਨ ਉਸ ਦੀ ਕੁਝ ਵਿਅਕਤੀਆਂ ਨਾਲ ਮਾਮੂਲੀ ਤਕਰਾਰ ਹੋ ਗਈ। ਬਿਆਨਕਰਤਾ ਅਨੁਸਾਰ ਤਕਰਾਰ ਤੋਂ ਬਾਅਦ ਉਹ ਆਪਣੇ ਘਰ ਚਲਾ ਗਿਆ ਪਰ ਕੁਝ ਸਮੇਂ ਬਾਅਦ ਉਕਤ ਵਿਅਕਤੀ ਵੀ




ਉਸ ਦੇ ਘਰ ਪਹੁੰਚ ਗਏ ਅਤੇ ਕਥਿਤ ਤੌਰ 'ਤੇ ਘਰ ਵਿੱਚ ਦਾਖਲ ਹੋ ਕੇ ਦਸਤੀ ਹਥਿਆਰਾਂ ਨਾਲ ਉਸ 'ਤੇ ਹਮਲਾ ਕਰ ਦਿੱਤਾ। ਇਸ ਦੌਰਾਨ ਅਮਨਦੀਪ ਤੋਂ ਇਲਾਵਾ ਉਸ ਦੀ ਮਾਤਾ ਅਤੇ ਪਤਨੀ ਨੂੰ ਵੀ ਸੱਟਾਂ ਲੱਗਣ ਕਾਰਨ ਜ਼ਖ਼ਮੀ ਹੋਣ ਦੀ ਗੱਲ ਕਹੀ ਗਈ ਹੈ। ਪੁਲਸ ਨੇ ਅਮਨਦੀਪ ਦੇ ਬਿਆਨਾਂ ਦੇ ਆਧਾਰ 'ਤੇ ਸੋਰਵ , ਲਵ, ਗੋਰੀ ਵਾਸੀਆਨ ਡੀਡਾ ਸਾਸੀਆ, ਬੱਬੂ ਵਾਸੀ ਛੰਨੀ ਬੇਲੀ, ਅਮਰ, ਸੀਲਾ, ਤਨਿਸ , ਸਾਜਨ ਵਾਸੀਆਨ ਅਵਾਂਖਾ, ਹਰਦੀਪ ਵਾਸੀ ਗਾਧੀਆ, ਰਿੰਕੂ ਵਾਸੀ ਅਵਾਂਖਾ, ਲੱਬਾ ਵਾਸੀ ਪਨਿਆੜ, ਰੋਹਿਤ ਦਾ ਭਰਾ ਵਾਸੀ ਝੱਖੜ ਪਿੰਡੀ ਅਤੇ ਤਿੰਨ ਔਰਤਾਂ ਪ੍ਰਿਆ, ਵਾਸੀਆਨ ਅਵਾਂਖਾ ਅਤੇ ਸਫਾ ਵਾਸੀ ਪਨਿਆੜ ਅਤੇ ਪ੍ਰਿਆ ਸਮੇਤ ਕੁੱਲ 15 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਘਟਨਾ ਸਬੰਧੀ ਅਗਲੀ ਕਾਰਵਾਈ ਜਾਰੀ ਹੈ।

# ਕਪੂਰਥਲਾ 'ਚ ਅਵਾਰਾ ਕੁੱਤੇ ਦਾ ਆਤੰਕ, 6 ਮਾਸੂਮ ਬੱਚਿਆਂ ਸਣੇ ਕਰੀਬ 15 ਲੋਕਾਂ ਨੂੰ ਬੁਰੀ ਤਰ੍ਹਾਂ ਵੱਢਿਆ

ਕੌਮੀ ਪਤ੍ਰਿਕਾ

ਕਪੂਰਥਲਾ 7 ਅਕਤੂਬਰ। ਕਪੂਰਥਲਾ ਦੇ ਮਾਰਕਫੈੱਡ ਨੇੜੇ ਪੈਂਦੇ ਰਿਹਾਇਸ਼ੀ ਇਲਾਕਿਆਂ 'ਚ ਇਕ ਅਵਾਰਾ ਕੁੱਤੇ ਨੇ ਜ਼ਬਰਦਸਤ ਆਤੰਕ ਮਚਾ ਦਿੱਤਾ। ਇਕ ਕਾਲੇ ਰੰਗ ਦੇ ਕੁੱਤੇ ਨੇ ਰਸਤੇ 'ਚ ਆਉਣ ਵਾਲੇ 6 ਛੋਟੇ ਬੱਚਿਆਂ ਸਮੇਤ ਤਕਰੀਬਨ 15 ਲੋਕਾਂ 'ਤੇ ਅਚਾਨਕ ਹਮਲਾ ਬੋਲ ਕੇ ਉਨ੍ਹਾਂ ਨੂੰ ਬੁਰੀ ਤਰ੍ਹਾਂ ਲਹੂ-ਲੁਹਾਣ ਕਰ ਦਿੱਤਾ। ਇਸ ਅਚਾਨਕ ਵਾਪਰੀ ਘਟਨਾ ਮਗਰੋਂ ਸਮੁੱਚੇ ਇਲਾਕੇ ਦੇ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਹੈ। ਸਾਰੇ ਜ਼ਖ਼ਮੀਆਂ ਨੂੰ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਸਥਾਨਕ ਲੋਕਾਂ ਵੱਲੋਂ ਤੁਰੰਤ ਮੈਡੀਕਲ ਸਹਾਇਤਾ ਲਈ ਸਿਵਲ ਹਸਪਤਾਲ ਕਪੂਰਥਲਾ ਪਹੁੰਚਾਇਆ ਗਿਆ, ਜਿੱਥੇ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਉਨ੍ਹਾਂ ਦਾ ਇਲਾਜ ਕੀਤਾ ਜਾ ਰਿਹਾ ਹੈ। ਮਿਲੀ ਜਾਣਕਾਰੀ ਮੁਤਾਬਕ ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿਖੇ ਡਿਊਟੀ 'ਤੇ ਤਾਇਨਾਤ ਡਾਕਟਰ ਜਸ਼ਨ ਅਤੇ ਡਾਕਟਰ ਯੁਕਤਾ ਨੇ ਦੱਸਿਆ ਕਿ ਅਵਾਰਾ ਕੁੱਤੇ ਵੱਲੋਂ ਨੋਚੇ ਜਾਣ ਕਾਰਨ ਕਾਫ਼ੀ ਗਿਣਤੀ 'ਚ ਜ਼ਖ਼ਮੀ ਲੋਕ ਹਸਪਤਾਲ ਪੁੱਜੇ ਹਨ। ਜ਼ਖ਼ਮੀਆਂ 'ਚ ਰੀਨਾ ਦੇਵੀ ਪਤਨੀ ਰਾਮ ਬਾਊ ਨਾਥ, ਤਿੰਨ ਸਾਲਾ ਵਰੁਣਜੋਤ ਸਿੰਘ ਪੁੱਤਰ ਹਰਦੀਪ ਸਿੰਘ, ਚਾਰ ਸਾਲਾ ਸੱਤਿਅਮ, ਅੱਠ ਸਾਲਾ ਅਭੀਨੂਰ ਸਿੰਘ, ਸਾਢੇ ਤਿੰਨ ਸਾਲਾ ਰੇਹੂ ਕੁਮਾਰੀ ਅਤੇ 9 ਸਾਲਾ ਮੋਨੂੰ ਕੁਮਾਰ ਵਰਗੇ ਮਾਸੂਮ ਬੱਚੇ ਸ਼ਾਮਲ ਹਨ। ਇਸ ਤੋਂ ਇਲਾਵਾ ਰਜਿੰਦਰ ਕੌਰ, ਸੰਜੀਵ ਕੁਮਾਰ, ਧਰਮਿੰਦਰ ਕੁਮਾਰ, ਅਰਵਿੰਦਰ ਮਾਥੋ, ਰਜਿੰਦਰ ਕੌਰ ਪਤਨੀ ਬਲਵਿੰਦਰ ਸਿੰਘ, ਰਜਿੰਦਰ ਕੌਰ ਪਤਨੀ ਹਰਜਿੰਦਰ ਸਿੰਘ, ਰਾਜਵਿੰਦਰ ਕੌਰ ਅਤੇ ਮੁੱਤੀ ਦੇਵੀ ਸਮੇਤ ਕਈ ਹੋਰ ਰਾਹਗੀਰ ਵੀ ਇਸ ਹਮਲੇ ਦੌਰਾਨ ਜ਼ਖ਼ਮੀ ਹੋਏ ਹਨ,



ਜਿਨ੍ਹਾਂ ਨੂੰ ਰੇਬੀਜ਼ ਰੋਕੂ ਟੀਕੇ ਅਤੇ ਮੁੱਢਲਾ ਇਲਾਜ ਦਿੱਤਾ ਗਿਆ ਹੈ। ਇਸ ਘਟਨਾ ਦੇ ਸਾਹਮਣੇ ਆਉਣ ਮਗਰੋਂ ਸ਼ਹਿਰ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਖ਼?ਲਾਫ਼ ਰੋਸ ਪ੍ਰਗਟ ਕਰਦਿਆਂ ਮੰਗ ਕੀਤੀ ਹੈ ਕਿ ਕਪੂਰਥਲਾ ਸ਼ਹਿਰ ਅੰਦਰ ਲਗਾਤਾਰ ਵਧ ਰਹੀ ਅਵਾਰਾ ਕੁੱਤਿਆਂ ਦੀ ਸਮੱਸਿਆ ਉੱਤੇ ਤੁਰੰਤ ਕਾਬੂ ਪਾਇਆ ਜਾਵੇ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਗਲੀਆਂ-ਮੁਹੱਲਿਆਂ ਵਿੱਚ ਅਵਾਰਾ ਜਾਨਵਰਾਂ ਦਾ ਝੁੰਡ ਆਮ ਘੁੰਮਦਾ ਰਹਿੰਦਾ ਹੈ, ਜਿਸ ਕਾਰਨ ਬੱਚਿਆਂ ਅਤੇ ਬਜ਼ੁਰਗਾਂ ਦਾ ਘਰੋਂ ਬਾਹਰ ਨਿਕਲਣਾ ਮੁਸ਼ਕਲ ਹੋ ਚੁੱਕਾ ਹੈ। ਜੇਕਰ ਸਮਾਂ ਰਹਿੰਦੇ ਪ੍ਰਸ਼ਾਸਨ ਵੱਲੋਂ ਠੋਸ ਕਦਮ ਨਾ ਚੁੱਕੇ ਗਏ ਤਾਂ ਭਵਿੱਖ ਵਿੱਚ ਕੋਈ ਹੋਰ ਵੱਡਾ ਜਾਨੀ ਹਾਦਸਾ ਵਾਪਰ ਸਕਦਾ ਹੈ। ਉਥੇ ਹੀ ਦੂਜੇ ਪਾਸੇ ਇਸ ਘਟਨਾ ਸਬੰਧੀ ਨਗਰ ਨਿਗਮ ਦੇ ਐੱਸ. ਓ. ਤਰਲੋਚਨ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਹ ਗੰਭੀਰ ਮਾਮਲਾ ਉਨ੍ਹਾਂ ਦੇ ਧਿਆਨ 'ਚ ਆ ਚੁੱਕਾ ਹੈ। ਆਦਮਖ਼ੋਰ ਹੋਏ ਇਸ ਅਵਾਰਾ ਕੁੱਤੇ ਨੂੰ ਫੜਨ ਲਈ ਨਗਰ ਨਿਗਮ ਦੀ ਵਿਸ਼ੇਸ਼ ਟੀਮ ਨੂੰ ਮੌਕੇ ਅਤੇ ਰਵਾਨਾ ਕਰ ਦਿੱਤਾ ਗਿਆ ਹੈ ਅਤੇ ਉਸ ਨੂੰ ਜਲਦ ਤੋਂ ਜਲਦ ਕਾਬੂ ਕਰਨ ਲਈ ਲਗਾਤਾਰ ਜੱਦੋ-ਜਹਿਦ ਕੀਤੀ ਜਾ ਰਹੀ ਹੈ ਤਾਂ ਜੋ ਹੋਰ ਲੋਕਾਂ ਨੂੰ ਨੁਕਸਾਨ ਪਹੁੰਚਣ ਤੋਂ ਬਚਾਇਆ ਜਾ ਸਕੇ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਖਰੜ ਦੀ ਵਿਗੜਦੀ ਟ੍ਰੈਫਿਕ ਵਿਵਸਥਾ ਤੋਂ ਲੋਕ ਪਰੇਸ਼ਾਨ, ਤਿਉਹਾਰਾਂ ਦੇ ਮੱਦੇਨਜ਼ਰ ਟ੍ਰੈਫਿਕ ਫੋਰਸ ਵਧਾਉਣ ਦੀ ਮੰਗ

ਕੌਮੀ ਪਤ੍ਰਿਕਾ

ਖਰੜ 7 ਅਕਤੂਬਰ। ਖਰੜ ਸ਼ਹਿਰ 'ਚ ਵਿਗੜਦੀ ਜਾ ਰਹੀ ਟ੍ਰੈਫਿਕ ਵਿਵਸਥਾ ਕਾਰਨ ਵਪਾਰੀਆਂ, ਕਿਸਾਨਾਂ ਅਤੇ ਆਮ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲਾਂਡਰਾਂ ਰੋਡ ਅਤੇ ਸ਼ਹਿਰ ਦੇ ਮੁੱਖ ਬਾਜ਼ਾਰਾਂ 'ਚ ਅਕਸਰ ਟ੍ਰੈਫਿਕ ਜਾਮ ਲੱਗਣ ਕਾਰਨ ਲੋਕਾਂ ਦਾ ਸਮਾਂ ਬਰਬਾਦ ਹੋ ਰਿਹਾ ਹੈ। ਸੜਕਾਂ ਦੇ ਦੋਵੇਂ ਪਾਸੇ ਬੇਤਰਤੀਬ ਪਾਰਕਿੰਗ ਅਤੇ ਸ਼ਹਿਰ ਦੇ ਅੰਦਰੋਂ ਭਾਰੀ ਵਾਹਨਾਂ ਦੀ ਆਵਾਜਾਈ ਕਾਰਨ ਸਮੱਸਿਆ ਹੋਰ ਵੱਧ ਰਹੀ ਹੈ। ਅਨਾਜ ਮੰਡੀ ਦੇ ਸੀਨੀਅਰ ਆੜ੍ਹਤੀ ਸੁਨੀਲ ਕੁਮਾਰ



ਨੀਤੂ ਅਗਰਵਾਲ ਨੇ ਕਿਹਾ ਕਿ ਧਾਨ ਦੇ ਸੀਜ਼ਨ ਦੌਰਾਨ ਵੱਡੀ ਗਿਣਤੀ 'ਚ ਟਰੈਕਟਰ-ਟਰਾਲੀਆਂ ਮੰਡੀ 'ਚ ਪਹੁੰਚਦੀਆਂ ਹਨ, ਇਸ ਲਈ ਕਿਸਾਨਾਂ ਲਈ ਸੁਰੱਖਿਅਤ ਅਤੇ ਨਿਰਵਿਘਨ ਰਸਤਾ ਯਕੀਨੀ ਬਣਾਉਣਾ ਜ਼ਰੂਰੀ ਹੈ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਪਾਲ ਸਿੰਘ ਨਿਯਾਮੀਆਂ ਨੇ ਮੁੱਖ ਚੌਕਾਂ ਅਤੇ ਮੋੜਾਂ 'ਤੇ ਟ?ਰੈਫਿਕ ਕਰਮਚਾਰੀ ਤਾਇਨਾਤ ਕਰਨ ਅਤੇ ਟ੍ਰੈਫਿਕ ਫੋਰਸ ਵਧਾਉਣ ਦੀ ਮੰਗ ਕੀਤੀ। ਰਿਟੇਲ ਕਰਿਆਨਾ ਮਰਚੈਂਟ ਐਸੋਸੀਏਸ਼ਨ ਦੇ ਸਕੱਤਰ ਅਮਨਦੀਪ ਗਰਗ ਨੇ ਕਿਹਾ ਕਿ ਆਉਣ ਵਾਲੇ ਧਾਨ ਦੇ ਸੀਜ਼ਨ ਅਤੇ ਦੀਵਾਲੀ ਦੇ ਤਿਉਹਾਰ ਨੂੰ ਦੇਖਦਿਆਂ ਪ੍ਰਸ਼ਾਸਨ ਨੂੰ ਪਹਿਲਾਂ ਤੋਂ ਹੀ ਵਿਸ਼ੇਸ਼ ਟ੍ਰੈਫਿਕ ਪ੍ਰਬੰਧ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਬੇਤਰਤੀਬ ਪਾਰਕਿੰਗ 'ਤੇ ਕੰਟਰੋਲ ਕਰਨ ਦੇ ਨਾਲ ਭਾਰੀ ਵਾਹਨਾਂ ਦੀ ਆਵਾਜਾਈ ਨੂੰ ਵੀ ਨਿਯਮਤ ਕੀਤਾ ਜਾਵੇ। ਵਪਾਰੀਆਂ ਅਤੇ ਕਿਸਾਨ ਜੱਥੇਬੰਦੀਆਂ ਨੇ ਡਿਪਟੀ ਕਮਿਸ਼ਨਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਖਰੜ ਲਈ ਵਿਸ਼ੇਸ਼ ਟ?ਰੈਫਿਕ ਪਲਾਨ ਲਾਗੂ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਹੈ ਕਿ ਤੁਰੰਤ ਟ?ਰੈਫਿਕ ਪੁਲਸ ਮੁਲਾਜ਼ਮਾ ਦੀ ਗਿਣਤੀ ਵਧਾਈ ਜਾਵੇ ਅਤੇ ਹਰ ਇੱਕ ਚੁਰਸਤੇ ਅਤੇ ਚੌਂਕ 'ਤੇ ਟ?ਰੈਫਿਕ ਮੁਲਾਜ਼ਮ ਤਾਇਨਾਤ ਕੀਤਾ ਜਾਵੇ।

## ਤੇਜ਼ ਰਫ਼ਤਾਰ ਕਾਰ ਦੀ ਟੱਕਰ ਨਾਲ ਸਕੂਟਰੀ ਸਵਾਰ ਨਾਲ ਵਾਪਰਿਆ ਹਾਦਸਾ

ਫਿਰੋਜ਼ਪੁਰ 7 ਅਕਤੂਬਰ। ਥਾਣਾ ਘੱਲ ਖੁਰਦ ਦੀ ਪੁਲਸ ਵੱਲੋਂ ਤੇਜ਼ ਰਫ਼ਤਾਰ ਅਤੇ ਲਾਪਰਵਾਹੀ ਨਾਲ ਕਾਰ ਚਲਾ ਕੇ ਸਕੂਟਰੀ ਨੂੰ ਟੱਕਰ ਮਾਰਨ ਦੇ ਦੋਸ਼ 'ਚ ਇਕ ਅਣਪਛਾਤੇ ਕਾਰ ਡਰਾਈਵਰ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸ਼ਿਕਾਇਤਕਰਤਾ ਰਾਜਵਿੰਦਰ ਸਿੰਘ ਪੁੱਤਰ ਟੇਕ ਸਿੰਘ ਵਾਸੀ ਪਿੰਡ ਝੰਡੇਆਨਾ ਗਰਬੀ, ਥਾਣਾ ਸਦਰ ਮੋਗਾ ਨੇ ਦੱਸਿਆ ਕਿ ਇਕ ਅਣਪਛਾਤੇ ਕਾਰ ਡਰਾਈਵਰ ਨੇ ਆਪਣੀ ਕਾਰ ਨੂੰ ਤੇਜ਼ ਰਫ਼ਤਾਰ ਅਤੇ ਲਾਪਰਵਾਹੀ ਨਾਲ ਚਲਾਉਂਦੇ ਹੋਏ ਉਸ ਦੀ ਇਲੈਕਟ੍ਰੋਨਿਕ ਸਕੂਟਰੀ ਵਿਚ ਸਿੱਧੀ ਟੱਕਰ ਮਾਰ ਦਿੱਤੀ। ਇਸ ਕਾਰਨ ਇਹ ਭਿਆਨਕ ਹਾਦਸਾ ਵਾਪਰ ਗਿਆ। ਇਸ ਮਾਮਲੇ ਦੀ ਤਫਤੀਸ਼ ਕਰ ਰਹੇ ਹੌਲਦਾਰ ਰੁਪਿੰਦਰ ਕੌਰ ਨੇ ਦੱਸਿਆ ਕਿ ਪੁਲਿਸ ਨੇ ਅਣਪਛਾਤੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਸੜਕ 'ਤੇ ਅਚਾਨਕ ਆਇਆ ਪਸ਼ੂ, ਮੋਟਰਸਾਈਕਲ ਸਵਾਰ ਟੇਲਰ ਦੀ ਮੌਤ

ਅਬੋਹਰ 7 ਅਕਤੂਬਰ। ਇੱਥੋਂ ਦੇ ਨੇੜਲੇ ਪਿੰਡ ਖਿੱਪਾਂਵਾਲੀ ਵਾਸੀ 54 ਸਾਲਾ ਵਿਅਕਤੀ ਦੀ ਬੀਤੀ ਰਾਤ ਸੜਕ 'ਤੇ ਇੱਕ ਬੇਸਹਾਰਾ ਪਸ਼ੂ ਆਉਣ ਕਾਰਨ ਹੋਏ ਹਾਦਸੇ 'ਚ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਰਾਕੇਸ਼ ਕੁਮਾਰ ਪੁੱਤਰ ਮਿਲਾਪ ਰਾਮ ਵਜੋਂ ਹੋਈ ਹੈ। ਉਹ ਪਿਛਲੇ 25 ਸਾਲਾਂ ਤੋਂ ਅਬੋਹਰ ਦੇ ਮਸ਼ਹੂਰ ਕੇ ਸੈਨਜ਼ ਟੇਲਰ ਸ਼ਾਪ 'ਤੇ ਕੰਮ ਕਰ ਰਿਹਾ ਸੀ ਅਤੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰ ਰਿਹਾ ਸੀ। ਜਾਣਕਾਰੀ ਅਨੁਸਾਰ ਰਾਕੇਸ਼ ਕੁਮਾਰ ਬੀਤੀ ਰਾਤ ਲਗਭਗ 8 ਵੱਜੇ ਅਬੋਹਰ 'ਚ ਕੰਮ ਖ਼ਤਮ ਕਰਕੇ ਆਪਣੇ ਮੋਟਰਸਾਈਕਲ 'ਤੇ ਆਪਣੇ ਪਿੰਡ ਖਿੱਪਾਂਵਾਲੀ ਵਾਪਸ ਆ ਰਿਹਾ ਸੀ। ਜਿਵੇਂ ਹੀ ਉਹ ਪਿੰਡ ਡੰਗਰਖੇੜਾ ਦੇ ਨੇੜੇ ਪਹੁੰਚਿਆ ਤਾਂ ਅਚਾਨਕ ਸੜਕ 'ਤੇ ਬੇਸਹਾਰਾ ਪਸ਼ੂ ਆ ਗਿਆ। ਮੋਟਰਸਾਈਕਲ ਦੀ ਪਸ਼ੂ ਨਾਲ ਜ਼ੋਰਦਾਰ ਟੱਕਰ ਹੋ ਗਈ ਅਤੇ ਰਾਕੇਸ਼ ਕੁਮਾਰ ਸੜਕ 'ਤੇ ਡਿੱਗ ਕੇ ਗੰਭੀਰ ਜ਼ਖ਼ਮੀ ਹੋ ਗਿਆ। ਉੱਥੋਂ ਲੰਘ ਰਹੇ ਇੱਕ ਜਾਣਕਾਰ ਨੇ ਉਸਨੂੰ ਸੜਕ 'ਤੇ ਜ਼ਖਮੀ ਪਿਆ ਦੇਖਿਆ ਅਤੇ ਤੁਰੰਤ ਉਸਦੇ ਪਰਿਵਾਰ ਨੂੰ ਹਾਦਸੇ ਬਾਰੇ ਸੂਚਿਤ ਕੀਤਾ। ਪਰਿਵਾਰਕ ਮੈਂਬਰ ਮੌਕੇ 'ਤੇ ਪਹੁੰਚੇ ਅਤੇ ਰਾਕੇਸ਼ ਕੁਮਾਰ ਨੂੰ ਇਲਾਜ ਲਈ ਸਿਵਲ ਹਸਪਤਾਲ ਅਬੋਹਰ ਲੈ ਆਏ। ਹਾਲਾਂਕਿ, ਪਹੁੰਚਣ 'ਤੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾਇਆ ਹੈ।

# ਭਿਆਨਕ ਸੜਕ ਹਾਦਸਾ ! ਟਰੈਕਟਰ-ਟਰਾਲੀ ਦੀ ਫੇਟ ਵੱਜਣ ਕਾਰਨ ਮੋਟਰਸਾਈਕਲ ਸਵਾਰ ਦੀ ਦਰਦਨਾਕ ਮੌਤ

ਕਿਸ਼ਨਗੜ੍ਹ 7 ਅਕਤੂਬਰ। ਜਲੰਧਰ ਪਠਾਨਕੋਟ ਰਾਸ਼ਟਰੀ ਰਾਜ ਮਾਰਗ 'ਤੇ ਸਥਿਤ ਅੱਡਾ ਬਿਆਸ ਪਿੰਡ ਨੇੜੇ ਬੀਤੀ ਰਾਤ ਟਰੈਕਟਰ ਟਰਾਲੀ ਦੀ ਫੇਟ ਵੱਜਣ ਨਾਲ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਓਮ ਪ੍ਰਕਾਸ਼ ਪੁੱਤਰ ਭਾਗ ਚੰਦ ਵਾਸੀ ਪਿੰਡ ਬੱਲਾਂ ਜੋ ਕਿ ਅੱਡਾ ਨਿਜ਼ਾਮਦੀਨਪੁਰ ਸਥਿਤ ਲਾਜਵੰਤੀ ਪੈਟਰੋਲ ਪੰਪ 'ਤੇ ਮੈਨੇਜਰ ਦੀ ਨੌਕਰੀ ਕਰਦਾ ਸੀ। ਬੀਤੀ ਰਾਤ ਉਹ 8 ਵਜੇ ਦੇ ਕਰੀਬ ਆਪਣੇ ਮੋਟਰਸਾਈਕਲ 'ਤੇ ਘਰ ਨੂੰ ਆ ਰਿਹਾ ਸੀ ਤਾਂ ਅੱਡਾ ਬਿਆਸ ਪਿੰਡ ਨੇੜੇ ਸਥਿਤ ਇਕ ਆਲੂ ਸਟੋਰ ਤੋਂ ਆਲੂਆਂ ਨਾਲ ਟਰੈਕਟਰ ਟਰਾਲੀ ਲੋਡ ਕਰਕੇ ਚਾਲਕ ਨੇ ਤੇਜ਼ ਰਫਤਾਰ ਨਾਲ ਹਾਈਵੇ 'ਤੇ ਟਰੈਕਟਰ ਟਰਾਲੀ ਨੂੰ ਜਦੋਂ ਚੜ੍ਹਿਆ ਪਿੱਛੋਂ ਆ ਰਹੇ ਮੋਟਰਸਾਈਕਲ ਨੂੰ ਟਰਾਲੀ ਦੀ ਫੇਟ ਵੱਜੀ। ਜਿਸ ਕਾਰਨ ਮੋਟਰਸਾਈਕਲ ਚਾਲਕ ਓਮ ਪ੍ਰਕਾਸ਼ ਦੇ ਸਿਰ 'ਚ ਸੱਟ ਲੱਗਣ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ। ਗੰਭੀਰ ਜ਼ਖ਼ਮੀ ਹਾਲਤ 'ਚ ਉਸ ਨੂੰ ਐਂਬੂਲੈਂਸ 'ਚ ਸਿਵਲ ਹਸਪਤਾਲ ਕਾਲਾ ਬੱਕਰਾ ਲਜਾਇਆ ਗਿਆ। ਡਾਕਟਰਾਂ ਨੇ ਉਸ ਦੀ ਨਾਜ਼ੁਕ ਸਥਿਤੀ ਨੂੰ ਦੇਖਦੇ ਹੋਏ ਜਲੰਧਰ ਦੇ ਨਿੱਜੀ ਹਸਪਤਾਲ 'ਚ ਰੈਫਰ ਕਰ ਦਿੱਤਾ ਗਿਆ। ਜਿਥੇ ਓਮ ਪ੍ਰਕਾਸ਼ ਦੀ ਇਲਾਜ ਦੌਰਾਨ ਮੌਤ ਹੋ ਗਈ। ਸਥਾਨਕ ਅਲਾਵਲਪੁਰ ਪੁਲਿਸ ਚੌਂਕੀ ਵੱਲੋਂ ਕਾਰਵਾਈ ਕਰਦੇ ਹੋਏ ਟਰੈਕਟਰ ਟਰਾਲੀ ਨੂੰ ਆਪਣੇ ਕਬਜ਼ੇ 'ਚ ਲੈ ਲਿਆ ਹੈ। ਪੁਲਿਸ ਨੇ ਮ੍ਰਿਤਕ ਦੇ ਪਰਿਵਾਰਿਕ ਮੈਂਬਰਾਂ ਦੇ ਬਿਆਨਾਂ ਅਨੁਸਾਰ ਟਰੈਕਟਰ ਟਰਾਲੀ ਚਾਲਕ ਨੂੰ ਪਰਚਾ ਦਰਜ ਕਰਕੇ ਹਿਰਾਸਤ 'ਚ ਲੈ ਲਿਆ ਹੈ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
ਚੁਸਤ ਰਹਿਣ ਲਈ ਪੈਦਲ ਚੱਲੋ : ਜੇਕਰ ਤੁਹਾਡਾ ਫਲੈਟ ਕੁਝ ਜ਼ਿਆਦਾ ਉੱਪਰਲੀ ਮੰਜ਼ਿਲ 'ਤੇ ਹੈ ਅਤੇ ਲਿਫਟ ਦੀ ਸਹੂਲਤ ਹੈ ਤਾਂ ਕੁਝ ਮੰਜ਼ਿਲਾਂ ਪੌੜੀਆਂ ਰਾਹੀਂ ਉੱਤਰੋ ਅਤੇ ਕੁਝ ਲਿਫਟ ਰਾਹੀਂ। ਇਸੇ ਤਰ੍ਹਾਂ ਦਫ਼ਤਰ ਵਿਚ ਵੀ ਪੌੜੀਆਂ ਦੀ ਵਰਤੋਂ ਕਰੋ। ਪੌੜੀਆਂ ਉੱਤਰਨ-ਚੜ੍ਹਨ ਨਾਲ ਤੁਹਾਡਾ ਦਿਲ ਠੀਕ ਤਰ੍ਹਾਂ ਕੰਮ ਕਰੇਗਾ ਅਤੇ ਤੁਸੀਂ ਊਰਜਿਤ ਮਹਿਸੂਸ ਕਰੋਗੇ।

ਨਾਸ਼ਤਾ ਜ਼ਰੂਰ ਲਓ : ਬਹੁਤ ਸਾਰੇ ਲੋਕਾਂ ਨੂੰ ਨਾਸ਼ਤਾ ਨਾ ਲੈਣ ਦੀ ਆਦਤ ਹੁੰਦੀ ਹੈ। ਜੇ ਅਸੀਂ ਸਵੇਰੇ ਨਾਸ਼ਤਾ ਨਹੀਂ ਲਵਾਂਗੇ ਤਾਂ ਸਾਡਾ ਸਰੀਰ ਦਿਨ ਭਰ ਸੁਸਤ ਰਹੇਗਾ। ਰਾਤ ਦੇ ਖਾਣੇ ਤੋਂ ਬਾਅਦ ਦਿਨ ਤੱਕ ਕੁਝ ਨਾ ਖਾਣ ਨਾਲ ਸਰੀਰ ਨੂੰ ਊਰਜਾ ਕਿਥੋਂ ਮਿਲੇਗੀ? ਆਪਣੇ ਸਰੀਰ ਦੀ ਊਰਜਾ ਨੂੰ ਬਰਕਰਾਰ ਰੱਖਣ ਲਈ ਸਵੇਰ ਦਾ ਨਾਸ਼ਤਾ ਬਹੁਤ ਜ਼ਰੂਰੀ ਹੈ। ਧਿਆਨ ਦਿਓ ਕਿ ਨਾਸ਼ਤੇ ਵਿਚ ਪੂੜੀ, ਪਰੌਂਠਾ ਨਾ ਲਓ। ਇਸ ਨਾਲ ਵੀ ਆਲਸ ਆਉਂਦਾ ਹੈ। ਨਾਸ਼ਤੇ ਵਿਚ ਦੁੱਧ ਦੇ ਨਾਲ ਸੀਰੀਅਲਸ, ਬ੍ਰਾਊਨ ਬ੍ਰੈੱਡ, ਜੈਮ ਜਾਂ ਥੋੜ੍ਹਾ ਜਿਹਾ ਮੱਖਣ, ਮੈਂਗੋ ਸ਼ੇਕ, ਸਪ੍ਰਾਊਟ, ਦਲੀਆ ਦੁੱਧ ਵਾਲਾ, ਬ੍ਰੈੱਡ ਆਂਡਾ, ਸੈਂਡਵਿਚ ਦੇ ਨਾਲ ਇਕ ਕੱਪ ਕੌਫੀ ਆਦਿ ਲੈ ਸਕਦੇ ਹੋ।

ਸਟ੍ਰੈਚਿੰਗ ਕਸਰਤ ਕਰੋ : ਸਾਰਾ ਦਿਨ ਕੁਰਸੀ 'ਤੇ ਬੈਠੇ-ਬੈਠੇ ਕੰਮ ਕਰਨ ਨਾਲ ਸਰੀਰ ਦੀਆਂ ਮਾਸਪੇਸ਼ੀਆਂ ਖਿੱਚੀਆਂ-ਖਿੱਚੀਆਂ ਰਹਿੰਦੀਆਂ ਹਨ, ਜਿਸ ਨਾਲ ਸਰੀਰ ਵਿਚ ਕੰਮ ਕਰਨ ਦੀ ਸਮਰੱਥਾ ਘੱਟ ਹੋਣ ਲਗਦੀ ਹੈ। ਜਦੋਂ ਵੀ ਤੁਸੀਂ ਬੋਰ ਹੋਵੋ ਜਾਂ ਥਕਾਨ ਮਹਿਸੂਸ ਕਰੋ ਤਾਂ ਕੁਝ ਸਟ੍ਰੈਚਿੰਗ ਕਸਰਤ ਕਰਕੇ ਤਾਜ਼ਗੀ ਲਿਆ ਸਕਦੇ ਹੋ। ਕੁਰਸੀ ਤੋਂ 5-10 ਵਾਰ ਉੱਠ-ਬੈਠ ਸਕਦੇ ਹੋ। ਖੜ੍ਹੇ-ਖੜ੍ਹੇ ਦੋਵੇਂ ਹੱਥ ਉੱਪਰ ਚੁੱਕ ਕੇ ਪੰਜਿਆਂ ਦੇ ਭਾਰ ਖੜ੍ਹੇ ਹੋ ਸਕਦੇ ਹੋ, ਕਮਰ ਤੋਂ ਸੱਜੇ-ਖੱਬੇ ਬਾਹਾਂ ਨੂੰ ਘੁਮਾ ਸਕਦੇ ਹੋ। ਇਹ ਸਭ ਕਰਦੇ ਸਮੇਂ ਧਿਆਨ ਰੱਖੋ ਕਿ ਤੁਹਾਡੇ ਦਫ਼ਤਰ ਵਾਲਿਆਂ ਨੂੰ ਕੋਈ ਪ੍ਰੇਸ਼ਾਨੀ ਨਾ ਹੋਵੇ।

ਹੱਸਦੇ ਰਹੋ : ਕੰਮ ਕਰਦੇ ਸਮੇਂ ਆਪਣਾ ਚਿਹਰਾ ਮੁਸਕਰਾਉਂਦਾ ਹੋਇਆ ਰੱਖੋ, ਜਿੰਨਾ ਸੰਭਵ ਹੋਵੇ, ਓਨਾ ਹੀ। ਗੰਭੀਰ ਮੂਡ ਵਿਚ ਦਫ਼ਤਰ ਵਿਚ ਨਾ ਬੈਠੋ। ਇਸ ਨਾਲ ਖੁਦ ਤਾਂ ਬੋਰ ਹੋਵੋਗੇ ਹੀ, ਦੂਜੇ ਵੀ ਦੇਖਣ ਵਾਲੇ ਬੋਰ ਹੋਣਗੇ। ਵਿਚ-ਵਿਚ ਆਪਣੇ ਮਿੱਤਰਾਂ ਦੇ ਨਾਲ ਗੱਲਬਾਤ ਕਰ ਲਓ, ਮਜ਼ਾਕੀਆ ਵੀਡੀਓਜ਼ ਦੇਖ ਲਓ, ਚੁਟਕਲੇ ਆਦਿ ਪੜ੍ਹ ਲਓ। ਇਸ ਨਾਲ ਤੁਹਾਡਾ ਮੂਡ ਸੁਭਾਵਿਕ ਰੂਪ ਨਾਲ ਚੰਗਾ ਰਹੇਗਾ ਅਤੇ ਕੰਮ ਕਰਨ ਨੂੰ ਮਨ ਵੀ ਕਰੇਗਾ, ਕਿਉਂਕਿ ਇਹ ਚੀਜ਼ਾਂ ਤਣਾਅ ਦੂਰ ਕਰਦੀਆਂ ਹਨ।

**ਕੁਰਸੀ ਤੋਂ 5-10 ਵਾਰ ਉੱਠ-ਬੈਠ ਸਕਦੇ ਹੋ। ਖੜ੍ਹੇ-ਖੜ੍ਹੇ ਦੋਵੇਂ ਹੱਥ ਉੱਪਰ ਚੁੱਕ ਕੇ ਪੰਜਿਆਂ ਦੇ ਭਾਰ ਖੜ੍ਹੇ ਹੋ ਸਕਦੇ ਹੋ, ਕਮਰ ਤੋਂ ਸੱਜੇ-ਖੱਬੇ ਬਾਹਾਂ ਨੂੰ ਘੁਮਾ ਸਕਦੇ ਹੋ। ਇਹ ਸਭ ਕਰਦੇ ਸਮੇਂ ਧਿਆਨ ਰੱਖੋ ਕਿ ਤੁਹਾਡੇ ਦਫ਼ਤਰ ਵਾਲਿਆਂ ਨੂੰ ਕੋਈ ਪ੍ਰੇਸ਼ਾਨੀ ਨਾ ਹੋਵੇ।**

ਪਾਣੀ ਖ਼ੂਬ ਪੀਓ ਅਤੇ ਚਿਹਰਾ ਵੀ ਧੋਵੋ : ਜ਼ਿਆਦਾ ਦਫ਼ਤਰ ਏ. ਸੀ. ਵਾਲੇ ਹੁੰਦੇ ਹਨ। ਏ. ਸੀ. ਸਾਡੇ ਸਰੀਰ ਵਿਚੋਂ ਕੁਦਰਤੀ ਨਮੀ ਨੂੰ ਚੁਰਾਉਂਦਾ ਹੈ। ਉਸ ਨਮੀ ਨੂੰ ਬਰਕਰਾਰ ਰੱਖਣ ਲਈ ਦਿਨ ਵਿਚ ਥੋੜ੍ਹੀ-ਥੋੜ੍ਹੀ ਦੇਰ ਬਾਅਦ ਪਾਣੀ ਪੀਂਦੇ ਰਹੋ ਅਤੇ ਦਿਨ ਵਿਚ 2-3 ਵਾਰ ਠੰਢੇ ਪਾਣੀ ਨਾਲ ਚਿਹਰਾ ਧੋ ਲਓ। ਇਸ ਨਾਲ ਚਮੜੀ ਵਿਚ ਤਾਜ਼ਗੀ ਬਣੀ ਰਹੇਗੀ ਅਤੇ ਤੁਸੀਂ ਚੁਸਤ ਦਿਸੋਗੇ। ਇਹ ਸੱਚ ਹੈ ਕਿ ਜਦੋਂ ਤੁਸੀਂ ਚੁਸਤ ਹੋਵੋਗੇ ਤਾਂ ਕੰਮ ਕਰਨ ਦਾ ਮਜ਼ਾ ਵੀ ਬਣਿਆ ਰਹੇਗਾ।

ਇਸ ਤੋਂ ਇਲਾਵਾ ਆਪਣੀ ਦਰਾਜ ਵਿਚ ਕੁਝ ਅਜਿਹੀਆਂ ਪੁਸਤਕਾਂ ਰੱਖੋ, ਜਿਨ੍ਹਾਂ ਨੂੰ ਵਿਚ-ਵਿਚ ਦੋ-ਚਾਰ ਸਫ਼ੇ ਪੜ੍ਹ ਕੇ ਤਾਜ਼ਗੀ ਆ ਜਾਵੇ। ਆਪਣੀ ਊਰਜਾ ਬਰਕਰਾਰ ਰੱਖਣ ਲਈ ਵਿਚ-ਵਿਚ ਕੁਝ ਦਿਮਾਗੀ ਖੇਡਾਂ ਖੇਡੋ, ਜਿਵੇਂ ਕ੍ਰਾਸਵਰਡ ਜਾਂ ਪਜ਼ਲ ਆਦਿ। ਇਸ ਨਾਲ ਤੁਸੀਂ ਤਰੋਤਾਜ਼ਾ ਮਹਿਸੂਸ ਕਰੋਗੇ। ਦਫ਼ਤਰ ਵਿਚ ਤਣਾਅ ਨਾ ਪਾਲੋ। ਤਣਾਅ ਨਾਲ ਥਕਾਨ ਛੇਤੀ ਮਹਿਸੂਸ ਹੁੰਦੀ ਹੈ।



# ਅੱਖਾਂ ਦੀ ਤੇਜ਼ ਰੌਸ਼ਨੀ ਲਈ ਲਾਭਕਾਰੀ ਹੈ ਖ਼ੁਰਾਕ



ਅਸੀਂ ਜ਼ਿਆਦਾਤਰ ਬਜ਼ੁਰਗ ਔਰਤਾਂ ਨੂੰ ਇਹ ਕਹਿੰਦੇ ਹੋਏ ਸੁਣਦੇ ਹਾਂ ਕਿ ਗਾਜਰ ਖਾਣ ਨਾਲ ਅਸੀਂ ਹਨੇਰੇ ਵਿੱਚ ਵੀ ਦੇਖ ਸਕਦੇ ਹਾਂ ਪਰ ਵਧੀਆ ਨਜ਼ਰ ਪ੍ਰਾਪਤ ਕਰਨ ਲਈ ਗਾਜਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਖ਼ੁਰਾਕਾਂ ਹਨ, ਜੋ ਸਾਡੀ ਨਜ਼ਰ ਨੂੰ ਵਧਾਉਣ 'ਚ ਮਦਦਗਾਰ ਹੁੰਦੀਆਂ ਹਨ।

ਆਓ ਜਾਣਦੇ ਹਾਂ ਅਜਿਹੀਆਂ ਹੀ ਕੁਝ ਖ਼ੁਰਾਕਾਂ ਬਾਰੇ :-

ਪਾਲਕ : ਪਾਲਕ ਵਿੱਚ ਹਰੀ ਫ਼ੁੱਲਗੋਭੀ ਵਾਂਗ ਜੈਕਸਾਂਥਿਨ ਅਤੇ ਲਿਊਟੀਨ ਨਾਮੀ ਤੱਤ ਭਰਪੂਰ ਮਾਤਰਾ ਵਿੱਚ ਪਾਏ ਜਾਂਦੇ ਹਨ, ਜੋ ਮੋਤੀਆਬਿੰਦ ਪੈਦਾ ਹੋਣ ਦੇ ਖਤਰੇ ਨੂੰ ਘੱਟ ਕਰਦੇ ਹਨ। ਲਿਊਟੀਨ ਸਾਡੀਆਂ ਅੱਖਾਂ ਦੀ ਰੱਖਿਆ ਮੈਕਿਊਲਾ 'ਚ ਪਿਗਮੈਂਟਸ ਦਾ ਨਿਰਮਾਣ ਕਰਕੇ ਕਰਦਾ ਹੈ, ਜੋ ਨੁਕਸਾਨਦਾਇਕ ਨੀਲੀ ਰੋਸ਼ਨੀ ਦੀਆਂ ਕਿਰਨਾਂ ਨੂੰ ਫ਼ਿਲਟਰ ਕਰਦਾ ਹੈ। ਇਹ ਕਿਰਨਾਂ ਸਾਡੀਆਂ ਅੱਖਾਂ ਨੂੰ ਨੁਕਸਾਨ ਪਹੁੰਚਾ ਸਕਦੀਆਂ ਹਨ। ਰੋਜ਼ਾਨਾ 100 ਗ੍ਰਾਮ ਪਾਲਕ ਦਾ ਸੇਵਨ ਕਰਨਾ ਚਾਹੀਦਾ ਹੈ।



ਸੰਤਰਾ : ਸੰਤਰੇ ਵਿੱਚ ਵਿਟਾਮਿਨ-ਸੀ ਭਰਪੂਰ ਮਾਤਰਾ 'ਚ ਹੁੰਦਾ ਹੈ। ਇੱਕ ਅਧਿਐਨ 'ਚ ਪਾਇਆ ਗਿਆ ਹੈ ਕਿ ਜੋ ਔਰਤਾਂ 10 ਸਾਲ ਜਾਂ ਜ਼ਿਆਦਾ ਲਈ ਵਿਟਾਮਿਨ-ਸੀ ਸਪਲੀਮੈਂਟ ਦਾ ਸੇਵਨ ਕਰਦੀਆਂ ਸਨ, ਉਨ੍ਹਾਂ ਵਿੱਚ ਮੋਤੀਆਬਿੰਦ ਪੈਦਾ ਹੋਣ ਦਾ ਖਤਰਾ 64 ਫ਼ੀਸਦੀ ਤਕ ਘੱਟ ਦੇਖਿਆ ਗਿਆ ਸੀ। ਰੋਜ਼ਾਨਾ ਇੱਕ ਸੰਤਰਾ ਜ਼ਰੂਰ ਖਾਣਾ ਚਾਹੀਦਾ ਹੈ।

ਡਾਰਕ ਬੇਰੀਜ਼ : ਇਸ ਨੂੰ ਖਾਣ ਨਾਲ ਸਾਡੀ ਨਜ਼ਰ ਬਿਹਤਰ ਬਣਦੀ ਹੈ। ਦੂਸਰੀ ਵਿਸ਼ਵ ਜੰਗ ਦੇ ਪਾਇਲਟਾਂ ਵਲੋਂ ਇਨ੍ਹਾਂ ਦਾ ਜ਼ਿਆਦਾ ਸੇਵਨ ਕੀਤਾ ਜਾਂਦਾ ਸੀ ਤਾਂ ਜੋ ਰਾਤ ਨੂੰ ਮਿਸ਼ਨ ਲਈ ਉਨ੍ਹਾਂ ਦੀ ਨਜ਼ਰ ਤੇਜ਼ ਹੋ ਸਕੇ।

ਅਧਿਐਨਾਂ ਨਾਲ ਇਹ ਪ੍ਰਮਾਣਿਤ ਹੋ ਚੁੱਕਾ ਹੈ ਕਿ ਬਿਲ ਬੇਰੀਜ਼ ਅਤੇ ਬਲੈਕ ਬੇਰੀਜ਼ ਵਿੱਚ ਐਂਥੋਸਾਯਾਨਿਸ ਭਰਪੂਰ ਮਾਤਰਾ ਵਿੱਚ ਪਾਇਆ ਜਾਂਦਾ ਹੈ, ਜੋ ਮੋਤੀਆਬਿੰਦ ਤੇ ਮੈਕਿਊਲਰ ਡੀਜੈਨਰੇਸ਼ਨ ਕਾਰਨ ਪੈਦਾ ਹੋਣ ਵਾਲੀ ਨਜ਼ਰ ਦੀ ਕਮਜ਼ੋਰੀ ਨੂੰ ਰੋਕਦਾ ਹੈ। ਆਪਣੇ ਨਾਸ਼ਤੇ 'ਚ ਮੁੱਠੀ ਭਰ ਡਾਰਕ ਬੇਰੀਜ਼ ਸ਼ਾਮਲ ਕਰੋ।

ਬਦਾਮ : ਬਦਾਮਾਂ ਵਿੱਚ ਵਿਟਾਮਿਨ-ਈ ਭਰਪੂਰ ਮਾਤਰਾ ਵਿੱਚ ਪਾਇਆ ਜਾਂਦਾ ਹੈ। ਕਈ ਖੋਜਾਂ ਤੋਂ ਪਤਾ ਲੱਗਾ ਹੈ ਕਿ ਬਦਾਮ ਅੱਖਾਂ ਨੂੰ ਫ਼੍ਰੀ ਰੈਡੀਕਲਸ ਨਾਲ ਹੋਣ ਵਾਲੇ ਨੁਕਸਾਨ ਤੋਂ ਬਚਾਉਂਦੇ ਹਨ। ਇਸ ਦਾ ਅਰਥ ਇਹ ਹੈ ਕਿ ਇਹ ਸਰੀਰ ਵਿੱਚ ਮੌਜੂਦ ਕੋਸ਼ਿਕਾਵਾਂ ਨੂੰ ਆਕਸੀਡੇਸ਼ਨ ਤੋਂ ਬਚਾਉਣ 'ਚ ਮਦਦਗਾਰ ਹੁੰਦੇ ਹਨ, ਜੋ ਮੋਤੀਆਬਿੰਦ ਦੇ ਇਲਾਜ ਨੂੰ ਮੱਠਾ ਕਰਦਾ ਹੈ। ਮੁੱਠੀ ਭਰ ਕੁਤਰੇ ਹੋਏ ਬਦਾਮ ਆਪਣੇ ਸੀਰੀਅਲ 'ਤੇ ਛਿੜਕੋ ਤੇ ਸਨੈਕ ਦੇ ਤੌਰ 'ਤੇ ਇਨ੍ਹਾਂ ਨੂੰ ਖਾਓ।

## ਸੰਪਾਦਕੀ

# ਦੇਸ਼ ਵਿੱਚ ਔਰਤਾਂ ਅਤੇ ਬੱਚਿਆਂ ਦੀ ਰੱਖਿਆ

ਸਾਡੇ ਦੇਸ਼ ਭਾਰਤ ਵਿੱਚ ਔਰਤਾਂ ਅਤੇ ਬੱਚਿਆਂ ਦੀ ਰੱਖਿਆ ਲਈ ਯੋਜਨਾਵਾਂ ਦੀ ਕੋਈ ਘਾਟ ਨਹੀਂ ਹੈ। ਸਾਡੀ ਅਸਲ ਸਮੱਸਿਆ ਇਸ ਤੋਂ ਵੀ ਵੱਡੀ ਹੈ, ਜੋ ਕਿ ਕਾਗ਼ਜ਼ੀ ਯੋਜਨਾਵਾਂ ਅਤੇ ਜ਼ਮੀਨੀ ਹਕੀਕਤ ਵਿਚਲਾ ਜਵਾਬਦੇਹੀ ਦਾ ਪਾੜਾ ਹੈ। ਦਿੱਲੀ-ਐੱਨ ਸੀ ਆਰ ਵਿੱਚ ਵਾਪਰੇ ਜਬਰ-ਜਨਾਹ ਦੇ ਮਾਮਲਿਆਂ ਦਾ ਸੁਪਰੀਮ ਕੋਰਟ ਵੱਲੋਂ ਲਿਆ ਗਿਆ ਤੱਟ ਫੱਟ ਨੋਟਿਸ ਇਸ ਕੌੜੀ ਸੱਚਾਈ ਨੂੰ ਸਾਹਮਣੇ ਲਿਆਉਂਦਾ ਹੈ। ਅਦਾਲਤ ਨੇ ਸਿਰਫ਼ ਇਹ ਨਹੀਂ ਪੁੱਛਿਆ ਕਿ ਅਪਰਾਧ ਕਿਉਂ ਹੋਏ, ਸਗੋਂ ਅਦਾਲਤ ਇਹ ਵੀ ਜਾਣਨਾ ਚਾਹੁੰਦੀ ਹੈ ਕਿ ਕੀ ਇਨ੍ਹਾਂ ਨੂੰ ਰੋਕਣ ਵਾਲੇ ਪ੍ਰਬੰਧ ਅਸਲ ਵਿੱਚ ਕੰਮ ਵੀ ਕਰ ਰਹੇ ਹਨ ਜਾਂ ਨਹੀਂ। ਕੀ ਐਮਰਜੈਂਸੀ ਹੈਲਪਲਾਈਨਾਂ ਉੱਤੇ ਫ਼ੌਰਨ ਜਵਾਬ ਮਿਲਦਾ ਹੈ? ਕੀ ਸੀ ਸੀ ਟੀ ਵੀ ਕੈਮਰੇ ਸਹੀ ਤਰੀਕੇ ਨਾਲ ਕੰਮ ਕਰ ਰਹੇ ਹਨ? ਕੀ ਹਨੇਰੇ ਅਤੇ ਖ਼ਤਰੇ ਵਾਲੇ ਇਲਾਕਿਆਂ ਦੀ ਪਛਾਣ ਕਰਕੇ ਉੱਥੇ ਪੁਲੀਸ ਗਸ਼ਤ ਕਰਦੀ ਹੈ? ਕੀ ਛੇੜਛਾੜ ਦੀਆਂ ਸ਼ਿਕਾਇਤਾਂ ਨੂੰ ਗੰਭੀਰ ਚੇਤਾਵਨੀ ਵਜੋਂ ਲਿਆ ਜਾਂਦਾ ਹੈ?

ਕੀ ਡੇਟਾਬੇਸ, ਮਹਿਲਾ ਸਹਾਇਤਾ ਡੈਸਕ ਅਤੇ ਜਾਂਚ 'ਤੇ ਨਜ਼ਰ ਰੱਖਣ ਵਾਲੇ ਸਿਸਟਮਾਂ ਦੀ ਠੀਕ ਵਰਤੋਂ ਹੋ ਰਹੀ ਹੈ? ਅਤੇ ਜਦੋਂ ਇਹ ਸਾਰੇ ਪ੍ਰਬੰਧ ਫ਼ੇਲ੍ਹ ਹੋ ਜਾਂਦੇ ਹਨ, ਤਾਂ ਫਿਰ ਜ਼ਿੰਮੇਵਾਰੀ ਕਿਸ ਦੀ ਤੈਅ ਹੁੰਦੀ ਹੈ?

ਇਹ ਸਵਾਲ ਇਸ ਲਈ ਚੁੱਭਵੇਂ ਹਨ ਕਿਉਂਕਿ ਭਾਰਤ ਵਿੱਚ ਪ੍ਰੋਗਰਾਮਾਂ, ਪੋਰਟਲਾਂ, ਹੈਲਪਲਾਈਨਾਂ ਅਤੇ ਕਮੇਟੀਆਂ ਦੀ ਕੋਈ ਕਮੀ ਨਹੀਂ ਹੈ। ਪਰ ਕਿਸੇ ਪ੍ਰਬੰਧ ਦਾ ਮੌਜੂਦ ਹੋਣਾ ਹੀ ਅਕਸਰ ਇਸ ਗੱਲ ਦਾ ਸਬੂਤ ਮੰਨ ਲਿਆ ਜਾਂਦਾ ਹੈ ਕਿ ਕੰਮ ਹੋ ਰਿਹਾ ਹੈ, ਜਦਕਿ ਹਕੀਕਤ ਇਹ ਹੈ ਕਿ ਖ਼ਰਾਬ ਸਟਰੀਟ ਲਾਈਟ ਖ਼ਰਾਬ ਹੀ ਰਹਿੰਦੀ ਹੈ, ਬਿਨਾਂ ਕੰਮ ਕਰਦਾ ਸੀ ਸੀ ਟੀ ਵੀ ਕੈਮਰਾ ਖੰਭੇ ਨਾਲ ਲਟਕਿਆ ਰਹਿੰਦਾ ਹੈ ਅਤੇ ਸ਼ਿਕਾਇਤ ਕਿਸੇ ਦਫ਼ਤਰੀ ਉਲਝਣਾਂ ਵਿੱਚ ਹੀ ਫਸੀ ਰਹਿ ਜਾਂਦੀ ਹੈ। ਇਹ ਸਿਸਟਮ ਕਾਗ਼ਜ਼ੀ ਰਿਪੋਰਟਾਂ ਵਿੱਚ ਤਾਂ ਸਾਫ਼ ਦਿਖਾਈ ਦਿੰਦਾ ਹੈ, ਪਰ ਜਦੋਂ ਕਿਸੇ ਨਾਗਰਿਕ ਨੂੰ ਅਸਲ 'ਚ ਲੋੜ ਹੁੰਦੀ ਹੈ ਤਾਂ ਇਹ ਗ਼ਾਇਬ ਮਿਲਦਾ ਹੈ। ਇਸ ਲਈ ਸੁਪਰੀਮ ਕੋਰਟ ਦਾ ਆਡਿਟ ਕਰਨ, ਸੰਵੇਦਨਸ਼ੀਲ ਇਲਾਕਿਆਂ ਦੀ ਪਛਾਣ ਕਰਨ, ਫ਼ੋਨ ਆਉਣ 'ਤੇ ਰਿਸਪਾਂਸ ਟਾਈਮ (ਜਵਾਬ ਦੇਣ ਦੇ ਸਮੇਂ) ਅਤੇ ਕਾਰਗੁਜ਼ਾਰੀ ਨੂੰ ਮਾਪਣ ਉੱਤੇ ਜ਼ੋਰ ਦੇਣਾ ਬਹੁਤ ਸਵਾਗਤਯੋਗ ਕਦਮ ਹੈ।

ਇਸ ਦਾ ਮਤਲਬ ਇਹ ਵੀ ਹੈ ਕਿ ਜਵਾਬਦੇਹੀ ਇਕੱਲੀ ਪੁਲੀਸ ਦੀ ਨਹੀਂ ਹੋ ਸਕਦੀ। ਲਾਈਟਾਂ ਦਾ ਪ੍ਰਬੰਧ ਕਰਨ ਵਾਲੇ ਨਗਰ ਨਿਗਮ, ਟਰਾਂਸਪੋਰਟ ਅਥਾਰਿਟੀਆਂ, ਪ੍ਰਸ਼ਾਸਕ, ਤਕਨਾਲੋਜੀ ਮੁਹੱਈਆ ਕਰਵਾਉਣ ਵਾਲੇ ਅਤੇ ਨਿਆਂਇਕ ਪ੍ਰਣਾਲੀ, ਇਹ ਸਾਰੇ ਸੁਰੱਖਿਆ ਦੀ ਕੜੀ ਦਾ ਹਿੱਸਾ ਹਨ। ਕਿਸੇ ਵੀ ਇੱਕ ਥਾਂ ਉੱਤੇ ਨਾਕਾਮੀ ਦੇ ਭਿਆਨਕ ਨਤੀਜੇ ਨਿਕਲ ਸਕਦੇ ਹਨ।

ਨਿਰਭਯਾ ਕਾਂਡ ਦੇ ਚੌਦਾਂ ਸਾਲਾਂ ਬਾਅਦ ਸਬਕ ਬਿਲਕੁਲ ਸਾਫ਼ ਹੋਣਾ ਚਾਹੀਦਾ ਹੈ ਕਿ ਕਾਨੂੰਨ ਅਤੇ ਯੋਜਨਾਵਾਂ ਤਾਂ ਸਿਰਫ਼ ਸ਼ੁਰੂਆਤ ਹੁੰਦੀਆਂ ਹਨ, ਅਸਲ ਪ੍ਰੀਖਿਆ ਉਨ੍ਹਾਂ ਨੂੰ ਲਾਗੂ ਕਰਨ ਦੀ ਹੈ। ਕਿਸੇ ਪਾਰਕ ਵਿੱਚ ਦਾਖ਼ਲ ਹੋਣ ਵਾਲੀ ਬੱਸ ਵਿੱਚ ਚੜ੍ਹਨ ਵਾਲੀ ਜਾਂ ਘਰ ਵੱਲ ਪੈਦਲ ਜਾਣ ਵਾਲੀ ਕਿਸੇ ਵੀ ਔਰਤ ਨੂੰ ਇਹ ਸੋਚਣ ਲਈ ਮਜਬੂਰ ਨਹੀਂ ਹੋਣਾ ਚਾਹੀਦਾ ਕਿ ਪਤਾ ਨਹੀਂ ਸਿਸਟਮ ਉਸ ਲਈ ਕੰਮ ਕਰੇਗਾ ਵੀ ਜਾਂ ਨਹੀਂ। ਸੁਰੱਖਿਆ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਜਵਾਬਦੇਹੀ ਹੀ ਉਹ ਤਾਕਤ ਹੈ ਜੋ ਇਸ ਜ਼ਿੰਮੇਵਾਰੀ ਨੂੰ ਜ਼ਮੀਨੀ ਹਕੀਕਤ ਬਣਾਉਂਦੀ ਹੈ।

# ਮੈਡੀਕਲ ਕਾਲਜ ਵਿਖੇ 81ਵੀਂ ਰਾਸ਼ਟਰੀ ਕਾਨਫਰੰਸ ਲਈ ਪ੍ਰੀ-ਕਾਨਫਰੰਸ ਵਰਕਸ਼ਾਪ ਹੋਈਆਂ

**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਵਿਖੇ ਅੱਜ ਤਪਦਿਕ (ਟੀ.ਬੀ.) ਅਤੇ ਛਾਤੀ ਦੇ ਰੋਗਾਂ ਬਾਰੇ 81ਵੀਂ ਰਾਸ਼ਟਰੀ ਕਾਨਫਰੰਸ (ਨੈਟਕੋਨ 2026) ਦੀ ਸ਼ੁਰੂਆਤ ਤੋਂ ਪਹਿਲਾਂ ਪ੍ਰੀ-ਕਾਨਫਰੰਸ ਵਰਕਸ਼ਾਪਾਂ ਦੀ ਕਰਵਾਈਆਂ ਗਈਆਂ, ਜਿਨ੍ਹਾਂ ਦਾ ਉਦੇਸ਼ ਭਾਗ ਲੈਣ ਵਾਲਿਆਂ ਨੂੰ ਵਿਹਾਰਕ ਸਿਖਲਾਈ ਅਤੇ ਕੇਂਦਰਿਤ ਅਕਾਦਮਿਕ ਵਿਚਾਰ-ਵਟਾਂਦਰੇ ਦਾ ਮੌਕਾ ਪ੍ਰਦਾਨ ਕਰਨਾ ਸੀ। ਕਾਨਫਰੰਸ ਤੋਂ ਪਹਿਲਾਂ ਦੀਆਂ ਵਰਕਸ਼ਾਪਾਂ ਡਾ. ਐਸ.ਕੇ. ਜਿੰਦਲ (ਸਾਬਕਾ ਪ੍ਰੋਫੈਸਰ ਅਤੇ ਮੁਖੀ, ਪਲਮੋਨਰੀ ਮੈਡੀਸਨ ਵਿਭਾਗ, ਪੀਜੀਆਈਐਮਈਆਰ, ਚੰਡੀਗੜ੍ਹ) ਦੀ ਅਗਵਾਈ ਹੇਠ ਬਹੁਤ ਹੀ ਸੀਨੀਅਰ ਅਤੇ ਨਾਮਵਰ ਡਾਕਟਰਾਂ ਦੀ ਦੇਖ-ਰੇਖ ਵਿੱਚ ਕਰਵਾਈਆਂ ਗਈਆਂ। ਉਨ੍ਹਾਂ ਦੀ ਵਿਆਪਕ ਮੁਹਾਰਤ ਅਤੇ ਵਿਹਾਰਕ ਤਜ਼ਰਬੇ ਨੇ ਨੌਜਵਾਨ ਡਾਕਟਰਾਂ ਨੂੰ ਆਪਸੀ ਗੱਲਬਾਤ ਰਾਹੀਂ ਸਿੱਖਣ, ਵਿਹਾਰਕ ਸਿਖਲਾਈ ਅਤੇ ਕਲੀਨਿਕਲ ਹੁਨਰ ਨੂੰ ਵਧਾਉਣ ਦੇ ਕੀਮਤੀ ਮੌਕੇ ਪ੍ਰਦਾਨ ਕੀਤੇ।

ਇਹ ਵਰਕਸ਼ਾਪਾਂ ਨੌਜਵਾਨ ਡਾਕਟਰਾਂ, ਸਟਾਫ ਨਰਸਾਂ ਅਤੇ ਆਸ਼ਾ ਵਰਕਰਾਂ ਨੂੰ ਨਵੀਨਤਮ ਜਾਣਕਾਰੀ ਅਤੇ ਵਿਹਾਰਕ ਹੁਨਰਾਂ ਨਾਲ ਲੈਸ ਅਤੇ ਸਮਰੱਥ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਸਨ, ਤਾਂ ਜੋ ਉਹ ਵਧੇਰੇ ਭਰੋਸੇ ਅਤੇ ਯੋਗਤਾ ਨਾਲ ਕਲੀਨਿਕਲ ਚੁਣੌਤੀਆਂ ਦਾ ਸਾਹਮਣਾ ਕਰ ਸਕਣ ਅਤੇ ਅੰਤ ਵਿੱਚ ਆਪਣੀ ਸੇਵਾ ਵਾਲੇ ਖੇਤਰਾਂ ਵਿੱਚ ਮਰੀਜ਼ਾਂ ਦੀ ਬਿਹਤਰ ਅਤੇ ਵਧੇਰੇ ਪ੍ਰਭਾਵਸ਼ਾਲੀ ਦੇਖਭਾਲ ਵਿੱਚ ਯੋਗਦਾਨ ਪਾ ਸਕਣ।

ਡਾਕਟਰਾਂ ਅਤੇ ਸਿਹਤ ਸੰਭਾਲ ਕਰਮਚਾਰੀਆਂ, ਖਾਸ ਕਰਕੇ ਦੂਰ-ਦੁਰਾਡੇ ਜਾਂ ਛੋਟੇ ਕੇਂਦਰਾਂ (ਪੈਰੀਫਿਰਲ ਸੈਟਿੰਗਾਂ) ਵਿੱਚ ਕੰਮ ਕਰਨ ਵਾਲਿਆਂ ਦੀ ਸਮਰੱਥਾ ਵਧਾਉਣ ਲਈ 'ਨਾਨ-ਇਨਵੇਸਿਵ ਵੈਂਟੀਲੇਸ਼ਨ' 'ਤੇ ਇੱਕ ਵਿਸ਼ੇਸ਼ ਵਰਕਸ਼ਾਪ ਵੀ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਐਨਆਈਵੀ ਦੀ ਵਿਹਾਰਕ ਵਰਤੋਂ ਅਤੇ ਬੁਨਿਆਦੀ ਵੈਂਟੀਲੇਟਰੀ ਸਹਾਇਤਾ 'ਤੇ ਧਿਆਨ ਕੇਂਦਰਿਤ ਕੀਤਾ ਗਿਆ, ਤਾਂ ਜੋ ਸਿਹਤ ਸੰਭਾਲ ਪ੍ਰਦਾਤਾ ਸਾਹ ਦੀ ਗੰਭੀਰ ਤਕਲੀਫ ਵਾਲੇ ਮਰੀਜ਼ਾਂ ਲਈ ਢੁਕਵੀਂ ਸਾਹ ਸਬੰਧੀ ਸਹਾਇਤਾ ਸ਼ੁਰੂ ਕਰ ਸਕਣ, ਖਾਸ ਕਰਕੇ ਅਜਿਹੀਆਂ ਸਥਿਤੀਆਂ ਵਿੱਚ ਜਿੱਥੇ ਇਨਵੇਸਿਵ ਵੈਂਟੀਲੇਟਰ ਜਾਂ ਉੱਨਤ ਗੰਭੀਰ-ਦੇਖਭਾਲ (ਕ੍ਰਿਟੀਕਲ-ਕੇਅਰ) ਸਹੂਲਤਾਂ ਆਸਾਨੀ ਨਾਲ ਉਪਲਬਧ ਨਹੀਂ ਹੁੰਦੀਆਂ।

ਇਸ ਸਿਖਲਾਈ ਨਾਲ ਸ਼ੁਰੂਆਤੀ ਦਖਲਅੰਦਾਜ਼ੀ, ਸਮੇਂ ਸਿਰ ਪ੍ਰਬੰਧਨ ਅਤੇ ਮਰੀਜ਼ਾਂ ਦੀ ਢੁਕਵੀਂ ਦੇਖਭਾਲ ਮਜ਼ਬੂਤ ਹੋਣ ਦੀ ਉਮੀਦ ਹੈ।

# ਚਾਰਟਰਡ ਅਕਾਊਂਟੈਂਟਾਂ ਪਾਸੋਂ ਵਿੱਤੀ ਸਾਲ 2025-26 ਲਈ 46 ਆਡਿਟ ਕਰਵਾਉਣ ਹਿੱਤ ਕੋਟੇਸ਼ਨਾਂ ਦੀ ਮੰਗ

**ਫਾਜ਼ਿਲਕਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੰਜੀ: ਸੰਦੀਪ ਕੁਮਾਰ ਕਾਰਜਕਾਰੀ ਇੰਜੀਨੀਅਰ / ਫਾਜ਼ਿਲਕਾ, ਜਲ ਨਿਕਾਸ ਕਮ ਮਾਈਨਿੰਗ ਅਤੇ ਜਿਓਲੋਜੀ ਮੰਡਲ, ਜਲ ਸਰੋਤ ਵਿਭਾਗ, ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਪਾਸੋਂ ਵਿੱਤੀ ਸਾਲ 2025-26 ਲਈ 4$6 ਆਡਿਟ ਕਰਵਾਉਣ ਹਿੱਤ ਕੋਟੇਸ਼ਨਾਂ ਦੀ ਮੰਗ ਕੀਤੀ ਜਾਂਦੀ ਹੈ। ਇੱਛੁਕ 317 ਪੈਨਲ ਵਾਲੇ 31 ਆਪਣੀ ਕੋਟੇਸ਼ਨ ਜ਼ਰੂਰੀ ਦਸਤਾਵੇਜ਼ਾਂ ਅਤੇ ਤਜਰਬੇ ਸਬੰਧੀ ਸਬੂਤਾਂ ਸਮੇਤ ਦਫ਼ਤਰ ਕਾਰਜਕਾਰੀ ਇੰਜੀਨੀਅਰ / ਫਾਜ਼ਿਲਕਾ, ਜਲ ਨਿਕਾਸ ਕਮ ਮਾਈਨਿੰਗ ਅਤੇ ਜਿਓਲੋਜੀ ਮੰਡਲ, ਜਲ ਸਰੋਤ ਵਿਭਾਗ, ਕਮਰਾ ਨੰ: 401, 402, 407, ਸੈਂਟਰ ਬਲਾਕ, ਤੀਜੀ ਮੰਜ਼ਿਲ, ਡੀ.ਸੀ. ਕੰਪਲੈਕਸ, ਫਾਜ਼ਿਲਕਾ ਜਾਂ ਈਮੇਲ ਆਈਡੀ: ਤੇ ਜਮ੍ਹਾਂ ਕਰਵਾ ਸਕਦੇ ਹਨ। ਕੋਟੇਸ਼ਨ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 07-10-2026 ਸ਼ਾਮ 5:00 ਵਜੇ ਤੱਕ ਹੈ।

ਮੁੱਖ ਹਦਾਇਤਾਂ ਅਨੁਸਾਰ ਚਾਰਟਰਡ ਅਕਾਊਂਟੈਂਟ / 31 ਫਰਮ ਵੱਲੋਂ ਸਬੰਧਤ ਅਥਾਰਟੀ ਨੂੰ ਵਿਆਪਕ, ਪੇਸ਼ੇਵਰ, ਨਿਰਪੱਖ ਅਤੇ ਪੱਖਪਾਤ ਰਹਿਤ ਆਡਿਟ ਰਿਪੋਰਟ ਦਿੱਤੀ ਜਾਵੇਗੀ।

31 / 31 ਫਰਮ ਦਾ ਕਿਸੇ ਵੀ ਅਜਿਹੀ ਇਕਾਈ, ਏਜੰਸੀ ਜਾਂ ਸੰਸਥਾ ਨਾਲ ਕੋਈ ਸਿੱਧਾ ਜਾਂ ਅਸਿੱਧਾ ਸਬੰਧ ਨਹੀਂ ਹੋਣਾ ਚਾਹੀਦਾ ਜਿਸ ਦਾ ਖਰਚਾ 4$6 ਅਧੀਨ ਆਡਿਟ ਕੀਤਾ ਜਾਣਾ ਹੈ।

31 ਫਰਮ ਨੂੰ ਅਲਾਟਮੈਂਟ ਪੱਤਰ ਜਾਰੀ ਹੋਣ ਦੀ ਮਿਤੀ ਤੋਂ 7 (ਸੱਤ) ਦਿਨਾਂ ਦੇ ਅੰਦਰ-ਅੰਦਰ ਆਡਿਟ ਮੁਕੰਮਲ ਕਰਕੇ ਅੰਤਿਮ ਆਡਿਟ ਰਿਪੋਰਟ ਜਮ੍ਹਾਂ ਕਰਵਾਉਣੀ ਹੋਵੇਗੀ।

# ਗੌਂਸਪੁਰਾ ਦੇ ਸਰਕਾਰੀ ਹਾਈ ਸਕੂਲ ਵਿੱਚ ਗਾਈਡੈਂਸ ਗਤੀਵਿਧੀਆਂ ਦੀ ਸਮੀਖਿਆ



**ਬਟਾਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਗੁਰਦਾਸਪੁਰ ਰਾਜੇਸ਼ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਬਟਾਲਾ ਬਲਾਕ ਅਧੀਨ ਸਰਕਾਰੀ ਹਾਈ ਸਕੂਲ ਗੌਂਸਪੁਰਾ ਦਾ ਵਿਸ਼ੇਸ਼ ਵਿਜ਼ਿਟ ਕਰਕੇ ਸਕੂਲ ਵਿੱਚ ਚੱਲ ਰਹੀਆਂ ਗਾਈਡੈਂਸ ਅਤੇ ਕਰੀਅਰ ਕੌਂਸਲਿੰਗ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ।

ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸ੍ਰੀਮਤੀ ਚਰਨਜੀਤ ਕੌਰ ਰੰਧਾਵਾ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਵਿਜ਼ਿਟ ਦੌਰਾਨ ਪ੍ਰਿੰਸੀਪਲ ਸ੍ਰੀਮਤੀ ਚਰਨਜੀਤ ਕੌਰ ਰੰਧਾਵਾ ਨੇ ਸਕੂਲ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਰਵਾਈਆਂ ਜਾ ਰਹੀਆਂ ਗਾਈਡੈਂਸ, ਕਰੀਅਰ ਕੌਂਸਲਿੰਗ ਅਤੇ ਹੋਰ ਵਿਦਿਆਰਥੀ-ਕੇਂਦਰਿਤ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਸਕੂਲ ਦੇ ਗਾਈਡੈਂਸ ਸਬੰਧੀ ਰਿਕਾਰਡ ਅਤੇ ਗਤੀਵਿਧੀਆਂ ਦੀ ਵੀ ਸਮੀਖਿਆ ਕੀਤੀ ਗਈ।

ਇਸ ਤੋਂ ਇਲਾਵਾ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲ ਵਿੱਚ ਕਰਵਾਈਆਂ ਜਾ ਰਹੀਆਂ ਵੱਖ-ਵੱਖ ਜਾਗਰੂਕਤਾ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਸਬੰਧਤ ਰਿਕਾਰਡ ਦਾ ਵੀ ਜਾਇਜ਼ਾ ਲਿਆ ਗਿਆ।

ਸ੍ਰੀ ਮੁਕੇਸ਼ ਵਰਮਾ ਨੇ ਸਕੂਲ ਪ੍ਰਬੰਧਨ ਨੂੰ ਇਨ੍ਹਾਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।

ਇਸ ਮੌਕੇ ਮੁਕੇਸ਼ ਵਰਮਾ ਨੇ ਵਿਦਿਆਰਥੀਆਂ ਨਾਲ ਸਿੱਧੀ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਕਿੱਤਾ-ਮੁਖੀ ਕੋਰਸਾਂ, ਉੱਚ ਸਿੱਖਿਆ ਦੇ ਮੌਕਿਆਂ, ਵੱਖ-ਵੱਖ ਕਰੀਅਰ ਵਿਕਲਪਾਂ ਅਤੇ ਪ੍ਰਤਿਯੋਗੀ ਪ੍ਰੀਖਿਆਵਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਫਲ ਕਰੀਅਰ ਲਈ ਸਿਰਫ਼ ਅਕਾਦਮਿਕ ਯੋਗਤਾ ਹੀ ਨਹੀਂ,ਇਸ ਮੌਕੇ ਸਕੂਲ ਦੇ ਗਾਈਡੈਂਸ ਸਬੰਧੀ ਰਿਕਾਰਡ ਅਤੇ ਗਤੀਵਿਧੀਆਂ ਦੀ ਵੀ ਸਮੀਖਿਆ ਕੀਤੀ ਗਈ। ਸਗੋਂ ਆਪਣੀਆਂ ਰੁਚੀਆਂ, ਹੁਨਰਾਂ ਅਤੇ ਸਮਰੱਥਾਵਾਂ ਦੀ ਸਹੀ ਪਛਾਣ ਕਰਨਾ ਵੀ ਬਹੁਤ ਜ਼ਰੂਰੀ ਹੈ। ਉ_ ਨ_ ਂ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਲਈ ਸਪਸ਼ਟ ਟੀਚਾ ਨਿਰਧਾਰਿਤ ਕਰਕੇ ਉਸ ਦੀ ਪ੍ਰਾਪਤੀ ਵਾਸਤੇ ਨਿਰੰਤਰ ਮਿਹਨਤ, ਅਨੁਸ਼ਾਸਨ ਅਤੇ ਪੂਰੇ ਫੋਕਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਸੜਕ ਨਿਰਮਾਣ 'ਚ ਪਾਏ ਘਟੀਆ ਮਟੀਰੀਅਲ ਦਾ; ਪਿੰਡ ਸਿਉਣਾ ਤੋਂ ਲੰਗ ਨੂੰ ਜਾਣ ਵਾਲੀ ਸੜਕ ਦਾ ਨਿਰਮਾਣ ਹੋ ਰਿਹਾ ਸੀ ਬਿਨ੍ਹਾਂ ਲੁੱਕ ਤੋਂ

**ਪਟਿਆਲਾ, 7 ਅਕਤੂਬਰ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿੱਥੇ ਪੰਜਾਬ ਸਰਕਾਰ ਦਿਹਾਤੀ ਅਤੇ ਸ਼ਹਿਰੀ ਖੇਤਰ ਵਿਚ ਸੜਕਾਂ ਦੇ ਨਿਰਮਾਣ ਲਈ ਪੀ. ਡਬਲਿਊ. ਡੀ. ਐਂਡ ਬੀ. ਐਂਡ ਆਰ. ਤੇ ਮੰਡੀ ਬੋਰਡ ਨੂੰ ਵਧੀਆ ਮਟੀਰੀਅਲ ਵਾਲੀਆਂ ਸੜਕਾਂ ਬਣਾਉਣ ਦੇ ਦਮਗੱਜੇ ਮਾਰ ਰਹੀ ਹੈ, ਉਥੇ ਹੀ ਪਟਿਆਲਾ ਦਿਹਾਤੀ ਹਲਕੇ ਦੇ ਪਿੰਡ ਸਿਉਣਾ ਤੋਂ ਪਿੰਡ ਲੰਗ ਨੂੰ ਜਾਣ ਵਾਲੀ 18 ਫੁੱਟੀ ਸੜਕ ਦਾ ਨਿਰਮਾਣ ਬਿਨ੍ਹਾਂ ਲੁੱਕ ਪਾਏ ਹੀ ਕੀਤੇ ਜਾਣ ਦਾ ਮੁੱਦਾ ਸਥਾਨਕ ਲੋਕਾਂ ਨੇ ਚੁੱਕਿਆ ਤਾਂ ਮੌਕੇ 'ਤੇ ਪੁੱਜੇ ਹਲਕਾ ਵਿਧਾਇਕ ਤੇ ਮੰਤਰੀ ਨੇ ਵੀ ਘਟੀਆ ਮਟੀਰੀਅਲ ਪਾਏ ਜਾਣ 'ਤੇ ਨਰਾਜ਼ਗੀ ਪ੍ਰਗਟਾਈ ਅਤੇ ਸੈਂਪਲ ਭਰਵਾਇਆ। ਜਿਥੇ ਸੀ. ਐਮ. ਨੇ ਸੂਬੇ ਅੰਦਰ ਸੜਕਾਂ ਦੇ ਨਿਰਮਾਣ ਕਾਰਜਾਂ ਨੂੰ ਚੈਕ ਕਰਨ ਲਈ ਫਲਾਈਂਗ ਸੁਕੇਐਡ ਦਾ ਵੀ ਗਠਨ ਕੀਤਾ ਹੋਇਆ ਹੈ ਪਰ ਫਿਰ ਵੀ ਇਸ ਦੀ ਚੈਕਿੰਗ ਇਲਾਕੇ ਦੇ ਲੋਕਾਂ ਵੱਲੋਂ ਕੀਤੀ ਗਈ। ਜਦੋਂ ਇਹ ਮੁੱਦਾ ਭਖਦਾ ਨਜ਼ਰ ਆਇਆ ਤਾਂ ਮੰਤਰੀ ਦੇ ਨਾਲ ਫਲਾਈਂਗ ਸੁਕੇਐਡ ਦੀ ਟੀਮ ਵੀ ਪਹੁੰਚੀ, ਜਿਥੇ ਉਹਨਾਂ ਖੁਦ ਮੰਨਿਆ ਕਿ ਠੇਕੇਦਾਰ ਵੱਲੋਂ ਮਟੀਰੀਅਲ ਵਿਚ ਕਮੀ ਹੈ, ਜਿਥੇ ਉਹ ਮਿੱਟੀ ਦੇ ਉਪਰ ਹੀ ਲੁੱਕ ਅਤੇ ਬੱਜਰੀ ਪਾਉਣ ਦਾ ਕੰਮ ਕਰ ਰਿਹਾ ਸੀ। ਵਿਕਾਸ ਕਾਰਜਾਂ ਵਿਚ ਪਾਏ ਗਏ ਮਟਰੀਅਲ ਵਿਚ ਗੁਣਵੱਤਾ ਦੀ ਘਾਟ ਹੋਣ ਕਾਰਨ ਸੰਬੰਧਿਤ ਵਿਭਾਗ ਦੀ ਸੜਕ ਵਾਲੇ ਅਧਿਕਾਰੀਆਂ ਅਤੇ



ਕਰਮਚਾਰੀਆਂ 'ਤੇ ਵੀ ਕਾਰਵਾਈ ਹੋਣੀ ਚਾਹੀਦੀ ਹੈ। ਜਿਥੇ ਲੋਕਾਂ ਦੇ ਟੈਕਸ ਦਾ ਪੈਸਾ ਸੜਕਾਂ ਦੇ ਨਿਰਮਾਣ ਲਈ ਲੱਗ ਰਿਹਾ ਹੈ, ਪਰ ਲੋਕਾਂ ਨੇ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਜਿਉਂ ਹੀ ਸੜਕ ਵਿਚ ਘਟੀਆ ਮਟੀਰੀਅਲ ਦਾ ਮੁੱਦਾ ਚੁੱਕਿਆ ਤਾਂ ਸੰਬੰਧਿਤ ਵਿਭਾਗ ਦੇ ਅਧਿਕਾਰੀ ਵੀ ਆਪਣੀ ਨੀਂਦ ਤੋਂ ਜਾਗਦੇ ਨਜ਼ਰ ਆਏ, ਪਰ ਸੜਕ ਦਾ ਮਟੀਰੀਅਲ ਚੈਕ ਕਰਨ ਸਮੇਂ ਮੰਤਰੀ ਦੇ ਹਾਜ਼ਰ ਹੋਣ ਦੇ ਬਾਵਜੂਦ ਵੀ ਸੜਕ ਬਣਾਉਣ ਵਾਲਾ ਠੇਕੇਦਾਰ ਹਾਜ਼ਰ ਨਹੀਂ ਆਇਆ, ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਠੇਕੇਦਾਰ ਅਤੇ ਵਿਭਾਗ ਦੇ ਅਧਿਕਾਰੀਆਂ ਦੀ ਮਿਲੀਭੁਗਤ ਕਾਰਨ ਅਜਿਹੇ ਘਟੀਆ ਮਟੀਰੀਅਲ ਵਾਲੀਆਂ ਸੜਕਾਂ ਨੂੰ ਬਣਾ ਕੇ ਲੋਕਾਂ ਤੋਂ ਵੋਟਾਂ ਬਟੋਰਨ ਲਈ ਮੌਕੇ ਦਾ ਭਰੋਸਾ ਬਟੋਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਸੀ. ਐਮ. ਵੱਲੋਂ ਸਰਹੰਦ ਰੋਡ ਦੇ ਨਾਲ ਜਾਣ ਵਾਲੀ ਸੜਕ 'ਤੇ ਆਪ ਰੁੱਕ ਕੇ ਪਾਏ ਗਏ ਮਟੀਰੀਅਲ ਦੀ ਚੈਕਿੰਗ ਕੀਤੀ ਸੀ ਜਿਥੇ ਸੜਕ ਦੇ ਮਟਰੀਅਲ ਵਿਚ ਬਹੁਤ ਸਾਰੀਆਂ ਊਣਤਾਈਆਂ ਪਾਈਆਂ ਗਈਆਂ ਸਨ, ਪਰ ਫਿਰ ਵੀ ਠੇਕੇਦਾਰ ਖਿਲਾਫ ਕੋਈ ਕਾਰਵਾਈ ਨਹੀਂ ਹੋਈ, ਜਿਥੇ ਉਸ ਦੇ ਬਿੱਲ ਉਦੋਂ ਤੱਕ ਰੋਕਣ ਲਈ ਕਿਹਾ ਸੀ ਕਿ ਜਦੋਂ ਤੱਕ ਸਮੁੱਚੀ ਸੜਕ ਦਾ ਸਹੀ ਨਿਰਮਾਣ ਨਹੀਂ ਕੀਤਾ ਜਾਂਦਾ। ਉਥੇ ਹੀ ਮੰਡੀ ਬੋਰਡ ਰਾਹੀਂ ਠੇਕੇਦਾਰ ਨੂੰ ਨੋਟਿਸ ਜਾਰੀ ਕੀਤਾ ਗਿਆ ਸੀ। ਇਸੇ ਤਰ੍ਹਾਂ ਭੁਨਰਹੇੜੀ ਤੋਂ ਘੜਾਮ ਨੂੰ ਜਾਣ ਵਾਲੀ ਸੜਕ ਤੇ ਵੀ ਮੰਡੀ ਬੋਰਡ ਵੱਲੋਂ ਪਾਏ ਗਏ ਮਾੜੇ ਮਟੀਰੀਅਲ ਦੀ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਪੋਲ ਖੋਲ੍ਹੀ ਸੀ। ਜਿਸ ਤੋਂ ਸਾਫ ਪਤਾ ਚੱਲਦਾ ਹੈ ਕਿ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟਾਲਰੈਂਸ ਪਾਲਿਸੀ ਫੇਲ੍ਹ ਹੋ ਚੁੱਕੀ ਹੈ।

**ਘਟੀਆ ਮਟੀਰੀਅਲ ਵਰਤਣ ਨਾਲ ਸੜਕ ਦਾ ਬੇਸ ਹੁੰਦਾ ਹੈ ਕਮਜ਼ੋਰ: ਲੋਕ**

ਲੋਕਾਂ ਦੇ ਕਹਿਣਾ ਹੈ ਕਿ ਜਦੋਂ ਸੜਕ ਨਿਰਮਾਣ ਕਾਰਜਾਂ ਦਾ ਕੰਮ ਚੱਲ ਰਿਹਾ ਹੈ ਤਾਂ ਉਥੇ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਚੈਕਿੰਗ ਕਰਨਾ ਮੁੱਖ ਡਿਊਟੀ ਹੈ, ਪਰ ਫਿਰ ਵੀ ਅਧਿਕਾਰੀਆਂ ਵੱਲੋਂ ਮੌਕੇ 'ਤੇ ਜਾ ਕੇ ਮਟੀਰੀਅਲ ਦੀ ਚੈਕਿੰਗ ਨਾ ਕਰਨਾ ਸਵਾਲਾਂ ਦੇ ਘੇਰੇ 'ਚ ਹੈ। ਕਿਉਂਕਿ ਸੜਕਾਂ 'ਤੇ ਪਾਏ ਜਾਣ ਵਾਲੇ ਘਟੀਆ ਮਟੀਰੀਅਲ ਕਾਰਨ ਸੜਕ ਦਾ ਬੇਸ ਕਮਜ਼ੋਰ ਹੋ ਜਾਂਦਾ ਹੈ, ਜਿਸ ਕਾਰਨ ਥੋੜ੍ਹੇ ਸਮੇਂ ਵਿਚ ਹੀ ਸੜਕਾਂ ਟੁੱਟਣੀਆਂ ਸ਼ੁਰੂ ਹੋ ਜਾਂਦੀਆਂ ਹਨ। ਇਸ ਮਾਮਲੇ ਦੀ ਉਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ।

# ਮੇਰਾ ਯੁਵਾ ਭਾਰਤ ਪਟਿਆਲਾ ਵੱਲੋਂ ਖ਼ੂਨਦਾਨ ਅਤੇ ਮੁਫ਼ਤ ਮੈਡੀਕਲ ਕੈਂਪ, 70 ਤੋਂ ਵੱਧ ਲੋਕਾਂ ਨੇ ਕੀਤਾ ਖ਼ੂਨਦਾਨ



**ਪਟਿਆਲਾ, 7 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਤਮਾ ਗਾਂਧੀ ਜਯੰਤੀ ਦੇ ਮੌਕੇ 'ਤੇ ਮੇਰਾ ਯੁਵਾ ਭਾਰਤ, ਪਟਿਆਲਾ ਵੱਲੋਂ ਗੁਰਦੁਆਰਾ ਸਾਹਿਬ, ਕਮਿਊਨਿਟੀ ਹਾਲ ਘਨੌਰ ਵਿਖੇ ਖ਼ੂਨਦਾਨ ਕੈਂਪ ਅਤੇ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਕੈਂਪ ਦੌਰਾਨ 70 ਤੋਂ ਵੱਧ ਵਿਅਕਤੀਆਂ ਨੇ ਆਪਣਾ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।

ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਖ਼ੂਨਦਾਨ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨਾ ਅਤੇ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਉਪਲਬਧਤਾ ਯਕੀਨੀ ਬਣਾਉਣ ਵਿੱਚ ਸਹਿਯੋਗ ਦੇਣਾ ਸੀ। ਇਸ ਦੇ ਨਾਲ ਹੀ ਕੈਂਪ ਵਿੱਚ ਆਉਣ ਵਾਲੇ ਲੋਕਾਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਗਈ। ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਹੋਰ ਆਮ ਸਿਹਤ ਜਾਂਚਾਂ ਤੋਂ ਇਲਾਵਾ ਲੋੜ ਅਨੁਸਾਰ ਡਾਕਟਰੀ ਸਲਾਹ ਅਤੇ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।

ਇਸ ਮੌਕੇ ਮੇਰਾ ਯੁਵਾ ਭਾਰਤ ਪਟਿਆਲਾ ਦੇ ਜਿਲ੍ਹਾ ਯੂਥ ਅਫਸਰ ਸ੍ਰੀ ਕਾਰਤਿਕ ਸਿੰਘਲਾ ਜੀ ਅਤੇ ਜਿਲ੍ਹਾ ਯੂਥ ਅਫਸਰ ਮੌਨਿਕਾ ਦਲਾਲ ਜੀ ਦੀ ਰਹਿਨੁਮਾਈ ਹੇਠ ਕੈਂਪ ਨੂੰ ਸੁਚੱਜੇ ਢੰਗ ਨਾਲ ਕਰਵਾਇਆ ਗਿਆ। ਉਨ੍ਹਾਂ ਨੇ ਖ਼ੂਨਦਾਨ ਕਰਨ ਵਾਲੇ ਸਾਰੇ ਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸਮਾਜ ਸੇਵਾ ਹੈ ਅਤੇ ਇੱਕ ਯੂਨਿਟ ਖ਼ੂਨ ਕਿਸੇ ਲੋੜਵੰਦ ਵਿਅਕਤੀ ਦੀ ਜ਼ਿੰਦਗੀ ਬਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ।

ਇਸ ਪੂਰੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਵਾਲੰਟੀਅਰ ਸਰਬਜੀਤ ਸਿੰਘ ਵੱਲੋਂ ਵੀ ਮਹੱਤਵਪੂਰਨ ਯੋਗਦਾਨ ਪਾਇਆ ਗਿਆ। ਉਨ੍ਹਾਂ ਵੱਲੋਂ ਕੈਂਪ ਦੀਆਂ ਵੱਖ-ਵੱਖ ਗਤੀਵਿਧੀਆਂ ਦੇ ਪ੍ਰਬੰਧ, ਲੋਕਾਂ ਨੂੰ ਜਾਣਕਾਰੀ ਦੇਣ ਅਤੇ ਖ਼ੂਨਦਾਨੀਆਂ ਦੀ ਸਹਾਇਤਾ ਲਈ ਸਰਗਰਮੀ ਨਾਲ ਸੇਵਾ ਨਿਭਾਈ ਗਈ।

ਕੈਂਪ ਦੌਰਾਨ ਰਿਫੋਰਮ ਉਤਸਵ ਦੇ ਅਧੀਨ ਪਿੰਡ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵਿਸਤਾਰ ਵਿੱਚ ਗੱਲ ਕੀਤੀ ਗਈ ਨਾਲ ਹੀ ਪਿੰਡ ਨੂੰ ਹੋਰ ਸਮੁੱਚੇ ਤੌਰ ਤੇ ਕਿਵੇਂ ਅੱਗੇ ਵਧਾਇਆ ਜਾ ਸਕਦਾ ਹੈ ਉਸ ਬਾਰੇ ਵੀ ਸਰਪੰਚ ਅਤੇ ਬਾਕੀ ਪਿੰਡ ਵਾਸੀਆਂ ਨਾਲ ਵਿਸਥਾਰ ਪੂਰਵਕ ਚਰਚਾ ਕੀਤੀ ਗਈ। ਕੈਂਪ ਦੌਰਾਨ ਖ਼ੂਨਦਾਨੀਆਂ ਵਿੱਚ ਵੀ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ। ਨੌਜਵਾਨਾਂ ਸਮੇਤ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਅੱਗੇ ਆ ਕੇ ਖ਼ੂਨਦਾਨ ਕੀਤਾ ਅਤੇ ਹੋਰਨਾਂ ਨੂੰ ਵੀ ਇਸ ਨੇਕ ਕਾਰਜ ਲਈ ਪ੍ਰੇਰਿਤ ਕੀਤਾ। ਆਯੋਜਕਾਂ ਵੱਲੋਂ ਖ਼ੂਨਦਾਨ ਕਰਨ ਵਾਲੇ ਸਾਰੇ ਦਾਨੀਆਂ ਅਤੇ ਕੈਂਪ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।

ਮੇਰਾ ਯੁਵਾ ਭਾਰਤ ਪਟਿਆਲਾ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਭਵਿੱਖ ਵਿੱਚ ਵੀ ਅਜਿਹੇ ਸਮਾਜ ਸੇਵੀ ਅਤੇ ਲੋਕ-ਭਲਾਈ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ। ਖ਼ੂਨਦਾਨ ਅਤੇ ਸਿਹਤ ਸੇਵਾ ਵਰਗੇ ਉਪਰਾਲੇ ਸਮਾਜ ਵਿੱਚ ਮਨੁੱਖਤਾ, ਸੇਵਾ ਅਤੇ ਜਾਗਰੂਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

# 4 ਅਕਤੂਬਰ ਨੂੰ ਨਾਭਾ ਵਿਖੇ ਲੱਗੇਗਾ ਵਿਸ਼ਾਲ ਖ਼ੂਨਦਾਨ ਕੈਂਪ



**ਨਾਭਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਾਭਾ ਮੀਡੀਆ ਕਲੱਬ ਵੱਲੋਂ ਮਾਨਵ ਸੇਵਾ ਉੱਤਮ ਸੇਵਾ ਰਜਿ. ਨਾਭਾ ਅਤੇ ਰੋਇਲ ਰਾਈਡਰਜ਼ ਨਾਭਾ ਦੇ ਸਹਿਯੋਗ ਨਾਲ 4 ਅਕਤੂਬਰ ਨੂੰ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ। ਇਹ ਕੈਂਪ ਐਤਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲਾਇਨਜ਼ ਕਲੱਬ, ਸਿਨੇਮਾ ਰੋਡ, ਨਾਭਾ ਵਿਖੇ ਲਗਾਇਆ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਉਪਲਬਧਤਾ ਯਕੀਨੀ ਬਣਾਉਣਾ ਅਤੇ ਲੋਕਾਂ ਨੂੰ ਖ਼ੂਨਦਾਨ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨਾ ਹੈ। ਇਸ ਮੌਕੇ ਕਲੱਬ ਦੇ ਪ੍ਰਧਾਨ ਜਸਨਾਰ ਸਿੰਘ ਦੁਲਦੀ, ਪ੍ਰਧਾਨ ਮਨਿੰਦਰ ਸਿੰਘ ਗੋਲੀ, ਮੁੱਖ ਸੇਵਾਦਾਰ ਵਿਕਾਸ ਮਿੱਤਲ ਅਤੇ ਹੋਰ ਮੈਂਬਰਾਂ ਨੇ ਸ਼ਹਿਰ ਵਾਸੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਖ਼ੂਨਦਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਕਾਰਜ ਹੈ, ਜਿਸ ਨਾਲ ਕਿਸੇ ਲੋੜਵੰਦ ਵਿਅਕਤੀ ਦੀ ਜਾਨ ਬਚਾਈ ਜਾ ਸਕਦੀ ਹੈ। ਖ਼ੂਨਦਾਨ ਕਰਨ ਨਾਲ ਸਮਾਜ ਵਿੱਚ ਮਨੁੱਖਤਾ ਅਤੇ ਆਪਸੀ ਸਹਿਯੋਗ ਦੀ ਭਾਵਨਾ ਨੂੰ ਵੀ ਉਤਸ਼ਾਹ ਮਿਲਦਾ ਹੈ। ਇਸ ਮੌਕੇ ਕਲੱਬ ਦੇ ਮੈਂਬਰਾਂ ਅਤੇ ਸੰਸਥਾ ਦੇ ਅਹੁਦੇਦਾਰਾਂ ਨੇ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਕਾਰਜ ਲਗਾਤਾਰ ਜਾਰੀ ਰੱਖਣ ਦਾ ਭਰੋਸਾ ਦਿੱਤਾ।

# ਜ਼ਿਲ੍ਹਾਂ ਮੈਜਿਸਟ੍ਰੇਟ ਵੱਲੋਂ ਰਾਸ਼ਟਰਪਤੀ ਦੇ ਦੌਰੇ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿੱਚ ਡਰੋਨ ਤੇ ਫਲਾਇੰਗ ਜ਼ੋਨ ਤੇ ਲਗਾਈ ਪਾਬੰਦੀ

**ਸ੍ਰੀ ਅਨੰਦਪੁਰ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਦਿੱਤਿਆ ਡੇਚਲਵਾਲ ਆਈ.ਏ.ਐਸ ਜ਼ਿਲ੍ਹਾ ਮੈਜਿਸਟ੍ਰੇਟ ਰੂਪਨਗਰ ਨੇ ਮਾਨਯੋਗ ਰਾਸ਼ਟਰਪਤੀ ਭਾਰਤ ਜੀ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੋ ਡਰੋਨ ਜ਼ੋਨ ਅਤੇ ਨੋ ਫਲਾਇੰਗ ਜ਼ੋਨ ਏਰੀਆ ਘੋਸ਼ਿਤ ਕੀਤਾ ਹੈ ਅਤੇ ਸੁਰੱਖਿਆ ਦੇ ਮੱਦੇਨਜ਼ਰ ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਅਤੇ ਮਿਲਟਰੀ ਫੋਰਸ ਨੂੰ ਇਹਨਾਂ ਹੁਕਮਾਂ ਤੋਂ ਛੋਟ ਹੋਵੇਗੀ। ਜ਼ਿਲ੍ਹਾ ਮੈਜਿਸਟ੍ਰੇਟ ਨੇ ਆਪਣੇ ਆਦੇਸ਼ ਵਿਚ ਕਿਹਾ ਹੈ ਕਿ ਸੀਨੀਅਰ ਪੁਲਿਸ ਕਪਤਾਨ ਰੂਪਨਗਰ ਜੀ ਵੱਲੋਂ ਆਪਣੇ ਦਫ਼ਤਰ ਦੇ ਪੱਤਰ ਨੰਬਰ 69195/ਸਪਿ., ਮਿਤੀ 29-09-2026 ਰਾਹੀਂ ਇਸ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਮਿਤੀ 06-10-2026 ਨੂੰ ਸ੍ਰੀਮਤੀ ਦਰੋਪਦੀ ਮੁਰਮੂ, ਮਾਨਯੋਗ ਰਾਸ਼ਟਰਪਤੀ, ਭਾਰਤ ਸਰਕਾਰ ਜੀ ਦੀ ਮਿਤੀ 06-10-2026 ਨੂੰ ਦਸਮੇਸ਼ ਮਾਰਸ਼ਲ ਅਕੈਡਮੀ ਅਨੰਦਪੁਰ ਸਾਹਿਬ ਵਿਖੇ ਪਧਾਰ ਰਹੇ ਹਨ। ਉਪਰੰਤ ਉਹਨਾਂ ਵੱਲੋਂ ਮਾਤਾ ਸ੍ਰੀ ਨੈਣਾ ਦੇਵੀ ਮੰਦਰ, ਹਿਮਾਚਲ ਪ੍ਰਦੇਸ਼ ਵਿਖੇ ਮੱਥਾ ਟੇਕਣ ਲਈ ਜਾਣਾ ਹੈ। ਇਸ ਲਈ ਮਾਨਯੋਗ ਰਾਸ਼ਟਰਪਤੀ ਭਾਰਤ ਜੀ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਅਤੇ ਲਾਅ ਐਂਡ ਆਰਡਰ ਕਾਇਮ ਰੱਖਣ ਲਈ ਅਨੰਦਪੁਰ ਸਾਹਿਬ ਦੇ ਏਰੀਏ ਵਿੱਚ ਨੋ ਡਰੋਨ ਜ਼ੋਨ ਅਤੇ ਨੋ ਫਲਾਇੰਗ ਜ਼ੋਨ ਏਰੀਆ ਧਾਰਾ 163 ਬੀ.ਐੱਨ.ਐੱਸ. ਅਧੀਨ ਆਰਡਰ ਜਾਰੀ ਕਰਨ ਲਈ ਕਿਹਾ ਗਿਆ ਹੈ।ਇਸ ਲਈ ਇਹ ਹੁਕਮ ਮੌਜੂਦਾ ਸਥਿਤੀ ਨੂੰ ਮੁੱਖ ਰੱਖਦੇ ਹੋਏ ਇੱਕਤਰਫ਼ਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਲੋਕਾਂ ਦੇ ਨਾਮ ਜਾਰੀ ਕੀਤਾ ਜਾਂਦਾ ਹੈ।

# ਪਿੰਡ ਸ਼ੇਰੀਆਂ ਵਿਖੇ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ




**ਮਾਛੀਵਾੜਾ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਹੇਠ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਪਿੰਡ ਸ਼ੇਰੀਆਂ, ਬਲਾਕ ਮਾਛੀਵਾੜਾ ਸਾਹਿਬ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਰਿਟਾਇਰਡ ਚੀਫ਼ ਐਗਰੀਕਲਚਰ ਅਫ਼ਸਰ ਡਾ. ਬਲਦੇਵ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਅਗਮਪ੍ਰੀਤ ਕੌਰ ਅਤੇ ਅੰਕਿਤ ਕਪੂਰ ਵੱਲੋਂ ਡੇਅਰੀ ਫਾਰਮਰਾਂ ਨੂੰ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਸਕੀਮਾਂ, ਪਸ਼ੂਆਂ ਦੀ ਖੁਰਾਕ, ਚਾਰੇ ਅਤੇ ਡੇਅਰੀ ਕਰਜ਼ਾ ਕੇਸਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਪਿੰਡ ਦੇ ਸਰਪੰਚ

ਦਵਿੰਦਰ ਕੌਰ ਨੇ ਪੰਜਾਬ ਡੇਅਰੀ ਵਿਕਾਸ ਵਿਭਾਗ ਵੱਲੋਂ ਆਈ ਟੀਮ ਦਾ ਸਰਕਾਰੀ ਸਕੀਮਾਂ ਸਬੰਧੀ ਜਾਣਕਾਰੀ ਦੇਣ ਲਈ ਧੰਨਵਾਦ ਕੀਤਾ ਇਸ ਕੈਂਪ ਦੌਰਾਨ ਪਿੰਡ ਦੀ ਪੰਚਾਇਤ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਸਾਡੇ ਬਜ਼ੁਰਗ, ਸਾਡਾ ਮਾਣ ਮੁਹਿੰਮ ਤਹਿਤ ਬਜ਼ੁਰਗਾਂ ਅਤੇ ਨੌਜਵਾਨਾ ਦੀ ਆਪਸੀ ਸਾਂਝ ਨੂੰ ਸਮਰਪਿਤ ਐਮ. ਆਰ. ਕਾਲਜ ਫਾਜ਼ਿਲਕਾ ਵਿਖੇ ਪ੍ਰੋਗਰਾਮ ਦਾ ਆਯੋਜਨ




**ਫਾਜ਼ਿਲਕਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਮਾਣ-ਸਨਮਾਨ ਦੇਣ ਅਤੇ ਉਨ੍ਹਾਂ ਦੀ ਭਲਾਈ ਹਿੱਤ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਸ਼ੁਰੂ ਕੀਤੀ ਗਈ ਹੈ ਤੇ ਅੱਜ ਫਾਜ਼ਿਲਕਾ ਦੇ ਐਮ.ਆਰ.ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਫਾਜ਼ਿਲਕਾ ਵੱਲੋਂ ਬਜ਼ੁਰਗਾਂ ਦੇ ਸਨਮਾਨ ਲਈ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਐੱਸ.ਡੀ.ਐੱਮ. ਫਾਜ਼ਿਲਕਾ ਜੁਗਰਾਜ ਸਿੰਘ ਕਾਹਲੋਂ ਅਤੇ ਵਿਧਾਇਕ ਨਰਿੰਦਰਪਾਲ ਸਿੰਘ ਦੀ ਧਰਮਪਤਨੀ ਅਤੇ ਖੁਸ਼ੀ ਫਾਊਂਡੇਸ਼ਨ ਦੀ ਚੇਅਰਪਰਸ਼ਨ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਨੇ ਸ਼ਿਰਕਤ ਕੀਤੀ।

ਇਸ ਮੌਕੇ ਬੋਲਦਿਆਂ ਐੱਸ.ਡੀ.ਐੱਮ ਜੁਗਰਾਜ ਸਿੰਘ ਨੇ ਕਿਹਾ ਕਿ ਬਜ਼ੁਰਗਾਂ ਅਤੇ ਨੌਜਵਾਨਾਂ ਦਾ ਆਪਸੀ ਤਾਲਮੇਲ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਾਨੂੰ ਆਪਣੇ ਬਜ਼ੁਰਗਾਂ ਤੋਂ ਸਾਡੀ ਪੀੜ੍ਹੀ ਅਤੇ ਹੋਰ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ ਉਸੇ ਤਰ੍ਹਾਂ ਹੀ ਅੱਜ ਦੇ ਆਧੁਨਿਕ ਯੁੱਗ ਬਾਰੇ ਸਾਡੇ ਬਜ਼ੁਰਗਾਂ ਨੂੰ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ ਸੋ ਇਸ ਲਈ ਦੋਵਾਂ ਦੀ ਆਪਸੀ ਸਾਂਝ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗਾਂ ਨੇ ਹੀ ਸਾਡੇ ਪਰਿਵਾਰਾਂ ਨੂੰ ਬੰਨ੍ਹ ਕੇ ਰੱਖਿਆ ਹੋਇਆ ਸੀ। ਅਜੌਕੇ ਸਮੇਂ ਵਿੱਚ ਜਿਹੜੇ ਆਪਣੇ ਬਜ਼ੁਰਗਾਂ ਦਾ ਮਾਨ ਸਤਿਕਾਰ ਨਹੀਂ ਕਰਦੇ, ਉਨ੍ਹਾਂ ਦੇ ਪਰਿਵਾਰ ਬਿਖਰ ਰਹੇ ਹਨ। ਇਸ ਲਈ ਸਾਨੂੰ ਬਜ਼ੁਰਗਾਂ ਦੀ ਸਾਂਭ-ਸੰਭਾਲ ਅਤੇ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਘਰਾਂ ਦੇ ਜਿੰਦਰੇ ਹੁੰਦੇ ਹਨ ਤੇ ਉਨ੍ਹਾਂ ਦੇ ਰਹਿੰਦੇ ਘਰ ਵਿੱਚ ਕਿਸੇ ਨੂੰ ਕੋਈ ਫਿਕਰ ਨਹੀਂ ਹੁੰਦਾ। ਸੋ ਬਜ਼ੁਰਗਾਂ ਦੀ ਭਲਾਈ ਵਿੱਚ ਹੀ ਸਾਡੇ ਸਮਾਜ ਦੀ ਭਲਾਈ ਹੈ।

ਵਿਧਾਇਕ ਸਵਨਾ ਦੀ ਧਰਮਪਤਨੀ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਨੇ ਕਿਹਾ ਕਿ ਬਜ਼ੁਰਗਾਂ ਦੀ ਭਲਾਈ ਲਈ ਸ਼ੁਰੂ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮੁੱਢਲੇ ਸੰਸਕਾਰ ਆਪਣੇ ਮਾਤਾ ਪਿਤਾ ਤੋਂ ਪ੍ਰਾਪਤ ਹੁੰਦੇ ਹਨ ਤੇ ਉਦੋਂ ਬੱਚਿਆਂ ਨੂੰ ਬਜ਼ੁਰਗਾਂ ਦਾ ਸਤਿਕਾਰ ਕਰਨਾ ਸਿਖਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡੀ ਸੱਭਿਅਤਾ ਦੇ ਚਾਨਣ ਮੁਨਾਰੇ ਹਨ, ਜਿਨ੍ਹਾਂ ਤੋਂ ਸੇਧ ਲੈ ਕੇ ਅਗਲੀ ਪੀੜ੍ਹੀ ਨੇ ਮੰਜ਼ਿਲਾਂ ਤੈਅ ਕਰਨੀਆਂ ਹਨ। ਜਿਹੜੀ ਪੀੜ੍ਹੀ ਆਪਣੇ ਬਜ਼ੁਰਗਾਂ ਦਾ ਸਨਮਾਨ ਨਹੀਂ ਕਰਦੀ ਅਤੇ ਉਨ੍ਹਾਂ ਤੋਂ ਸੇਧ ਨਹੀਂ ਲੈਂਦੀ ਉਹ ਆਪਣੇ ਰਾਹ ਤੋਂ ਭਟਕ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅੱਜ ਜੇਕਰ ਅਸੀਂ ਆਪਣੇ ਬਜ਼ੁਰਗਾਂ ਦਾ ਸਨਮਾਨ ਕਰਾਂਗੇ ਤਾਂ ਸਾਡੇ ਬੱਚੇ ਸਾਡਾ ਸਨਮਾਨ ਕਰਨਗੇ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅਫਸਰ ਨਵੀਨ ਗਡਵਾਲ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੀ ਬਜ਼ੁਰਗ ਆਬਾਦੀ ਦਾ ਸਨਮਾਨ ਅਤੇ ਸਹਾਇਤਾ ਕਰਨ ਪ੍ਰਤੀ ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਹਨ ਤੇ ਇਨ੍ਹਾਂ ਦੀ ਭਲਾਈ ਹਿੱਤ ਤੇ ਸੰਭਾਲ ਕਰਨ ਲਈ ਹਰ ਸੰਭਵ ਯਤਨ ਕਰਨ ਲਈ ਅਸੀਂ ਵਚਨਬੱਧ ਹਾਂ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਸ਼ੁਰੂ ਕਰਨ ਦਾ ਮਕਸਦ ਹੈ ਕਿ ਅਸੀਂ ਬਜ਼ੁਰਗਾਂ ਨੂੰ ਉਚਿਤ ਮਾਨ ਸਨਮਾਨ ਦੇਣ ਦੇ ਨਾਲ-ਨਾਲ, ਸਿਹਤ ਅਤੇ ਹੋਰ ਸਮਾਜਿਕ ਸੁਰੱਖਿਆ ਸੇਵਾਵਾਂ ਪਹਿਲ ਦੇ ਆਧਾਰ ਤੇ ਉਪਲਬਧ ਕਰਵਾਈਏ।

ਪ੍ਰੋਗਰਾਮ ਦੌਰਾਨ ਅਬੋਹਰ ਤੋਂ ਝੂੰਮਰ ਦੇ ਬਾਦਸ਼ਾਹ ਬਾਬਾ ਤੋਖਰ ਦੀ ਪੀੜ੍ਹੀ ਵੱਲੋਂ ਝੂੰਮਰ ਦੀ ਸ਼ਾਨਦਾਰੀ ਪੇਸ਼ਕਾਰੀ ਨੇ ਬਜ਼ੁਰਗਾਂ ਤੇ ਵਿਦਿਆਰਥੀਆਂ ਦਾ ਮਨ ਮੋਹਿਆ। ਇਸ ਤੋਂ ਪਹਿਲਾ ਝੂੰਮਰ ਦੇ ਬਾਬਾ ਜਸਵੰਤ ਸਿੰਘ ਬਜ਼ੁਰਗਾਂ ਦੇ ਸਨਮਾਨ ਨੂੰ ਸਮਰਪਿਤ ਗੀਤ ਰਾਹੀਂ ਬਜ਼ੁਰਗਾਂ ਨੂੰ ਭਾਵੁਕ ਕੀਤਾ।

ਇਸ ਦੌਰਾਨ ਕਾਲਜ ਦੇ ਵਿਦਿਆਰਥੀਆਂ ਵੱਲੋਂ ਮਮਿੱਕਰੀ, ਨਾਟਕ, ਲੋਕ ਗੀਤ ਅਤੇ ਕਵਿਤਾ ਆਦਿ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਕੀਤੀਆਂ ਗਈਆਂ।

ਇਸ ਤੋਂ ਬਾਅਦ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਫਾਜ਼ਿਲਕਾ ਵੱਲੋਂ ਬਜ਼ੁਰਗਾਂ ਦਾ ਸਨਮਾਨ ਕੀਤਾ ਗਿਆ ਅਤੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਤੀਵਿਧੀਆਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਚੇਅਰਮੈਨ ਟ੍ਰੇਡ ਵਿੰਗ ਲਵਿਸ ਚਾਵਲਾ, ਪ੍ਰੋਫੈਸਰ ਗੁਰਮੰਦਿਰ ਕੌਰ, ਪ੍ਰੋਫੈਸਰ ਰੇਨੂੰ ਬਾਲਾ, ਇੰਚਾਰਜ ਯੂਥ ਫੈਸਟੀਵਲ ਤੇ ਸਭਿਆਚਾਰਕ ਗਤੀਵਿਧੀਆਂ ਕਮੇਟੀ, ਡਿਪਟੀ ਲੀਡ ਬੈਂਕ ਮੈਨੇਜਰ ਅਜੇ ਅਗਰਵਾਲ, ਰਿਟਾ.ਜ਼ਿਲ੍ਹਾ ਭਾਸ਼ਾ ਅਫਸਰ ਭੁਪਿੰਦਰ ਉਤਰੇਜਾ ਅਤੇ ਹੋਰ ਕਾਲਜ ਦਾ ਸਟਾਫ ਤੇ ਪਤਵੰਤੇ ਸੱਜਣ ਮੌਜੂਦ ਸਨ।

# ਪੰਜਾਬ 'ਚ ਐੱਸ.ਆਈ.ਆਰ. ਪ੍ਰਕਿਰਿਆ ਮੁਕੰਮਲ ਹੋਣ ਨੇੜੇ, 99 ਫ਼ੀਸਦ ਤੋਂ ਵੱਧ ਕੰਮ ਪੂਰਾ ਹੋਇਆ: ਮੁੱਖ ਚੋਣ ਅਫ਼ਸਰ, ਪੰਜਾਬ ਅਨਿੰਦਿਤਾ ਮਿਤਰਾ

## 55 ਵਿਧਾਨ ਸਭਾ ਹਲਕਿਆਂ ਅਤੇ 08 ਜ਼ਿਲ੍ਹਿਆਂ ਨੇ ਮੁਕੰਮਲ ਕੀਤੀ 100 ਫ਼ੀਸਦ ਐੱਸ.ਆਈ.ਆਰ.-2026 ਪ੍ਰਕਿਰਿਆ

**ਚੰਡੀਗੜ੍ਹ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ.ਆਈ.ਆਰ.) ਦਾ 99.21 ਫ਼ੀਸਦ ਕੰਮ ਪੂਰਾ ਹੋਣ ਨਾਲ ਐਸ.ਆਈ.ਆਰ ਦਾ ਸਮੁੱਚਾ ਅਮਲ ਮੁਕੰਮਲ ਹੋਣ ਨੇੜੇ ਪਹੁੰਚ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਫ਼ਸਰ, ਪੰਜਾਬ (ਸੀ.ਈ.ਓ.) ਅਨਿੰਦਿਤਾ ਮਿਤਰਾ ਨੇ ਦੱਸਿਆ ਕਿ 08 ਜ਼ਿਲ੍ਹਿਆਂ—ਮੋਗਾ, ਸ਼ਹੀਦ ਭਗਤ ਸਿੰਘ ਨਗਰ (ਐੱਸ.ਬੀ.ਐੱਸ. ਨਗਰ), ਮਾਨਸਾ, ਤਰਨ ਤਾਰਨ, ਫ਼ਰੀਦਕੋਟ, ਸੰਗਰੂਰ, ਪਟਿਆਲਾ ਅਤੇ ਮਾਲੇਰਕੋਟਲਾ ਨੇ ਐੱਸ.ਆਈ.ਆਰ. 2026 ਦਾ ਕੰਮ 100 ਫ਼ੀਸਦ ਮੁਕੰਮਲ ਕਰ ਲਿਆ ਹੈ। ਇਸ ਤੋਂ ਇਲਾਵਾ ਸੂਬੇ ਦੇ ਕੁੱਲ 117 ਵਿਧਾਨ ਸਭਾ ਹਲਕਿਆਂ ਵਿੱਚੋਂ 55 ਹਲਕਿਆਂ ਵਿੱਚ ਵੀ ਇਹ ਕੰਮ ਪੂਰਾ ਹੋ ਚੁੱਕਾ ਹੈ।

ਮੁੱਖ ਚੋਣ ਅਫ਼ਸਰ, ਪੰਜਾਬ ਨੇ ਦੱਸਿਆ ਕਿ ਵੋਟਰ ਸੂਚੀ ਵਿੱਚ ਹਰ ਯੋਗ ਵੋਟਰ ਦੀ ਸ਼ਮੂਲੀਅਤ ਯਕੀਨੀ ਬਣਾਉਣ ਅਤੇ ਵੋਟਰਾਂ ਦੀ ਸਹੂਲਤ ਲਈ, ਜਿਨ੍ਹਾਂ ਮਾਮਲਿਆਂ ਵਿੱਚ ਨੋਟਿਸ ਜਾਰੀ ਕੀਤੇ ਗਏ ਹਨ ਅਤੇ ਸੁਣਵਾਈ ਜਾਂ ਦਸਤਾਵੇਜ਼ ਜਮ੍ਹਾਂ ਕਰਵਾਉਣੇ ਬਾਕੀ ਹਨ, ਉੱਥੇ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਖ਼ੁਦ ਵੋਟਰਾਂ ਨਾਲ ਰਾਬਤਾ ਕਾਇਮ ਕਰਨਗੇ ਅਤੇ ਵੋਟਰਾਂ ਨੂੰ ਦਫ਼ਤਰਾਂ ਵਿੱਚ ਸੱਦਣ ਦੀ ਬਜਾਏ ਉਨ੍ਹਾਂ ਪਾਸੋਂ ਲੋੜੀਂਦੇ ਦਸਤਾਵੇਜ਼ ਸਿੱਧੇ ਤੌਰ 'ਤੇ ਇਕੱਤਰ ਕਰਨਗੇ।



ਉਨ੍ਹਾਂ ਕਿਹਾ, ਇਸ ਪ੍ਰਬੰਧ ਨਾਲ ਵੋਟਰਾਂ ਨੂੰ ਨਿੱਜੀ ਸੁਣਵਾਈ ਅਤੇ ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਚੋਣ ਰਜਿਸਟ੍ਰੇਸ਼ਨ ਅਫ਼ਸਰ (ਈ.ਆਰ.ਓ.ਜ਼) ਦੇ ਦਫ਼ਤਰ ਵਿਖੇ ਜਾਣ ਦੀ ਲੋੜ ਨਹੀਂ ਪਵੇਗੀ।

ਇਸ ਤੋਂ ਇਲਾਵਾ, ਜਿਨ੍ਹਾਂ ਵਿਧਾਨ ਸਭਾ ਹਲਕਿਆਂ ਵਿੱਚ ਅਜੇ ਵੀ ਕੁੱਝ ਕੰਮ ਬਾਕੀ ਹੈ, ਉੱਥੇ ਵੋਟਰਾਂ ਦੀ ਸਹੂਲਤ ਲਈ ਆਉਣ ਵਾਲੇ ਹਫ਼ਤੇ ਦੇ ਅਖ਼ੀਰਲੇ ਦਿਨਾਂ (ਵੀਕੈਂਡ) 'ਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।

ਵੋਟਰ ਸੂਚੀ ਨਾਲ ਸਬੰਧਤ ਸ਼ਿਕਾਇਤਾਂ ਅਤੇ ਸਮੱਸਿਆਵਾਂ ਦੇ ਨਿਪਟਾਰੇ ਲਈ ਸੂਬੇ ਭਰ ਦੇ ਜ਼ਿਲ੍ਹਾ ਚੋਣ ਅਫ਼ਸਰਾਂ (ਡੀ.ਈ.ਓਜ਼) ਅਤੇ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓ.ਜ਼) ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ।

ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਦਫ਼ਤਰ ਮੁੱਖ ਚੋਣ ਅਫ਼ਸਰ, ਪੰਜਾਬ ਸਮੁੱਚੀ ਚੋਣ ਮਸ਼ੀਨਰੀ ਨਾਲ ਤਾਲਮੇਲ ਕਰਕੇ ਇਸ ਪੂਰੀ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ.ਐੱਲ.ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਨ ਸਹਿਯੋਗ ਦੇਣ ਅਤੇ ਇਸ ਕਾਰਜ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਲੋੜੀਂਦੇ ਦਸਤਾਵੇਜ਼ ਤੇ ਜਾਣਕਾਰੀ ਜਲਦ ਤੋਂ ਜਲਦ ਮੁਹੱਈਆ ਕਰਵਾਉਣਾ ਯਕੀਨੀ ਬਣਾਉਣ।

# ਪੰਜਾਬ ਖੇਡ ਯੂਨੀਵਰਸਿਟੀ ਨੇ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਸਮਾਜ ਨੂੰ ਦਿੱਤਾ ਨਿਵੇਕਲਾ ਸੁਨੇਹਾ: ਉਲੰਪੀਅਨ ਡਾ. ਰੂਪਾ ਸੈਣੀ



**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਵੱਲੋਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ 21 ਸਤੰਬਰ ਤੋਂ 30 ਸਤੰਬਰ ਤੱਕ ਬਜ਼ੁਰਗਾਂ ਦੀ ਤੰਦਰੁਸਤੀ ਲਈ 10 ਰੋਜ਼ਾ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ। ਖੇਡ ਯੂਨੀਵਰਸਿਟੀ ਨੇ ਇਸ ਕੈਂਪ ਜ਼ਰੀਏ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਨਿਵੇਕਲਾ ਸੁਨੇਹਾ ਪੂਰੇ ਸਮਾਜ ਨੂੰ ਦਿੱਤਾ ਹੈ। ਇਸ ਕੈਂਪ ਦੇ ਵਿਦਾਇਗੀ ਸਮਾਰੋਹ ਵਿਚ ਹਾਕੀ ਉਲੰਪੀਅਨ ਡਾ. ਰੂਪਾ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਸੀਂ ਬਜੁਰਗਾਂ ਦੀ ਸਿਹਤ ਅਤੇ ਮਾਨਸਿਕ ਸਮੱਸਿਆਵਾਂ ਨੂੰ ਧਿਆਨ ਵਿਚ ਰੱਖਦਿਆ ਇਹ ਕੈਂਪ ਦਾ ਲਗਾਇਆ ਸੀ। ਅੱਜ ਦੇ ਸਮੇਂ ਬਜੁਰਗਾਂ ਨੂੰ ਸਭ ਤੋਂ ਵੱਧ ਅੱਖੋਂ-ਪਰੋਖੇ ਕੀਤਾ ਜਾਂਦਾ ਹੈ। ਪਰਿਵਾਰਾਂ ਵਿਚ ਜਿਹੜੀ ਪੁੱਛ-ਪੜਤਾਲ ਬਜੁਰਗਾਂ ਦੀ ਹੋਣੀ ਚਾਹੀਦੀ ਹੈ, ਉਹ ਨਹੀਂ ਹੋ ਰਹੀ ਸਗੋਂ ਉਹਨਾਂ ਨੂੰ ਵਾਧੂ ਪਈ ਵਸਤੂ ਵਜੋਂ ਦੇਖਿਆ ਜਾ ਰਿਹਾ ਹੈ ਜਿਹੜੀ ਸਾਡੇ ਸਮਾਜ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ। ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ। ਉਹਨਾਂ ਦੇ ਸਾਰੀ ਉਮਰ ਦੇ ਤਜ਼ਰਬੇ, ਉਹਨਾਂ ਦਾ ਨਜ਼ਰੀਆ ਸਾਡੇ ਲਈ ਖਜ਼ਾਨੇ ਦਾ ਕੰਮ ਕਰ ਸਕਦਾ ਹੈ। ਜਿਹੜੀਆਂ ਗੱਲਾਂ ਅਸੀਂ ਉਹਨਾਂ ਦੀ ਜ਼ਿੰਦਗੀ ਦੇ ਤਜ਼ਰਬੇ ਸਾਂਝੇ ਕਰਕੇ ਸਿੱਖ ਸਕਦੇ ਹਾਂ, ਉਹ ਕਿਸੇ ਕਿਤਾਬ ਵਿਚੋਂ ਨਹੀਂ ਸਿੱਖੇ ਜਾ ਸਕਦੇ। ਇਸ ਮੌਕੇ ਡਾ. ਰੂਪਾ ਸੈਣੀ ਨੇ ਕਿਹਾ ਕਿ ਅਜੋਕੇ ਸਮੇਂ ਵਿਚ ਸਾਡਾ ਸਮਾਜ ਕੁਰਾਹੇ ਪਿਆ ਹੋਇਆ ਹੈ, ਇਸ ਵਿਚ ਬਜ਼ੁਰਗਾਂ ਦੀ ਬੇਕਦਰੀ ਤੇ ਨਿਰਾਦਰ ਆਮ ਵਰਤਾਰਾ ਹੈ, ਜਿਆਦਾਤਰ ਘਰਾਂ ਵਿਚ ਔਲਾਦ ਬੁਢਾਪੇ ਸਮੇਂ ਆਪਣੇ ਮਾਂ-ਬਾਪ ਤੋਂ ਕਿਨਾਰਾ ਕਰਨ ਲੱਗ ਪਈ ਹੈ। ਉਹਨਾਂ ਕਿਹਾ ਕਿ ਮੈਂ ਖੇਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਗਿੱਲ ਨੂੰ ਇਸ ਨੇਕ ਉਪਰਾਲੇ ਲਈ ਵਧਾਈ ਦਿੰਦੀ ਹਾਂ। ਉਹਨਾਂ ਦੀ ਦੂਰ ਅੰਦੇਸ਼ੀ ਸਦਕਾ ਇਕ ਚੰਗਾ ਸੁਨੇਹਾ ਸਮਾਜ ਵਿਚ ਜਾ ਸਕਿਆ ਹੈ ਅਤੇ ਬਜ਼ੁਰਗਾਂ ਦਾ ਆਸ਼ੀਰਵਾਦ ਵੀ ਇਸ ਯੂਨੀਵਰਸਿਟੀ ਨੂੰ ਮਿਲ ਸਕਿਆ ਹੈ। ਵਿਦਾਇਗੀ ਸਮਾਰੋਹ ਦੌਰਾਨ ਬਜ਼ੁਰਗ ਆਪਣੇ ਕੈਂਪ ਦੇ ਅਨੁਭਵ ਸਾਂਝੇ ਕਰਦਿਆ ਕਾਫੀ ਖੁਸ਼ ਅਤੇ ਉਤਸ਼ਾਹਿਤ ਨਜ਼ਰ ਆਏ। ਅੰਤ ਵਿਚ ਸਾਰੇ ਬਜ਼ੁਰਗਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਡਾ. ਗਿੱਲ ਨੇ ਦੱਸਿਆ ਕਿ ਇਸ ਕੈਂਪ ਵਿੱਚ 110 ਦੀ ਗਿਣਤੀ ਵਿੱਚ ਬਜ਼ੁਰਗ ਨੇ ਭਾਗ ਲਿਆ। 10 ਦਿਨਾਂ ਦੌਰਾਨ ਸਾਡੇ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਵੱਲੋਂ ਬਜ਼ੁਰਗਾਂ ਨੂੰ ਰੋਜ਼ਾਨਾ ਦੀਆਂ ਡਾਇਲਸਿਸ,ਬਲੱਡ ਪ੍ਰੈਸ਼ਰ, ਸ਼ੂਗਰ, ਕਿਸੇ ਵੀ ਤਰ੍ਹਾਂ ਦੀ ਸਰਜਰੀ ਆਦਿ ਵੱਖ-ਵੱਖ ਬਿਮਾਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੀ ਸੁਵਿਧਾ ਅਤੇ ਲੋੜ ਅਨੁਸਾਰ ਖਾਣ-ਪੀਣ ਦੀਆਂ ਆਦਤਾਂ ਨੂੰ ਨਿਰਧਾਰਤ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਬਜ਼ੁਰਗਾਂ ਦੇ ਮਾਨਸਿਕ ਤਣਾਅ ਅਤੇ ਇਕੱਲੇਪਣ ਨੂੰ ਘੱਟ ਕਰਨ ਲਈ ਕੌਂਸਲਰਾਂ ਦੀ ਟੀਮ ਨੇ ਲੋੜੀਂਦੀ ਕੌਂਸਲਿੰਗ ਕਰਕੇ ਖੇਡਾਂ ਦੀਆਂ ਰਚਨਾਤਮਕ ਕ੍ਰਿਆਵਾਂ ਵੀ ਕਰਵਾਈਆਂ।

# ਸਵੱਛਤਾ ਸੇਵਾ ਅਭਿਆਨ ਤਹਿਤ ਕਰਵਾਈ ਗਈ ਸਫ਼ਾਈ



**ਬਠਿੰਡਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਵੱਛ, ਸੁੰਦਰ ਅਤੇ ਸਿਹਤਮੰਦ ਵਾਤਾਵਰਣ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਬਠਿੰਡਾ ਵੱਲੋਂ ਸਵੱਛਤਾ ਸੇਵਾ ਅਭਿਆਨ ਤਹਿਤ ਵਿਸ਼ੇਸ਼ ਸਫ਼ਾਈ ਮੁਹਿੰਮ ਤਹਿਤ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਬਠਿੰਡਾ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫ਼ਾਈ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਕੀਤੀ ਗਈ।

ਮੁਹਿੰਮ ਦੌਰਾਨ ਦਫ਼ਤਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਕੂੜਾ-ਕਰਕਟ ਹਟਾਇਆ ਗਿਆ ਅਤੇ ਸਫ਼ਾਈ ਵਿਵਸਥਾ ਨੂੰ ਸੁਚੱਜਾ ਬਣਾਇਆ ਗਿਆ। ਇਸ ਦੇ ਨਾਲ ਹੀ ਸਫ਼ਾਈ ਪ੍ਰਤੀ ਜਾਗਰੂਕਤਾ ਪੈਦਾ ਕਰਦਿਆਂ ਸਵੱਛਤਾ ਸਿਰਫ਼ ਮੁਹਿੰਮ ਨਹੀਂ, ਸਗੋਂ ਸਾਡੀ ਰੋਜ਼ਾਨਾ ਜ਼ਿੰਮੇਵਾਰੀ ਹੈ ਦਾ ਸੰਦੇਸ਼ ਦਿੱਤਾ ਗਿਆ।

ਇਸ ਮੌਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਦਿਲਪ੍ਰੀਤ ਸਿੰਘ ਕੰਗ ਨੇ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਨਾ ਸਿਰਫ਼ ਸਾਡੀ ਸਿਹਤ ਲਈ ਜ਼ਰੂਰੀ ਹੈ, ਬਲਕਿ ਇਹ ਇੱਕ ਜ਼ਿੰਮੇਵਾਰ ਅਤੇ ਜਾਗਰੂਕ ਸਮਾਜ ਦੀ ਪਹਿਚਾਣ ਵੀ ਹੈ। ਉਨ੍ਹਾਂ ਕਿਹਾ ਕਿ ਜੇਕਰ ਹਰ ਵਿਅਕਤੀ ਆਪਣੇ ਘਰ, ਦਫ਼ਤਰ ਅਤੇ ਆਲੇ-ਦੁਆਲੇ ਦੀ ਸਫ਼ਾਈ ਨੂੰ ਆਪਣੀ ਜ਼ਿੰਮੇਵਾਰੀ ਸਮਝੇ ਤਾਂ ਸਵੱਛਤਾ ਦੇ ਟੀਚੇ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਵੱਛਤਾ ਦੀ ਇਸ ਭਾਵਨਾ ਨੂੰ ਲਗਾਤਾਰ ਜਾਰੀ ਰੱਖਣ ਅਤੇ ਹੋਰਨਾਂ ਨੂੰ ਵੀ ਸਫ਼ਾਈ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਸਵੱਛਤਾ ਸੇਵਾ ਅਭਿਆਨ ਰਾਹੀਂ ਸਾਫ਼ ਦਫ਼ਤਰ, ਸਾਫ਼ ਆਲੇ-ਦੁਆਲੇ ਅਤੇ ਸਿਹਤਮੰਦ ਸਮਾਜ ਦਾ ਸੁਨੇਹਾ ਦਿੱਤਾ ਗਿਆ।

# ਖੇਤੀਬਾੜੀ ਵਿਭਾਗ ਵੱਲੋਂ ਨਿਊ ਗੋਇਲ ਪੈਸਟੀਸਾਈਡ ਕੁਲਾਰਾਂ ਵਿਰੁੱਧ ਇੰਸੈਕਟੀਸਾਈਡ ਐਕਟ ਅਨੁਸਾਰ ਕੀਤੀ ਕਾਰਵਾਈ: ਮੁੱਖ ਖੇਤੀਬਾੜੀ ਅਫਸਰ, ਪਟਿਆਲਾ

**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਪਟਿਆਲਾ ਅਨੁਪ੍ਰਿਤਾ ਜੌਹਲ ਵੱਲੋਂ ਗਠਿਤ ਕੀਤੀ ਗਈ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਨਿਊ ਗੋਇਲ ਇੰਸੈਕਟੀਸਾਈਡ ਕੁਲਾਰਾਂ ਵਿਰੁੱਧ ਹਰਿਆਣਾ ਵਿਖੇ ਦਰਜ ਹੋਈ ਐਫ.ਆਈ.ਆਰ. ਦੇ ਅਧਾਰ ਤੇ ਇੰਸੈਕਟੀਸਾਈਡ ਐਕਟ-1968 ਅਤੇ ਇੰਸੈਕਟੀਸਾਈਡ ਰੂਲਜ 1971 ਅਨੁਸਾਰ ਕਾਰਵਾਈ ਕਰਦਿਆਂ ਦੁਕਾਨ ਨੂੰ ਸੀਲ ਕੀਤਾ ਗਿਆ।




ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਦੱਸਿਆ ਕਿ ਅਜੈ ਕੁਮਾਰ ਦੇ ਵਿਰੁੱਧ ਨਕਲੀ ਦਵਾਈਆਂ ਵੇਚਣ ਸਬੰਧੀ ਹਰਿਆਣਾ ਵਿਖੇ ਐਫ.ਆਈ.ਆਰ. ਦਰਜ ਹੋਈ ਸੀ ਜਿਸ ਤਹਿਤ ਮਿਤੀ 29 ਸਤੰਬਰ 2026 ਨੂੰ ਖੇਤੀਬਾੜੀ ਵਿਭਾਗ ਦੀ ਟੀਮ ਜਿਸ ਵਿੱਚ ਬਲਾਕ ਖੇਤੀਬਾੜੀ ਅਫਸਰ ਡਾ. ਸਤੀਸ਼ ਕੁਮਾਰ, ਖੇਤੀਬਾੜੀ ਵਿਕਾਸ ਅਫਸਰ ਡਾ. ਵਿਜੈ ਕੁਮਾਰ, ਡਾ. ਅਮਨਪ੍ਰੀਤ ਸਿੰਘ ਸੰਧੂ ਅਤੇ ਡਾ. ਰਸਪਿੰਦਰ ਸਿੰਘ ਵੱਲੋਂ ਸਾਂਝੇ ਤੌਰ ਤੇ ਦੁਕਾਨ ਤੇ ਛਾਪਾ ਮਾਰਿਆ ਗਿਆ ਅਤੇ ਦੱਸਿਆ ਕਿ ਮੌਕੇ ਉੱਪਰ ਦੁਕਾਨਦਾਰ ਮੌਜੂਦ ਨਾ ਹੋਣ ਕਾਰਨ ਉਸ ਦੀ ਦੁਕਾਨ ਇੰਸੈਕਟੀਸਾਈਡ ਇੰਸਪੈਕਟਰ ਡਾ. ਵਿਜੈ ਕੁਮਾਰ ਵੱਲੋਂ ਸੀਲ ਕਰ ਦਿੱਤੀ ਗਈ ਇਸ ਛਾਪੇ ਦੌਰਾਨ ਸੰਜੈਟਾ ਕੰਪਨੀ ਦੇ ਨੁਮਾਇੰਦੇ ਪ੍ਰੇਮ ਸ਼ਰਮਾ ਵੀ ਮੌਕੇ ਤੇ ਮੌਜੂਦ ਸਨ। ਡਾ. ਦਾਰਾ ਸਿੰਘ ਅਨੁਸਾਰ ਦੁਕਾਨ ਮਾਲਕ ਵੱਲੋਂ ਦੁਕਾਨ ਖੋਲਣ ਉਪਰੰਤ ਮੌਜੂਦ ਦਵਾਈਆਂ ਦੇ ਸੈਂਪਲ ਲਏ ਜਾਣਗੇ ਅਤੇ ਇੰਸੈਕਟੀਸਾਈਡ ਐਕਟ 1968 ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਪਰਾਲੀ ਦੀ ਸਾਂਭ-ਸੰਭਾਲ ਲਈ ਆਧੁਨਿਕ ਖੇਤੀ ਮਸ਼ੀਨਾਂ 'ਤੇ ਐੱਸ.ਸੀ. ਕਿਸਾਨਾਂ ਨੂੰ ਮਿਲੇਗੀ 50 ਫੀਸਦੀ ਸਬਸਿਡੀ

**ਮਲੇਰਕੋਟਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਨੂੰ ਆਧੁਨਿਕ ਖੇਤੀ ਮਸ਼ੀਨਰੀ ਨਾਲ ਜੋੜਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਨਾਲ ਸਬੰਧਤ ਵੱਖ-ਵੱਖ ਮਸ਼ੀਨਾਂ ਉੱਪਰ ਸਬਸਿਡੀ ਮੁਹੱਈਆ ਕਰਵਾਉਣ ਲਈ ਅਨੁਸੂਚਿਤ ਜਾਤੀ (ਐੱਸ.ਸੀ.) ਨਾਲ ਸਬੰਧਤ ਵਿਅਕਤੀਗਤ ਕਿਸਾਨਾਂ ਤੋਂ ਮੁੜ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਯੋਗ ਐੱਸ.ਸੀ. ਕਿਸਾਨਾਂ ਨੂੰ ਸਕੀਮ ਦੀਆਂ ਹਦਾਇਤਾਂ ਅਨੁਸਾਰ ਪਰਾਲੀ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਮਸ਼ੀਨਾਂ 50 ਫੀਸਦੀ ਸਬਸਿਡੀ 'ਤੇ ਉਪਲਬਧ ਕਰਵਾਈਆਂ ਜਾਣਗੀਆਂ। ਕਿਸਾਨ ਇਸ ਸਕੀਮ ਤਹਿਤ agrimachinerypb.com ਆਨਲਾਈਨ ਪੋਰਟਲ ਰਾਹੀਂ ਵਿਅਕਤੀਗਤ ਕੰਪੋਨੈਂਟ ਅਧੀਨ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾ ਸਕਦੇ ਹਨ।

ਡਾ. ਹਰਬੰਸ ਸਿੰਘ ਸਿੱਧੂ ਨੇ ਦੱਸਿਆ ਕਿ ਸਕੀਮ ਤਹਿਤ ਸੁਪਰ ਐੱਸ.ਐੱਮ.ਐੱਸ., ਹੈਪੀ ਸੀਡਰ, ਸੁਪਰ ਸੀਡਰ, ਜ਼ੀਰੋ ਟਿੱਲ ਡਰਿੱਲ, ਬੇਲਰ, ਰੇਕ, ਸਰਫੇਸ ਸੀਡਰ ਅਤੇ ਉਲਟਾਵੇਂ ਪਲਾਓ ਆਦਿ ਮਸ਼ੀਨਾਂ ਲਈ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਹਨ। ਸਬਸਿਡੀ ਦੀ ਦਰ ਅਤੇ ਹੋਰ ਸ਼ਰਤਾਂ ਸਕੀਮ ਦੀਆਂ ਨਿਰਧਾਰਤ ਗਾਈਡਲਾਈਨਾਂ ਅਨੁਸਾਰ ਲਾਗੂ ਹੋਣਗੀਆਂ।

ਉਨ੍ਹਾਂ ਦੱਸਿਆ ਕਿ ਅਰਜ਼ੀਆਂ ਦੀ ਚੋਣ ਅਪਲਾਈ ਕਰਨ ਦੀ ਮਿਤੀ ਦੀ ਤਰਜੀਹ ਦੇ ਆਧਾਰ 'ਤੇ ਕੀਤੀ ਜਾਵੇਗੀ। ਝੋਨੇ ਦੀ ਵਾਢੀ ਦੇ ਸੀਜ਼ਨ ਦੌਰਾਨ ਸਕੀਮ ਅਧੀਨ ਉਪਲਬਧ ਫੰਡਾਂ ਦੇ ਅਨੁਸਾਰ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਯੋਗ ਅਰਜ਼ੀਕਾਰਾਂ ਨੂੰ ਮਨਜ਼ੂਰੀ ਦਿੱਤੀ ਜਾਵੇਗੀ।

ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਕੇ ਇਸ ਦਾ ਖੇਤ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਨ।

# ਗਿਆਨੀ ਜੈਲ ਸਿੰਘ ਨਗਰ ਵਿਖੇ ਮਹਿਲਾਵਾਂ ਦੀ ਮੀਟਿੰਗ; ਵਿਧਾਇਕ ਦੀ ਅਗਵਾਈ ਹੇਠ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ



**ਰੂਪਨਗਰ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗਿਆਨੀ ਜੈਲ ਸਿੰਘ ਨਗਰ ਵਿਖੇ ਨਗਰ ਕੌਂਸਲ ਦੇ ਪ੍ਰਧਾਨ ਇੰਦਰਪਾਲ ਸਿੰਘ ਰਾਜੂ ਸਤਿਆਲ ਦੇ ਗ੍ਰਹਿ ਵਿਖੇ ਮਹਿਲਾਵਾਂ ਦੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਧਰਮ ਪਤਨੀ ਨੀਸ਼ਾ ਚੱਢਾ ਅਤੇ ਨਗਰ ਕੌਂਸਲ ਪ੍ਰਧਾਨ ਇੰਦਰਪਾਲ ਸਿੰਘ ਰਾਜੂ ਸਤਿਆਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਅਤੇ ਹਲਕਾ ਰੂਪਨਗਰ ਵਿੱਚ ਵਿਧਾਇਕ ਦਿਨੇਸ਼ ਚੱਢਾ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ।

ਇਸ ਮੌਕੇ ਨਿਸ਼ਾ ਚੱਢਾ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾ ਵੱਲੋਂ ਹਲਕੇ ਦੇ ਵਿਕਾਸ ਲਈ ਲਗਾਤਾਰ ਮਿਹਨਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੜਕਾਂ, ਬੁਨਿਆਦੀ ਢਾਂਚੇ, ਸਿੱਖਿਆ, ਸਿਹਤ ਅਤੇ ਲੋਕਾਂ ਦੀਆਂ ਰੋਜ਼ਾਨਾ ਜ਼ਰੂਰਤਾਂ ਨਾਲ ਸਬੰਧਤ ਮਾਮਲਿਆਂ ਨੂੰ ਤਰਜੀਹ ਦੇ ਕੇ ਹੱਲ ਕਰਵਾਉਣ ਲਈ ਵਿਧਾਇਕ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦਿਨੇਸ਼ ਚੱਢਾ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਂਦੀਆਂ ਹਨ ਅਤੇ ਵਿਕਾਸ ਕਾਰਜਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇੰਦਰਪਾਲ ਸਿੰਘ ਰਾਜੂ ਸਤਿਆਲ ਨੇ ਕਿਹਾ ਕਿ ਵਿਧਾਇਕ ਦਿਨੇਸ਼ ਚੱਢਾ ਵੱਲੋਂ ਹਲਕੇ ਦੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਵੱਲੋਂ ਸ਼ਹਿਰ ਅਤੇ ਪਿੰਡਾਂ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਸਮਝਦਿਆਂ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨਾਲ ਨਿਰੰਤਰ ਸੰਪਰਕ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਨਾ ਵਿਧਾਇਕ ਦੀ ਕਾਰਜਸ਼ੈਲੀ ਦਾ ਅਹਿਮ ਹਿੱਸਾ ਹੈ।

ਮੀਟਿੰਗ ਵਿੱਚ ਨਿਸ਼ਾ ਚੱਢਾ, ਰਾਜੂ ਸਤਿਆਲ, ਤਰਨਜੀਤ ਕੌਰ (ਐੱਮ.ਸੀ.), ਜਗਮੋਹਨ ਕੌਰ (ਐੱਮ.ਸੀ.), ਨੀਲਮ ਰਾਣੀ (ਹਲਕਾ ਇੰਚਾਰਜ ਮਹਿਲਾ ਵਿੰਗ), ਕਰਮਜੀਤ ਕੌਰ (ਹਲਕਾ ਵਾਈਸ ਇੰਚਾਰਜ ਮਹਿਲਾ ਵਿੰਗ), ਬਲਜਿੰਦਰ ਕੌਰ (ਹਲਕਾ ਵਾਈਸ ਇੰਚਾਰਜ ਮਹਿਲਾ ਵਿੰਗ), ਇਸ਼ੂ ਧਵਨ ਅਤੇ ਗੁਰਸਿਰਤ ਕੌਰ ਸਮੇਤ ਹੋਰ ਮਹਿਲਾਵਾਂ ਹਾਜ਼ਰ ਸਨ। ਮੀਟਿੰਗ ਦੌਰਾਨ ਇਲਾਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

# ਗੈਸ ਏਜੰਸੀ ਵਰਕਰਜ਼ ਯੂਨੀਅਨ ਇਫਟੂ ਪਟਿਆਲਾ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ



**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਰਿੰਦਰਾ ਗੈਸ ਸਰਵਿਸ ਐਸ.ਐਸ.ਟੀ. ਨਗਰ ਪਟਿਆਲਾ ਵਿਖੇ ਪਿਛਲੇ 15—20 ਸਾਲਾਂ ਤੋਂ ਲਗਾਤਾਰ ਪੱਕੇ ਕੰਮ ਕਰ ਰਹੇ ਵਰਕਰਾਂ ਨੂੰ ਨਵੀਂ ਆਈ ਏਜੰਸੀ ਮਾਲਕ ਵਲੋਂ ਜਿਸਦੀ ਸਰਕਾਰੇ ਦਰਬਾਰੇ ਪਹੁੰਚ ਹੈ, ਆਪਣੇ ਦਦਫਤਰ ਬੈਠਦੇ ਸਾਰ ਹੀ ਏਜੰਸੀ ਦੇ ਵਰਕਰਾਂ ਨੂੰ ਬੁਲਾ ਕੇ ਦਬਕਾ ਮਾਰਿਆ ਕਿ ਮੈਂ ਚੰਡੀਗੜ੍ਹ (ਪੰਚਕੂਲੇ) ਤੋਂ ਆਈ ਹਾਂ। ਮੇਰੇ ਕੋਲ ਪੰਚਕੂਲੇ ਵਿੱਚ ਤਿੰਨ—ਚਾਰ ਗੈਸ ਏਜੰਸੀਆਂ ਹਨ। ਮੈਂ ਵਰਕਰਾਂ ਨੂੰ ਤਨਖਾਹ ਨਹੀਂ ਦਿੰਦੀ ਹਾਂ। ਵਰਕਰਾਂ ਨੂੰ ਤਨਖਾਹ ਦੇਣੀ ਬੰਦ ਕਰ ਦਿੱਤੀ ਹੈ ਤੇ ਕਿਹਾ ਕਿ ਮੈਨੂੰ ਪਤਾ ਲੱਗਿਆ ਕਿ ਤੁਸੀਂ ਯੂਨੀਅਨ ਦੇ ਮੈਂਬਰ ਹੋ ਤੇ ਯੂਨੀਅਨ ਦੇ ਸਰਗਰਮੀ ਵਿੱਚ ਭਾਗ ਲੈਂਦੇ ਹੋ। ਮੈਂ ਤੁਹਾਨੂੰ ਬੰਦਾ ਬਣਾਉਂਦੀ ਹਾਂ। ਜੇਕਰ ਤੁਸੀਂ ਮੇਰੇ ਕੋਲ ਕੰਮ ਕਰਨਾ ਹੈ ਤਾਂ ਪਹਿਲੀ ਗੱਲ ਇਹ ਹੈ ਕਿ ਤੁਸੀਂ ਲਿਖਕੇ ਦਿਓ ਕਿ ਅਸੀ ਜਥੇਬੰਦੀ ਦੇ ਮੈਂਬਰ ਨਹੀਂ ਹਾਂ। ਦੂਜੀ ਗੱਲ ਇਹ ਹੈ ਕਿ ਮੇਰੇ ਵੱਲੋਂ ਲੋਕਾਂ ਦੇ ਗੈਸ ਸਲੰਡਰਾਂ ਵਿਚੋਂ ਚੋਰੀ ਨਾਲ ਗੈਸ ਕੱਢਕੇ ਸਲੰਡਰ ਲੋਕਾਂ ਨੂੰ ਦੇਣੇ ਹਨ। ਜਦੋਂ ਇਹ ਗੱਲ ਵਰਕਰਾਂ ਵਲੋਂ ਆਪਣੀ ਯੂਨੀਅਨ ਦੇ ਧਿਆਨ ਵਿੱਚ ਲਿਆਦੀ ਤਾਂ ਜਬਾਨੀ ਤੌਰ ਤੇ ਬੋਲ ਕੇ ਵਰਕਰਾਂ ਨੂੰ ਕੰਮ ਤੋਂ ਛੁੱਟੀ ਕਰ ਦਿੱਤੀ ਗਈ ਤੇ ਕਿਹਾ ਗਿਆ ਕਿ ਤਨਖਾਹਾਂ ਵੀ ਯੂਨੀਅਨ ਕੋਲ ਜਾ ਕੇ ਲੈ ਲਵੋ। ਉਪਰੋਕਤ ਮਸਲੇ ਸਬੰਧੀ ਯੂਨੀਅਨ ਦੇ ਆਗੂ ਮਿਤੀ 29—09—2026 ਨੂੰ ਏਜੰਸੀ ਦੇ ਮਾਲਕ ਨੂੰ ਮਿਲਣ ਦੇ ਲਈ ਏਜੰਸੀ ਦਫਤਰ ਗਏ ਤਾਂ ਪਹਿਲਾਂ ਤੋਂ ਹੀ 20 ਬੰਦੇ ਅਣਪਛਾਤੇ ਦਫਤਰ ਅੰਦਰ ਬੈਠੇ ਸੀ। ਮਾਲਕ ਵਲੋਂ ਉਨ੍ਹਾਂ ਵੀਹ ਬੰਦਿਆਂ ਨੂੰ ਆਗੂਆਂ ਦੇ ਗੱਲ ਪਵਾ ਕੇ ਆਪ ਵੀ ਦਫਤਰ ਤੋਂ ਬਾਹਰ ਆਕੇ ਉਚੀ ਉਚੀ ਬੋਲਕੇ ਡਰਾਉਣ ਦੀ ਕੋਸ਼ਿਸ਼ ਕੀਤੀ ਅਤੇ ਕਿਹਾ ਕਿ ਪਤਾ ਨਹੀਂ ਕਿੱਥੋ—ਕਿੱਥੋਂ ਚਲੇ ਆਉਂਦੇ ਹਨ ਭੁੱਖੇ ਨੰਗੇ ਭਜ ਜਾਓ ਇੱਥੋਂ ਮੈਂ ਕੋਈ ਗੱਲ ਨਹੀਂ ਕਰਨੀ ਤੁਹਾਡੇ ਨਾਲ, ਨਹੀ ਤਾਂ ਪੁਲਿਸ ਬੁਲਾਕੇ ਤੁਹਾਡੇ ਪਿਛਵਾੜੇ ਗਰਮ ਕਰਵਾਉਂਦੀ ਹਾਂ ਅਤੇ ਨਾਲੇ ਅੰਦਰ ਕਰਾਉਂਗੀ।

ਸੋ ਜਿਲਾ ਕਮੇਟੀ ਮਜਬੂਰ ਹੋ ਕੇ ਆਪਣੀ ਜਿਲਾ ਕਮੇਟੀ ਦੀ ਮੀਟਿੰਗ ਬੁਲਾਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਜਿਲਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ ਨੇ ਕੀਤੀ। ਮੀਟਿੰਗ ਵਿੱਚ ਜਿਲਾ ਸਕੱਤਰ ਸੁਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ, ਵਿੱਤ ਸਕੱਤਰ ਅਵਤਾਰ ਸਿੰਘ ਨੰਦਪੁਰ ਕੇਸ਼ੋ, ਪ੍ਰੈਸ ਸਕੱਤਰ ਸਤਗੁਰ ਨਾਭਾ ਅਤੇ ਏਜੰਸੀਆਂ ਦੇ ਪ੍ਰਧਾਨ ਜਰਨੈਲ ਸਿੰਘ ਧੀਰਜ ਕੁਮਾਰ, ਕੇਸਰ ਸਿੰਘ,ਮਨਜੀਤ ਸਿੰਘ ਜੱਸੀ, ਸੋਨੀ, ਜ਼ਸਵੀਰ ਸਿੰਘ, ਰਘਬੀਰ ਸਿੰਘ ਨਾਭਾ, ਇਸ ਤੋਂ ਇਲਾਵਾ ਉਚੇਚੇ ਤੌਰ ਤੇ ਜਥੇਬੰਦੀਆਂ ਦੇ ਸਰਪ੍ਰਸਤ ਸੂਬਾ ਆਗੂ ਸ੍ਰੀ ਨਾਥ ਪਟਿਆਲਾ ਹਾਜਰ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਘਰ-ਘਰ ਜਾਗਰੂਕਤਾ ਮੁਹਿੰਮ ਜਾਰੀ

**ਸ੍ਰੀ ਅਨੰਦਪੁਰ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਘਰ-ਘਰ ਜਾ ਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸ ਮੁਹਿੰਮ ਤਹਿਤ ਵਿਲੇਜ਼ ਡਿਫੈਂਸ ਕਮੇਟੀਆਂ, ਵਾਰਡ ਡਿਫੈਂਸ ਕਮੇਟੀਆਂ ਅਤੇ ਕੋਆਰਡੀਨੇਟਰਾਂ ਵੱਲੋਂ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਅੱਜ ਛੋਟੀ ਝੱਖੀਆਂ, ਬੜਾ ਪਿੰਡ, ਟੱਪਰੀਆਂ ਬੜਾ ਪਿੰਡ, ਬੜਾ ਪਿੰਡ ਅੱਪਰ, ਢੇਲਾਵਾੜ ਬਾਸ, ਸ਼ਾਹਪੁਰ ਬੇਲਾ, ਜੀ.ਪੀ. ਪੱਟੀ ਅੱਪਰ, ਪੱਟੀ ਲੋਅਰ, ਪੱਟੀ, ਡੁਕਲੀ ਸਮੇਤ ਵਾਰਡ ਨੰਬਰ 3 ਅਤੇ ਵਾਰਡ ਨੰਬਰ 4 ਨੰਗਲ ਵਿੱਚ ਘਰ-ਘਰ ਪਹੁੰਚ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ ਗਈ। ਕਮੇਟੀਆਂ ਦੇ ਨੁਮਾਇੰਦਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਖਾਤਮੇ ਲਈ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦਾ ਸਾਥ ਦਿੱਤਾ ਜਾਵੇ ਅਤੇ ਜੇਕਰ ਇਲਾਕੇ ਵਿੱਚ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੀ ਜਾਵੇ।

ਇਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਦੇ ਉਪ ਪ੍ਰਧਾਨ ਮੋਹਿਤ ਦੀਵਾਨ ਨੇ ਕਿਹਾ ਕਿ ਨਸ਼ਿਆਂ ਦੀ ਲਤ ਦਾ ਸ਼ਿਕਾਰ ਹੋ ਚੁੱਕੇ ਨੌਜਵਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਇਲਾਜ ਲਈ ਭੇਜਿਆ ਜਾਣਾ ਚਾਹੀਦਾ ਹੈ, ਤਾਂ ਜੋ ਉਹ ਨਸ਼ਿਆਂ ਤੋਂ ਮੁਕਤ ਹੋ ਕੇ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਬਤੀਤ ਕਰ ਸਕਣ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਪਰਿਵਾਰਾਂ ਅਤੇ ਆਮ ਲੋਕਾਂ ਦੀ ਭੂਮਿਕਾ ਬਹੁਤ ਅਹਿਮ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ।

ਮੋਹਿਤ ਦੀਵਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਦੇ ਨਸ਼ਿਆਂ ਨਾਲ ਸਬੰਧਤ ਜਾਣਕਾਰੀ ਸਬੰਧਤ ਪੁਲਿਸ ਸਟੇਸ਼ਨ ਜਾਂ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪ੍ਰਾਪਤ ਹੋਣ ਵਾਲੀ ਨਸ਼ਿਆਂ ਸਬੰਧੀ ਜਾਣਕਾਰੀ ਨੂੰ ਗੁਪਤ ਰੱਖਣ ਅਤੇ ਉਸ 'ਤੇ ਢੁਕਵੀਂ ਕਾਰਵਾਈ ਕਰਨ ਲਈ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਪੁਲਿਸ ਪੈਟਰੋਲਿੰਗ ਵਧਾਉਣ ਅਤੇ ਨਸ਼ਾ ਤਸਕਰਾਂ ਤੇ ਨਸ਼ੇ ਵੇਚਣ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਵਿੱਚ ਹੋਰ ਤੇਜ਼ੀ ਲਿਆਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

ਇਹ ਮੁਹਿੰਮ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਈ ਜਾ ਰਹੀ ਹੈ। ਇਸ ਤਹਿਤ ਐਸ.ਡੀ.ਐਮ. ਨੰਗਲ ਸਚਿਨ ਪਾਠਕ, ਐਸ.ਡੀ.ਐਮ. ਸ੍ਰੀ ਅਨੰਦਪੁਰ ਸਾਹਿਬ ਸੁਖਪਾਲ ਸਿੰਘ, ਡੀ.ਐਸ.ਪੀ. ਸ੍ਰੀ ਅਨੰਦਪੁਰ ਸਾਹਿਬ ਜਸ਼ਨਦੀਪ ਸਿੰਘ ਅਤੇ ਡੀ.ਐਸ.ਪੀ. ਨੰਗਲ ਨਵੀਲਪਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵੱਖ-ਵੱਖ ਖੇਤਰਾਂ ਵਿੱਚ ਜਾਗਰੂਕਤਾ ਕੈਂਪ ਅਤੇ ਘਰ-ਘਰ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ। ਕਮੇਟੀਆਂ ਵੱਲੋਂ ਲੋਕਾਂ ਨੂੰ ਨਾਲ ਜੋੜਦਿਆਂ ਨਸ਼ਿਆਂ ਵਿਰੁੱਧ ਸਮੂਹਿਕ ਲੜਾਈ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

### ਜ਼ਿਲ੍ਹਾ ਪੱਧਰੀ ਕਿਸਾਨ ਮੇਲਾ 7 ਨੂੰ : ਮੁੱਖ ਖੇਤੀਬਾੜੀ ਅਫ਼ਸਰ

**ਬਠਿੰਡਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਾੜ੍ਹੀ 2026-27 ਦੀਆਂ ਫਸਲਾਂ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਅਤੇ ਪਰਾਲੀ ਪ੍ਰਬੰਧਨ ਲਈ ਆਤਮਾ ਸਕੀਮ ਹੇਠ ਜ਼ਿਲ੍ਹਾ ਪੱਧਰ ਦਾ ਕਿਸਾਨ ਮੇਲਾ ਬਲਵੰਤ ਗਾਰਗੀ ਆਡੀਟੋਰੀਅਮ ਹਾਲ, ਬਠਿੰਡਾ ਵਿਖੇ 7 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਲਗਾਇਆ ਜਾਵੇਗਾ। ਕਿਸਾਨ ਮੇਲੇ ਵਿੱਚ ਖੁੱਡੀਆਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

# ਅਮਿਤ ਸ਼ਾਹ ਦਾ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਨ ਦਾ ਦਾਅਵਾ ਖੋਖਲਾ: ਬਲਬੀਰ ਸਿੱਧੂ

**ਮੁਹਾਲੀ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਅੱਜ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਫੇਰੀ ਦੌਰਾਨ ਸੂਬੇ ਵਿੱਚੋਂ 31 ਦਸੰਬਰ 2029 ਤੱਕ ਨਸ਼ਾ ਖ਼ਤਮ ਕਰਨ ਦੇ ਕੀਤੇ ਗਏ ਦਾਅਵੇ ਨੂੰ ਸਿਆਸੀ ਪਖੰਡ ਕਰਾਰ ਦਿੰਦਿਆਂ ਭਾਜਪਾ ਨੂੰ ਸੂਬੇ ਵਿਚ ਨਸ਼ਾ ਤਸਕਰਾਂ ਦੀ ਪੁਸ਼ਤਪਨਾਹੀ ਕਰਨ ਵਿਚ ਬਰਾਬਰ ਦੀ ਜ਼ਿੰਮੇਵਾਰ ਕਿਹਾ ਹੈ।

ਸਿੱਧੂ ਨੇ ਕਿਹਾ ਕਿ ਅਮਿਤ ਸ਼ਾਹ ਦਾ ਇਹ ਦਾਅਵਾ ਪੂਰੀ ਤਰ੍ਹਾਂ ਖੋਖਲਾ ਹੈ ਕਿਉਂਕਿ ਪੰਜਾਬ ਸਿਰ 'ਚਿੱਟੇ' ਦਾ ਕਲੰਕ ਲਾਉਣ ਵਾਲੀ ਅਤੇ ਨਸ਼ਾ ਮਾਫੀਆ ਨੂੰ ਪੂਰੀ ਸਰਪ੍ਰਸਤੀ ਦੇਣ ਵਾਲੀ ਪਿਛਲੀ ਬਾਦਲ ਸਰਕਾਰ ਸੀ। ਜਿਸ ਵਿਚ ਭਾਜਪਾ ਖ਼ੁਦ ਵੀ ਭਾਈਵਾਲ ਸੀ। ਉਨ੍ਹਾਂ ਕਿਹਾ ਕਿ ਸੂਬੇ ਦੇ ਹਜ਼ਾਰਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚ ਫਸਾ ਕੇ ਮੌਤ ਦੇ ਮੂੰਹ ਵਿਚ ਧੱਕਣ ਦੇ ਪਾਪ ਵਿੱਚ ਭਾਜਪਾ ਬਰਾਬਰ ਦੀ ਹਿੱਸੇਦਾਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਲੋਂ ਅੱਜ ਨਸ਼ਾ ਮੁਕਤ ਪੰਜਾਬ ਬਣਾਉਣ ਦੀਆਂ ਗੱਲਾਂ ਕਰਨਾ ਭਾਜਪਾ ਦਾ ਦੋਗਲਾਪਣ ਸਾਬਤ ਕਰਦੀਆਂ ਹਨ।

ਸਿੱਧੂ ਨੇ ਅਮਿਤ ਸ਼ਾਹ ਨੂੰ ਸਵਾਲ ਕੀਤਾ ਕਿ ਪੰਜਾਬ ਆ ਕੇ ਨਸ਼ਿਆਂ ਦੀ ਗੱਲ ਕਰਨ ਵਾਲੇ ਗ੍ਰਹਿ ਮੰਤਰੀ ਨੇ ਦੇਸ਼ ਵਿੱਚ ਮਹਿੰਗਾਈ ਅਤੇ ਆਮ ਪਰਿਵਾਰਾਂ 'ਤੇ ਵਧ ਰਹੇ ਆਰਥਿਕ ਦਬਾਅ ਬਾਰੇ ਕਿਉਂ ਨਹੀਂ ਬੋਲਿਆ? ਅਗਸਤ 2026 ਵਿੱਚ ਭਾਰਤ ਦੀ ਰਿਟੇਲ ਮਹਿੰਗਾਈ 4.82 ਫ਼ੀਸਦੀ ਰਹੀ, ਜਦਕਿ ਖੁਰਾਕੀ ਮਹਿੰਗਾਈ 5.95 ਫ਼ੀਸਦੀ ਦਰਜ ਕੀਤੀ ਗਈ। ਉਨ੍ਹਾਂ ਕਿਹਾ ਕਿ ਜਨਤਾ ਦੀ ਰਸੋਈ ਦਾ ਬਜਟ ਵਧ ਰਿਹਾ ਹੈ। ਉਹ ਇਨ੍ਹਾਂ ਗੱਲਾਂ ਨੂੰ ਕਿਉਂ ਅਣਗੌਲਿਆ ਕਰ ਰਹੇ ਹਨ?

ਉਨ੍ਹਾਂ ਅੱਗੇ ਕਿਹਾ ਕਿ ਸ਼ੇਅਰ ਬਾਜ਼ਾਰ ਵਿੱਚ ਆ ਰਹੀ ਗਿਰਾਵਟ ਅਤੇ ਨਿਵੇਸ਼ਕਾਂ ਦੀ ਚਿੰਤਾ ਬਾਰੇ ਵੀ ਕੇਂਦਰੀ ਸਰਕਾਰ ਨੂੰ ਜਵਾਬ ਦੇਣਾ ਚਾਹੀਦਾ ਹੈ। ਸਤੰਬਰ 2026 ਵਿੱਚ ਨਿਫਟੀ 50 ਵਿੱਚ 6.1 ਫ਼ੀਸਦੀ ਅਤੇ ਸੈਂਸੈਕਸ ਵਿੱਚ 5.8 ਫ਼ੀਸਦੀ ਦੀ ਮਹੀਨਾਵਾਰ ਗਿਰਾਵਟ ਦਰਜ ਕੀਤੀ ਗਈ ਅਤੇ ਵਿਦੇਸ਼ੀ ਨਿਵੇਸ਼ਕਾਂ ਵੱਲੋਂ ਭਾਰਤੀ ਇਕਵਿਟੀਜ਼ ਵਿੱਚੋਂ ਲਗਭਗ 2.7 ਬਿਲੀਅਨ ਡਾਲਰ ਕੱਢੇ ਗਏ। ਸਿੱਧੂ ਨੇ ਸਵਾਲ ਕੀਤਾ ਕਿ ਜਦੋਂ ਦੇਸ਼ ਦੀ ਅਰਥਵਿਵਸਥਾ ਨਾਲ ਜੁੜੇ ਇਹ ਮੁੱਦੇ ਲੋਕਾਂ ਦੀ ਚਿੰਤਾ ਦਾ ਕਾਰਨ ਬਣ ਰਹੇ ਹਨ ਤਾਂ ਪੰਜਾਬ ਦੀ ਧਰਤੀ 'ਤੇ ਇਨ੍ਹਾਂ ਬਾਰੇ ਚਰਚਾ ਕਿਉਂ ਨਹੀਂ ਹੋਈ?



ਕਿਸਾਨੀ ਮੁੱਦੇ 'ਤੇ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਤਿੰਨ ਖੇਤੀ ਕਾਨੂੰਨਾਂ ਦਾ ਸੰਘਰਸ਼ ਅੱਜ ਵੀ ਯਾਦ ਹੈ। ਕੇਂਦਰ ਸਰਕਾਰ ਨੇ ਨਵੰਬਰ 2021 ਵਿੱਚ ਤਿੰਨੋਂ ਖੇਤੀ ਕਾਨੂੰਨ ਵਾਪਸ ਲੈਣ ਦਾ ਐਲਾਨ ਕੀਤਾ ਅਤੇ ਬਾਅਦ ਵਿੱਚ ਸੰਸਦ ਨੇ ਉਨ੍ਹਾਂ ਨੂੰ ਰੱਦ ਕਰ ਦਿੱਤਾ ਸੀ।

ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਨੂੰ ਪੰਜਾਬ ਆ ਕੇ ਕਿਸਾਨਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ, MSP ਦੀ ਕਾਨੂੰਨੀ ਗਾਰੰਟੀ ਅਤੇ ਕਿਸਾਨੀ ਨਾਲ ਜੁੜੇ ਹੋਰ ਮੁੱਦਿਆਂ 'ਤੇ ਵੀ ਸਪੱਸ਼ਟ ਜਵਾਬ ਦੇਣਾ ਚਾਹੀਦਾ ਸੀ।

ਸਿੱਧੂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਦੇਸ਼ ਦੀ ਖੁਰਾਕ ਸੁਰੱਖਿਆ ਵਿੱਚ ਵੱਡਾ ਯੋਗਦਾਨ ਪਾਇਆ ਹੈ ਅਤੇ ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਸਿਰਫ਼ ਚੋਣੀ ਭਾਸ਼ਣਾਂ ਤੱਕ ਸੀਮਤ ਨਹੀਂ ਕੀਤਾ ਜਾ ਸਕਦਾ।

ਸਿੱਧੂ ਨੇ ਕਿਹਾ ਕਿ ਪੰਜਾਬ ਆਉਣ ਵਾਲੇ ਕੇਂਦਰੀ ਆਗੂਆਂ ਨੂੰ ਸੂਬੇ ਦੇ ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣੇ ਪੈਣਗੇ—ਨਸ਼ੇ, ਮਹਿੰਗਾਈ, ਕਿਸਾਨੀ, MSP, ਰੁਜ਼ਗਾਰ ਅਤੇ ਪੰਜਾਬ ਦੇ ਆਰਥਿਕ ਹਿੱਤਾਂ ਬਾਰੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਿਰਫ਼ ਨਾਅਰੇ ਨਹੀਂ, ਸਗੋਂ ਠੋਸ ਨੀਤੀ, ਜਵਾਬਦੇਹੀ ਅਤੇ ਜ਼ਮੀਨੀ ਕਾਰਵਾਈ ਦੀ ਉਮੀਦ ਰੱਖਦੇ ਹਨ।

ਸਿੱਧੂ ਨੇ ਨੇ ਗ੍ਰਹਿ ਮੰਤਰੀ ਨੂੰ ਸਿੱਧਾ ਸਵਾਲ ਕਰਦਿਆਂ ਪੁੱਛਿਆ ਕਿ ਜੇਕਰ ਭਾਜਪਾ ਕੋਲ ਨਸ਼ਾ ਖ਼ਤਮ ਕਰਨ ਦਾ ਕੋਈ ਜਾਦੂਈ ਫਾਰਮੂਲਾ ਹੈ, ਤਾਂ ਉਹ ਆਪਣੀਆਂ ਸਰਕਾਰਾਂ ਵਾਲੇ ਸੂਬਿਆਂ ਖਾਸ ਕਰਕੇ ਗੋਆ ਅਤੇ ਗੁਜਰਾਤ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਨੱਥ ਪਾਉਣ ਵਿੱਚ ਕਿਉਂ ਬੁਰੀ ਤਰ੍ਹਾਂ ਨਾਕਾਮ ਰਹੀ ਹੈ? ਉਨ੍ਹਾਂ ਕਿਹਾ ਕਿ ਗੋਆ ਅੱਜ ਡਰੱਗ ਟੂਰਿਜ਼ਮ ਦਾ ਗੜ੍ਹ ਬਣ ਚੁੱਕਾ ਹੈ ਅਤੇ ਗੁਜਰਾਤ ਦੀਆਂ ਸਮੁੰਦਰੀ ਬੰਦਰਗਾਹਾਂ ਨਸ਼ਾ ਤਸਕਰੀ ਦੇ ਮੁੱਖ ਕੇਂਦਰ ਬਣ ਗਈਆਂ ਹਨ।

ਸਿੱਧੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਸਰਹੱਦ ਪਾਰੋਂ ਆਉਣ ਵਾਲੇ ਨਸ਼ਿਆਂ ਨੂੰ ਰੋਕਣ ਵਿੱਚ ਵੀ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਬੀ.ਐਸ.ਐਫ. ਅਤੇ ਕੇਂਦਰੀ ਏਜੰਸੀਆਂ ਦੇ ਹੁੰਦਿਆਂ ਅੰਤਰਰਾਸ਼ਟਰੀ ਸਰਹੱਦਾਂ ਰਾਹੀਂ ਨਸ਼ਾ ਦੇਸ਼ ਅੰਦਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਗੁਜਰਾਤ ਦੇ ਸਮੁੰਦਰੀ ਪੋਰਟ ਦੇਸ਼ ਵਿੱਚ ਨਸ਼ਾ ਸਮੱਗਲਿੰਗ ਦਾ ਸਭ ਤੋਂ ਵੱਡਾ ਜ਼ਰੀਆ ਅਤੇ ਪ੍ਰਾਇਮਰੀ ਸਰੋਤ ਬਣ ਚੁੱਕੇ ਹਨ, ਜਿੱਥੋਂ ਵੱਡੇ ਪੱਧਰ ਉੱਤੇ ਨਸ਼ੇ ਦੀਆਂ ਖੇਪਾਂ ਆ ਰਹੀਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਆਪਣੇ ਨੱਕ ਹੇਠ ਹੁੰਦੀ ਇਸ ਤਸਕਰੀ ਨੂੰ ਰੋਕਣ ਵਿੱਚ ਪੂਰੀ ਤਰਾਂ ਅਸਮਰੱਥ ਰਹੀ ਹੈ। ਕਾਂਗਰਸੀ ਆਗੂ ਨੇ ਕਿਹਾ ਕਿ ਇਹ ਬੇਹੱਦ ਅਫ਼ਸੋਸਨਾਕ ਹੈ ਕਿ ਅਮਿਤ ਸ਼ਾਹ ਨੇ ਪੰਜਾਬ ਦੀ ਧਰਤੀ 'ਤੇ ਆ ਕੇ ਸੂਬੇ ਦੇ ਭਖਦੇ ਮਸਲਿਆਂ ਅਤੇ ਸਿੱਖ ਕੌਮ ਦੀਆਂ ਚਿਰੋਕਣੀਆਂ ਮੰਗਾਂ, ਜਿਵੇਂ ਕਿ ਬੰਦੀ ਸਿੰਘਾਂ ਦੀ ਰਿਹਾਈ, 'ਤੇ ਇੱਕ ਵੀ ਸ਼ਬਦ ਨਹੀਂ ਬੋਲਿਆ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪੰਜਾਬ ਫੇਰੀ ਸਿਰਫ਼ ਸਿਆਸੀ ਰੋਟੀਆਂ ਸੇਕਣ ਤੱਕ ਸੀਮਤ ਰਹੀ। ਉਹਨਾਂ ਨਾਲ ਇਹ ਵੀ ਕਿਹਾ ਕਿ ਪੰਜਾਬ ਦੇ ਲੋਕ ਹੁਣ ਭਾਜਪਾ ਦੇ ਇਨ੍ਹਾਂ ਖੋਖਲੇ ਵਾਅਦਿਆਂ ਅਤੇ ਜੁਮਲਿਆਂ ਦੇ ਬਹਿਕਾਵੇ ਵਿੱਚ ਨਹੀਂ ਆਉਣਗੇ ਅਤੇ ਜਵਾਨੀ ਨੂੰ ਬਰਬਾਦ ਕਰਨ ਵਾਲਿਆਂ ਨੂੰ ਮੂੰਹ-ਤੋੜ ਜਵਾਬ ਦੇਣਗੇ।

# ਖੇਡਾਂ ਵਤਨ ਪੰਜਾਬ ਦੀਆਂ: ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ; ਫੁਟਬਾਲ ਵਿੱਚ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਬਣਾਈ ਥਾਂ



**ਸੰਗਰੂਰ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ ਪੰਜਾਬ ਵਲੋਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ-04)-2026 ਅਧੀਨ ਬਲਾਕ ਪੱਧਰੀ ਖੇਡਾਂ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਖੇਡਾਂ ਤਹਿਤ ਕੁੱਲ 39 ਵੱਖ-ਵੱਖ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਤੇ ਇਹਨਾਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਖੇਡ ਫੁੱਟਬਾਲ, ਚੈੱਸ, ਆਰਚਰੀ, ਲਾਅਨ ਟੈਨਿਸ, (ਲੜਕੇ/ਲੜਕੀਆਂ) ਦਾ ਅੱਜ ਆਗਾਜ਼ ਕੀਤਾ ਗਿਆ।

ਇਸ ਵਿਸ਼ੇਸ਼ ਮੌਕੇ ਸ੍ਰੀ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋ ਗੇਮ ਚੈੱਸ ਦਾ ਉਦਘਾਟਨ ਕੀਤਾ ਗਿਆ ਜੋ ਕਿ ਅਗਰਵਾਲ ਧਰਮਸ਼ਾਲ, ਸੁਨਾਮੀ ਗੇਟ, ਨੇੜੇ ਵੱਡਾ ਚੌਕ, ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ। ਗੇਮ ਆਰਚਰੀ ਜੀ.ਸੀ.ਐੱਮ. ਕਾਨਵੈਂਟ ਸਕੂਲ, ਦਿੜਬਾ ਵਿਖੇ ਅਤੇ ਫੁੱਟਬਾਲ ਗੇਮ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਸ੍ਰੀ ਮਸਤੂਆਣਾ ਸਾਹਿਬ ਵਿਖੇ ਆਯੋਜਿਤ ਕਰਵਾਈ ਜਾ ਰਹੀ ਹੈ।

ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਸ਼ੁਭ ਇਛਾਵਾਂ ਦਿੱਤੀਆਂ ਗਈਆਂ ਅਤੇ ਖੇਡ ਭਾਵਨਾ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਖੇਡ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਖੇਡਾਂ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸ਼ਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ। ਜ਼ਿਲਾ ਖੇਡ ਅਫਸਰ ਨਵਦੀਪ ਸਿੰਘ ਨੇ ਦੱਸਿਆ ਕਿ ਖੇਡ ਵਿਭਾਗ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਅਤੇ ਵਧੀਆ ਖੇਡ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਗੇਮ ਫੁਟਬਾਲ: ਅੰ: 14 (ਲੜਕੀਆਂ) ਦੇ ਹੋਏ ਸੈਮੀਫਾਈਨਲ ਮੁਕਾਬਲਿਆਂ ਦੌਰਾਨ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ ਅਤੇ ਇਸ ਦੇ ਨਾਲ ਹੀ ਅੰ:17 (ਲੜਕੀਆਂ) ਦੇ ਕੁਆਰਟਰਫਾਈਨਲ ਮੁਕਾਬਲੇ ਦੌਰਾਨ ਸੁਨਾਮ-ਏ ਦੀ ਟੀਮ ਅਨਦਾਨਾ ਦੀ ਟੀਮ ਨੂੰ ਹਰਾ ਕੇ ਫਾਈਨਲ ਮੁਕਾਬਲੇ ਵਿੱਚ ਪਹੁੰਚ ਚੁੱਕੀ ਹੈ।

# ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬਟਾਲਾ ਦਾਣਾ ਮੰਡੀ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ

**➢ ਪੰਜਾਬ ਸਰਕਾਰ ਨੇ ਪਿਛਲੇ 9 ਸੀਜ਼ਨਾਂ ਦੌਰਾਨ ਫਸਲਾਂ ਦੀ ਖਰੀਦ ਸਫਲਤਾਪੂਰਵਕ ਕਰਵਾਈ, ਇਹ ਸੀਜ਼ਨ ਵੀ ਹੋਵੇਗਾ ਸ.ਫਲਤਾਪੂਰਵਕ ਸੰਪੰਨ-ਲਾਲ ਚੰਦ ਕਟਾਰੂਚੱਕ ➢ਝੋਨੇ ਦੇ ਖ਼ਰੀਦ ਸੀਜ਼ਨ ਤੋਂ ਪਹਿਲਾਂ ਪੰਜਾਬ ਲਈ 42786 ਕਰੋੜ ਰੁਪਏ ਦੀ ਸੀ.ਸੀ.ਐੱਲ. ਨੂੰ ਮਿਲੀ ਮਨਜ਼ੂਰੀ**



**ਚੰਡੀਗੜ੍ਹ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ, ਅੱਜ ਪਵਿੱਤਰ ਧਰਤੀ ਬਟਾਲਾ ਵਿਖੇ ਪਹੁੰਚੇ ਅਤੇ ਦਾਣਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।

ਉਨ੍ਹਾਂ ਗੁਰਪ੍ਰੀਤ ਸਿੰਘ ਪਿੰਡ ਡੁੱਲਟ ਅਤੇ ਪ੍ਰਭਜੋਤ ਕੌਰ ਵਲੋਂ ਲਿਆਂਦੀ ਫਸਲ ਦੀ ਢੇਰੀਆਂ ਦੀ ਖਰੀਦ ਕਰਵਾਈ। ਇਸ ਮੌਕੇ ਰਜਨੀਸ਼ ਕੁਮਾਰੀ ਡਿਪਟੀ ਡਾਇਰੈਕਟਰ ਫੂਡ ਸਪਲਾਈ ਵਿਭਾਗ ਪੰਜਾਬ, ਸਾਰੰਗਪ੍ਰੀਤ ਸਿੰਘ ਔਜਲਾ ਐੱਸ ਡੀ ਐੱਮ ਬਟਾਲਾ, ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ, ਚੇਅਰਮੈਨ ਰਵਿੰਦਰ ਸਿੰਘ, ਅਮਨਜੀਤ ਸਿੰਘ ਡੀ ਐੱਫ ਐੱਸ ਸੀ ਗੁਰਦਾਸਪੁਰ, ਪ੍ਰਧਾਨ ਮਨਬੀਰ ਸਿੰਘ ਰੰਧਾਵਾ, ਪ੍ਰਧਾਨ ਗੁਰਬਿੰਦਰ ਸਿੰਘ ਜੌਲੀ, ਕੁਲਜੀਤ ਸਿੰਘ ਜ਼ਿਲ੍ਹਾ ਮੰਡੀ ਅਫਸਰ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ, ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ 9 ਸੀਜ਼ਨਾਂ ਦੌਰਾਨ ਫਸਲਾਂ ਦੀ ਖਰੀਦ ਸਫਲਤਾਪੂਰਵਕ ਕਰਵਾਈ ਹੈ ਅਤੇ ਇਹ ਸੀਜ਼ਨ ਵੀ ਸ.ਫਲਤਾਪੂਰਵਕ ਸੰਪੰਨ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਕਿਸਾਨ ਦੀ ਫ਼ਸਲ ਦਾ ਦਾਣਾ ਦਾਣਾ ਨਿਰਵਿਘਨ ਖਰੀਦਿਆ ਜਾਵੇਗਾ। ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਫਸਲ ਸੁਕਾ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

ਪੱਤਰਕਾਰਾਂ ਨਾਲ ਗੱਲ ਕਰਦਿਆਂ ਸ਼੍ਰੀ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਵਿਚ ਅੱਜ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਏ ਝੋਨੇ ਦੇ ਆਗਾਮੀ ਖ਼ਰੀਦ ਸੀਜ਼ਨ ਤੋਂ ਪਹਿਲਾਂ, ਪੰਜਾਬ ਰਾਜ ਨੂੰ ਅਕਤੂਬਰ ਮਹੀਨੇ ਲਈ 42786.68 ਰੁਪਏ ਦੀ ਨਕਦ ਕਰਜ਼ਾ ਹੱਦ ਦੀ ਮਨਜ਼ੂਰੀ ਦੇ ਰੂਪ ਵਿਚ ਵੱਡੀ ਰਾਹਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੀ.ਸੀ.ਐੱਲ. ਦੀ ਮਨਜ਼ੂਰੀ ਨਾਲ ਸੂਬਾ ਸਰਕਾਰ ਵਲੋਂ ਖ਼ਰੀਦੇ ਜਾਣ ਵਾਲੇ ਝੋਨੇ ਲਈ ਕਿਸਾਨਾਂ ਨੂੰ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਸਕੇਗਾ।

ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਕਿਸਾਨਾਂ ਵਲੋਂ ਮੰਡੀਆਂ ਵਿਚ ਲਿਆਂਦੇ ਜਾਣ ਵਾਲੇ ਝੋਨੇ ਦੀ ਪੈਕਿੰਗ ਲਈ ਵਿਭਾਗ ਵਲੋਂ ਲੋੜੀਂਦਾ ਬਾਰਦਾਨਾ ਵੀ ਪ੍ਰਾਪਤ ਹੋ ਗਿਆ ਹੈ ਤੇ ਸੂਬੇ ਨੂੰ ਸੀਜ਼ਨ 2026-27 ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਮਿਲਿਆ ਹੈ। ਉਨ੍ਹਾਂ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖ਼ਰੀਦੀ ਜਾਵੇਗੀ। ਖ਼ਰੀਦ ਕਾਰਜਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਹੁਣ ਤੱਕ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਖ਼ੂਨ-ਪਸੀਨੇ ਨਾਲ ਉਗਾਏ ਇਕ-ਇਕ ਦਾਣੇ ਨੂੰ ਖਰੀਦਣ ਪ੍ਰਤੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਅਨਲੋਡਿੰਗ ਅਤੇ ਪੈਕਿੰਗ ਦਾ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਸਾਫ਼ ਪੀਣ ਵਾਲੇ ਪਾਣੀ ਆਦਿ ਦੇ ਸੁਚੱਜੇ ਪ੍ਰਬੰਧ ਯਕੀਨੀ ਬਣਾਏ ਗਏ ਹਨ।

ਇਸ ਮੌਕੇ ਉਹ ਆੜ੍ਹਤੀਆਂ ਅਤੇ ਕਿਸਾਨਾਂ ਨੂੰ ਵੀ ਮਿਲੇ ਤੇ ਕਿਹਾ ਕਿ ਮੰਡੀਆਂ ਵਿੱਚ ਉਨ੍ਹਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ। ਉਪਰੰਤ ਉਨ੍ਹਾਂ ਡੀ ਐੱਫ ਐੱਸ ਸੀ ਸਮੇਤ ਸਬੰਧਤ ਖਰੀਦ ਏਜੰਸੀਆਂ ਨਾਲ ਮੀਟਿੰਗ ਕਰਕੇ ਲੋੜੀਂਦੇ ਦਿਸ਼ਾ ਨਿਰਦੇਸ਼ ਵੀ ਦਿੱਤੇ।

ਇਸ ਮੌਕੇ ਮਾਨਿਕ ਮਹਿਕਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਅਤੇ ਉਨ੍ਹਾਂ ਦੀ ਪੂਰੀ ਟੀਮ ਵਲੋਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਸਨਮਾਨਿਤ ਵੀ ਕੀਤਾ ਗਿਆ।

# ਕਿਸਾਨਾਂ ਦੇ ਗਰੀਬ ਲੋਕਾਂ ਦੀ ਮਸੀਹਾ ਬਣ ਕੇ ਕੰਮ ਕਰਨ ਵਾਲੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਹੈ ਸੰਧੂ



**ਮੋਰਿੰਡਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਤੇ ਜਦੋਂ ਵੀ ਕੋਈ ਭੀੜ ਪਈ ਹੈ ਉਦੋਂ ਸਿਰਫ ਤੇ ਸਿਰਫ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਪੰਜਾਬ ਦੇ ਲੋਕਾਂ ਨਾਲ ਖੜੀ ਹੈ ਇਹ ਵਿਚਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਇੰਚਾਰਜ ਹਰਮੋਹਨ ਸਿੰਘ ਸੰਧੂ ਨੇ ਨਜ਼ਦੀਕੀ ਪਿੰਡ ਸੁੱਖੋ ਮਾਜਰਾ ਸੰਗਤਪੁਰਾ ਤੇ ਕਜੌਲੀ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।

ਇਸ ਮੌਕੇ ਉਹਨਾਂ ਕਿਹਾ ਕਿ ਜੇਕਰ ਇੱਕ ਝਾਤ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਰਾਜ ਵੱਲ ਮਾਰੀ ਜਾਵੇ ਤਾਂ ਕਿਸਾਨਾ ਤੇ ਗਰੀਬਾਂ ਲੋਕਾ ਦਾ ਮਸੀਹਾ ਬਣ ਕੇ ਸੇਵਾ ਕਰਨ ਵਾਲੇ ਸਰਦਾਰ ਪ੍ਰਕਾਸ਼ ਸਿੰਘ ਬਾਦਲ ਸਨ ਜਿਨਾਂ ਨੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਰ ਇੱਕ ਦੀ ਬਾਂਹ ਫੜੀ ਸੀ ਇਸ ਮੌਕੇ ਉਹਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ 2027 ਦੀਆ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਸਾਥ ਦੇ ਕੇ ਸੇਵਾ ਕਰਨ ਦਾ ਮੌਕਾ ਦਿਓ ਤਾਂ ਜੋ ਬਾਕੀ ਰਹਿੰਦੇ ਕੰਮਾਂ ਨੂੰ ਵੀ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾ ਸਕੇ ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਹਰਮੋਹਣ ਸਿੰਘ ਸੰਧੂ ਦਾ ਪਿੰਡ ਨਿਵਾਸੀਆਂ ਵੱਲੋਂ ਸਿਰ ਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਸਾਬਕਾ ਸਰਪੰਚ ਸੁਰਜੀਤ ਸਿੰਘ ਤਾਜਪੁਰਾ ਭਾਈ ਹਰਪ੍ਰੀਤ ਸਿੰਘ ਖਾਲਸਾ ਸੰਗਤਪੁਰਾ ਸਾਬਕਾ ਸਰਪੰਚ ਕੇਸਰ ਸਿੰਘ ਜਸਪਾਲ ਸਿੰਘ ਮੱਲੀ ਠੇਕੇਦਾਰ ਜਸਬੀਰ ਸਿੰਘ ਗਿਆਨੀ ਸੁਖਮਿੰਦਰ ਸਿੰਘ ਸਾਬਕਾ ਪੰਚਾਇਤ ਮੈਂਬਰ ਨਾਇਬ ਸਿੰਘ ਗਿਆਨੀ ਲਖਵਿੰਦਰ ਸਿੰਘ ਕਰਮ ਸਿੰਘ ਭੱਟੀ ਨਛੱਤਰ ਸਿੰਘ ਐਕਸ ਸਰਵਿਸਮੈਨ ਸਰਪੰਚ ਸੁਰਜੀਤ ਸਿੰਘ ਕੈਪਟਨ ਹਰਜਿੰਦਰ ਸਿੰਘ ਸਮੇਤ ਹੋਰ ਵੀ ਅਨੇਕਾਂ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਮੋਰਚਾ ਮੁਹਿੰਮ ਤਹਿਤ ਪਿੰਡਾਂ ਤੇ ਵਾਰਡਾਂ ਵਿੱਚ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਜਾਰੀ



**ਸ੍ਰੀ ਅਨੰਦਪੁਰ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਨਸ਼ਾ ਮੁਕਤੀ ਮੋਰਚਾ ਮੁਹਿੰਮ ਤਹਿਤ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵੱਖ-ਵੱਖ ਪਿੰਡਾਂ ਅਤੇ ਵਾਰਡਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਤੇ ਵਾਰਡਾਂ ਵਿੱਚ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸੇ ਤਹਿਤ ਅੱਜ ਸ੍ਰੀ ਅਨੰਦਪੁਰ ਸਾਹਿਬ ਤੇ ਨੰਗਲ ਦੇ ਪਿੰਡ ਦੁਬੇਟਾ, ਨੰਗਲ ਨਿੱਕੂ ਅੱਪਰ ਤੇ ਲੋਅਰ, ਦਬੂੜ, ਚੀਕਣਾ, ਮੱਸੇਵਾਲ, ਬਿਭੌਰ ਸਾਹਿਬ ਅਤੇ ਨੂਰਪੁਰ ਬੇਦੀ ਦੇ ਪਿੰਡ ਜਟਵਾਹੜ, ਗਰੇਵਾਲ, ਨੋਧੇਮਾਜਰਾ, ਗੋਲੂਮਾਜਰਾ ਵਿਖੇ ਮੀਟਿੰਗ ਕਰਵਾਈ ਗਈ, ਜਿਸ ਵਿੱਚ ਪਿੰਡ ਵਾਸੀਆਂ ਨਾਲ ਨਸ਼ਿਆਂ ਦੀ ਰੋਕਥਾਮ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਉਪ ਜ਼ਿਲ੍ਹਾ ਕੋਆਰਡੀਨੇਟਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਮੋਹਿਤ ਦੀਵਾਨ ਨੇ ਦੱਸਿਆ ਕਿ ਪਿੰਡ ਪੱਧਰ 'ਤੇ ਕਰਵਾਈਆਂ ਜਾ ਰਹੀਆਂ ਇਹ ਮੀਟਿੰਗਾਂ ਮੁਹਿੰਮ ਨੂੰ ਲੋਕਾਂ ਨਾਲ ਸਿੱਧੇ ਤੌਰ 'ਤੇ ਜੋੜਨ ਦਾ ਮਹੱਤਵਪੂਰਨ ਮਾਧਿਅਮ ਹਨ। ਉਨ੍ਹਾਂ ਕਿਹਾ ਕਿ ਲਗਾਤਾਰ ਪਿੰਡਾਂ ਵਿਖੇ ਮੀਟਿੰਗਾਂ ਹੋ ਰਹੀਆਂ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਨਿਰਧਾਰਤ ਸਮੇਂ ਅਨੁਸਾਰ ਬਲਾਕ ਦੇ ਹੋਰਨਾਂ ਪਿੰਡਾਂ ਵਿੱਚ ਵੀ ਮੀਟਿੰਗਾਂ ਕਰਵਾਈਆਂ ਜਾਣਗੀਆਂ।

ਉਨ੍ਹਾਂ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਹੋਣ ਵਾਲੀਆਂ ਮੀਟਿੰਗਾਂ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਸੁਖਪਾਲ ਸਿੰਘ, ਉਪ ਪੁਲਿਸ ਕਪਤਾਨ ਜਸ਼ਨਦੀਪ ਸਿੰਘ ਤੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਅਤੇ ਸਿਹਤ ਵਿਭਾਗ ਦੀ ਨਿਗਰਾਨੀ ਹੇਠ ਕਰਵਾਈਆਂ ਜਾ ਰਹੀਆਂ ਹਨ। ਜਦਕਿ ਨੰਗਲ ਦੀਆਂ ਮੀਟਿੰਗਾਂ ਉਪ ਮੰਡਲ ਮੈਜਿਸਟ੍ਰੇਟ ਨੰਗਲ ਸਚਿਨ ਪਾਠਕ, ਉਪ ਪੁਲਿਸ ਕਪਤਾਨ ਨਵੀਨਪਾਲ, ਬਲਾਕ ਵਿਕਾਸ ਤੇ ਪੰਚਾਇਤ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਕਰਵਾਈਆਂ ਜਾ ਰਹੀਆਂ ਹਨ।

ਮੋਹਿਤ ਦੀਵਾਨ ਨੇ ਕਿਹਾ ਕਿ ਇਨ੍ਹਾਂ ਮੀਟਿੰਗਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਮਾਪਿਆਂ ਨੂੰ ਆਪਣੇ ਬੱਚਿਆਂ ਪ੍ਰਤੀ ਸੁਚੇਤ ਰਹਿਣ ਅਤੇ ਉਨ੍ਹਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਚਾਉਣ ਲਈ ਸਮੇਂ ਸਿਰ ਲੋੜੀਂਦੇ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਮੀਟਿੰਗਾਂ ਦੌਰਾਨ ਪਿੰਡ ਵਾਸੀਆਂ ਤੋਂ ਨਸ਼ਿਆਂ ਦੀ ਮੌਜੂਦਾ ਸਥਿਤੀ ਬਾਰੇ ਸਿੱਧੀ ਪ੍ਰਤੀਕਿਰਿਆ ਅਤੇ ਸੁਝਾਅ ਵੀ ਲਏ ਜਾ ਰਹੇ ਹਨ। ਲੋਕਾਂ ਤੋਂ ਇਹ ਜਾਨਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਪਿਛਲੇ ਸਮੇਂ ਦੇ ਮੁਕਾਬਲੇ ਉਨ੍ਹਾਂ ਦੇ ਇਲਾਕੇ ਵਿੱਚ ਨਸ਼ਿਆਂ ਦੀ ਸਥਿਤੀ ਵਿੱਚ ਕਿੰਨਾ ਬਦਲਾਅ ਆਇਆ ਹੈ ਅਤੇ ਨਸ਼ਿਆਂ ਦੀ ਰੋਕਥਾਮ ਲਈ ਹੋਰ ਕਿਹੜੇ ਕਦਮ ਚੁੱਕੇ ਜਾਣ ਦੀ ਲੋੜ ਹੈ। ਪ੍ਰਾਪਤ ਹੋ ਰਹੀ ਪ੍ਰਤੀਕਿਰਿਆ ਦੇ ਆਧਾਰ 'ਤੇ ਜ਼ਮੀਨੀ ਪੱਧਰ ਦੀਆਂ ਲੋੜਾਂ ਨੂੰ ਸਮਝਦਿਆਂ ਅਗਲੇ ਕਦਮ ਤੈਅ ਕਰਨ ਵਿੱਚ ਸਹਾਇਤਾ ਮਿਲ ਰਹੀ ਹੈ।

ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਇਹ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਰਿਵਾਰਾਂ, ਪੰਚਾਇਤਾਂ, ਧਾਰਮਿਕ ਤੇ ਸਮਾਜਿਕ ਸੰਸਥਾਵਾਂ, ਨੌਜਵਾਨਾਂ ਅਤੇ ਆਮ ਲੋਕਾਂ ਦੀ ਸਰਗਰਮ ਭਾਗੀਦਾਰੀ ਨਾਲ ਇਸ ਮੁਹਿੰਮ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਨੂੰ ਪੁਲਿਸ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਅਤੇ ਨੌਜਵਾਨ ਪੀੜ੍ਹੀ ਦੇ ਸੁਰੱਖਿਅਤ ਭਵਿੱਖ ਲਈ ਆਪਣੀ ਜ਼ਿੰਮੇਵਾਰ ਭੂਮਿਕਾ ਨਿਭਾਉਣ।

ਇਸ ਮੌਕੇ ਪਿੰਡਾਂ ਦੇ ਵਸਨੀਕਾਂ ਨੇ ਦੱਸਿਆ ਕਿ ਪਿਛਲੇ ਸਮੇਂ ਦੇ ਮੁਕਾਬਲੇ ਇਲਾਕੇ ਵਿੱਚ ਨਸ਼ਿਆਂ ਦੀ ਸਮੱਸਿਆ ਵਿੱਚ ਕਮੀ ਮਹਿਸੂਸ ਕੀਤੀ ਜਾ ਰਹੀ ਹੈ ਅਤੇ ਇਸ ਸਬੰਧੀ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਯਤਨਾਂ ਲਈ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਨਸ਼ਿਆਂ ਦੀ ਰੋਕਥਾਮ ਲਈ ਪੁਲਿਸ ਪ੍ਰਸ਼ਾਸਨ ਅਤੇ ਸਿਵਲ ਪ੍ਰਸ਼ਾਸਨ ਨੂੰ ਹਰ ਸੰਭਵ ਸਹਿਯੋਗ ਦੇਣਗੇ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਕੋਆਰਡੀਨੇਟਰ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਪ੍ਰਸ਼ਾਸਨ, ਸਿਵਲ ਪ੍ਰਸ਼ਾਸਨ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਟੀਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਪਿੰਡ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ।

# ਡਰੋਨ ਸ਼ੋਅ ਦੀਆਂ ਤਿਆਰੀਆਂ ਸਬੰਧੀ ਵਿਧਾਇਕ ਚੱਢਾ ਨੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਕੀਤੀ ਮੀਟਿੰਗ

**ਰੂਪਨਗਰ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਸ਼ੇਸ਼ ਡਰੋਨ ਸ਼ੋਅ ਦੀ ਲੜੀ ਤਹਿਤ ਅੱਜ ਨਹਿਰੂ ਸਟੇਡੀਅਮ ਰੋਪੜ ਵਿਖੇ ਅਲੌਕਿਕ ਡਰੋਨ ਸ਼ੋਅ ਕਰਵਾਇਆ ਜਾ ਰਿਹਾ ਹੈ। ਇਹ ਡਰੋਨ ਸ਼ੋਅ ਸ਼ਾਮ 5 ਵਜੇ ਹੋਵੇਗਾ, ਜਿਸ ਵਿੱਚ ਡਰੋਨ ਤਕਨਾਲੋਜੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਮਹਾਨ ਜੀਵਨ, ਪਵਿੱਤਰ ਬਾਣੀ ਅਤੇ ਮਨੁੱਖਤਾ ਨੂੰ ਦਿੱਤੇ ਸੰਦੇਸ਼ ਨੂੰ ਰੌਚਕ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਇਸ ਸਬੰਧੀ ਤਿਆਰੀਆਂ ਨੂੰ ਲੈ ਕੇ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੱਲੋਂ ਆਪਣੇ ਮੁੱਖ ਦਫ਼ਤਰ ਰੋਪੜ ਵਿਖੇ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਰੋਨ ਸ਼ੋਅ ਦੇ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਗੂਆਂ ਤੇ ਵਰਕਰਾਂ ਨੂੰ ਵੱਖ-ਵੱਖ ਡਿਊਟੀਆਂ ਸੌਂਪੀਆਂ ਗਈਆਂ।

ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਬਾਣੀ ਅਤੇ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਤਕਨਾਲੋਜੀ ਰਾਹੀਂ ਕਰਵਾਇਆ ਜਾ ਰਿਹਾ ਇਹ ਡਰੋਨ ਸ਼ੋਅ ਬੱਚਿਆਂ ਅਤੇ ਨੌਜਵਾਨਾਂ ਨੂੰ ਗੁਰੂ ਜੀ ਦੇ ਮਹਾਨ ਜੀਵਨ ਅਤੇ ਸਿੱਖਿਆਵਾਂ ਨਾਲ ਜੋੜਨ ਦਾ ਨਵਾਂ ਤੇ ਰੌਚਕ ਉਪਰਾਲਾ ਹੈ। ਉਨ੍ਹਾਂ ਰੂਪਨਗਰ ਅਤੇ ਆਸ-ਪਾਸ ਦੇ ਇਲਾਕਿਆਂ ਦੀਆਂ ਸੰਗਤਾਂ ਨੂੰ ਖੁੱਲ੍ਹਾ ਸੱਦਾ ਦਿੰਦਿਆਂ ਅਪੀਲ ਕੀਤੀ ਕਿ ਉਹ ਅੱਜ ਸ਼ਾਮ 5 ਵਜੇ ਨਹਿਰੂ ਸਟੇਡੀਅਮ ਰੋਪੜ ਵਿਖੇ ਪਹੁੰਚ ਕੇ ਇਸ ਵਿਸ਼ੇਸ਼ ਡਰੋਨ ਸ਼ੋਅ ਦਾ ਹਿੱਸਾ ਬਣਨ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨਾਲ ਇਹ ਸਮਾਗਮ ਹੋਰ ਯਾਦਗਾਰ ਬਣੇਗਾ। ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਥਾਵਾਂ 'ਤੇ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਇਨ੍ਹਾਂ ਰਾਹੀਂ ਗੁਰੂ ਜੀ ਦੇ ਮਹਾਨ ਜੀਵਨ, ਪਵਿੱਤਰ ਬਾਣੀ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਨਵੀਂ ਤਕਨਾਲੋਜੀ ਰਾਹੀਂ ਲੋਕਾਂ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਐਡਵੋਕੇਟ ਗੌਰਵ ਕਪੂਰ, ਕੁਲਦੀਪ ਸਿੰਘ, ਸਰਪੰਚ ਵਿਕਰਾਂਤ ਚੌਧਰੀ, ਡਾਇਰੈਕਟਰ ਹੁਸਨ ਲਾਲ ਚੌਹਾਨ, ਨਵੀਨ ਦਰਦੀ, ਲਾਡੀ ਕੋਚ ਅਤੇ ਅਮਨਦੀਪ ਸਿੰਘ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਫੂਡ ਸੇਫਟੀ ਟੀਮ ਵੱਲੋਂ ਸਵੇਰੇ 5 ਵਜੇ ਨਾਕਾ-ਦੁੱਧ ਤੋਂ ਬਣੇ ਉਤਪਾਦਾਂ ਦੇ 3 ਸੈਂਪਲ ਲਏ



**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫੂਡ ਸੇਫਟੀ ਵਿਭਾਗ, ਪਟਿਆਲਾ ਦੀ ਟੀਮ ਨੇ ਅੱਜ ਸਵੇਰੇ ਕਰੀਬ 5 ਵਜੇ ਨਾਭਾ ਵਿਖੇ ਨਾਕਾ ਲਗਾ ਕੇ ਖਾਧ ਪਦਾਰਥਾਂ ਦੀ ਚੈਕਿੰਗ ਕੀਤੀ। ਇਸ ਦੌਰਾਨ ਦੁੱਧ ਤੋਂ ਬਣੇ ਉਤਪਾਦਾਂ ਦੇ 3 ਸੈਂਪਲ ਲਏ ਗਏ, ਜਿਨ੍ਹਾਂ ਨੂੰ ਵਿਸ਼ਲੇਸ਼ਣ ਲਈ ਲੈਬਾਰਟਰੀ ਭੇਜ ਦਿੱਤਾ ਗਿਆ ਹੈ। ਸੈਂਪਲਾਂ ਦੀ ਰਿਪੋਰਟ ਪ੍ਰਾਪਤ ਹੋਣ ਉਪਰੰਤ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।

ਜ਼ਿਲ੍ਹਾ ਫੂਡ ਸੇਫਟੀ ਅਫ਼ਸਰ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਤੋਂ ਇਲਾਵਾ, ਫੂਡ ਸੇਫਟੀ ਵਿਭਾਗ ਵੱਲੋਂ ਮਿਤੀ 23 ਸਤੰਬਰ 2026 ਨੂੰ ਲਏ ਗਏ ਪਨੀਰ ਦੇ ਸੈਂਪਲ ਦੀ ਜਾਂਚ ਦੌਰਾਨ ਨਾਨ-ਕਨਫਰਮਿੰਗ ਨੂੰ ਪਾਇਆ ਗਿਆ। ਇਸ ਅਸੁਰੱਖਿਅਤ 547 ਕਿੱਲੋ ਪਨੀਰ ਨੂੰ ਅੱਜ ਏਐਸਆਈ ਬਲਵਿੰਦਰ ਸਿੰਘ ਦੀ ਮੌਜੂਦਗੀ ਵਿੱਚ ਨਿਯਮਾਂ ਅਨੁਸਾਰ ਨਸ਼ਟ ਕਰਵਾਇਆ ਗਿਆ।

ਫੂਡ ਸੇਫਟੀ ਵਿਭਾਗ ਨੇ ਜ਼ਿਲ੍ਹਾ ਪਟਿਆਲਾ ਦੇ ਸਮੂਹ ਦੁਕਾਨਦਾਰਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਵੈਂਡਰਾਂ ਜਾਂ ਸਪਲਾਇਰਾਂ ਤੋਂ ਪਨੀਰ ਅਤੇ ਹੋਰ ਦੁੱਧ ਤੋਂ ਬਣੇ ਉਤਪਾਦ ਨਾ ਖਰੀਦਣ ਜੋ ਬਿੱਲ/ਰਸੀਦ ਮੁਹੱਈਆ ਨਹੀਂ ਕਰਵਾਉਂਦੇ।

ਫੂਡ ਸੇਫਟੀ ਅਫਸਰ ਨੇ ਕਿਹਾ ਕਿ ਖਪਤਕਾਰਾਂ ਅਤੇ ਦੁਕਾਨਦਾਰਾਂ ਨੂੰ ਇਹ ਵੀ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਹ ਜੋ ਦੁੱਧ ਉਤਪਾਦ ਖਰੀਦ ਰਹੇ ਹਨ, ਉਸ ਦਾ ਸਰੋਤ, ਸਪਲਾਇਰ ਅਤੇ ਵਿਕਰੇਤਾ ਦੀ ਜਾਣਕਾਰੀ ਉਨ੍ਹਾਂ ਕੋਲ ਮੌਜੂਦ ਹੋਵੇ। ਖਰੀਦ ਸਮੇਂ ਬਿੱਲ/ਰਸੀਦ ਜ਼ਰੂਰ ਲਈ ਜਾਵੇ ਅਤੇ ਉਸ ਦਾ ਰਿਕਾਰਡ ਸੰਭਾਲ ਕੇ ਰੱਖਿਆ ਜਾਵੇ, ਤਾਂ ਜੋ ਦੁੱਧ ਉਤਪਾਦਾਂ ਦੀ ਲੱਭਣਾ ਯਕੀਨੀ ਬਣਾਈ ਜਾ ਸਕੇ।

ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਵਿਭਾਗ ਵੱਲੋਂ ਦੁੱਧ ਅਤੇ ਦੁੱਧ ਤੋਂ ਬਣੇ ਉਤਪਾਦਾਂ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਚੈਕਿੰਗ ਅਤੇ ਸੈਂਪਲਿੰਗ ਦੀ ਕਾਰਵਾਈ ਲਗਾਤਾਰ ਜਾਰੀ ਰਹੇਗੀ। ਆਮ ਜਨਤਾ ਨੂੰ ਅਪੀਲ ਹੈ ਕਿ ਉਹ ਬਿਨਾਂ ਬਿੱਲ ਵਾਲੇ ਜਾਂ ਸ਼ੱਕੀ ਸਰੋਤ ਤੋਂ ਮਿਲਣ ਵਾਲੇ ਖਾਧ ਪਦਾਰਥ ਖਰੀਦਣ ਤੋਂ ਗੁਰੇਜ਼ ਕਰਨ ਅਤੇ ਕਿਸੇ ਵੀ ਸ਼ੱਕੀ ਗਤੀਵਿਧੀ ਬਾਰੇ ਫੂਡ ਸੇਫਟੀ ਵਿਭਾਗ ਨੂੰ ਸੂਚਿਤ ਕਰਨ।

# ਪਟਿਆਲਾ ਜ਼ਿਲ੍ਹੇ ਨੇ ਐਸ ਆਈ ਆਰ 2026 ਦਾ 100 ਫੀਸਦੀ ਕੰਮ ਮੁਕੰਮਲ ਕੀਤਾ: ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਚੋਣ ਕਮਿਸ਼ਨ ਵੱਲੋਂ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ ਆਈ ਆਰ) ਦਾ ਕੰਮ ਪੂਰੇ ਪਟਿਆਲਾ ਜ਼ਿਲ੍ਹੇ ਵਿੱਚ 100 ਫੀਸਦੀ ਮੁਕੰਮਲ ਹੋ ਗਿਆ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ, ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ 8 ਵਿਧਾਨ ਸਭਾ ਹਲਕਿਆਂ—109 ਨਾਭਾ (ਐਸ.ਸੀ.), 110 ਪਟਿਆਲਾ ਦਿਹਾਤੀ, 111 ਰਾਜਪੁਰਾ, 113 ਘਨੌਰ, 114 ਸਨੌਰ, 115 ਪਟਿਆਲਾ, 116 ਸਮਾਣਾ ਅਤੇ 117 ਸ਼ੁਤਰਾਣਾ (ਐਸ.ਸੀ.)—ਨੇ ਐਸ ਆਈ ਆਰ 2026 ਦੀ ਪ੍ਰਕਿਰਿਆ 100 ਫੀਸਦੀ ਪੂਰੀ ਕਰ ਲਈ ਹੈ।

ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਤੇ ਸ਼ੰਕਿਆਂ ਦੇ ਨਿਪਟਾਰੇ ਲਈ ਜ਼ਿਲ੍ਹਾ ਚੋਣ ਅਫ਼ਸਰ, ਪਟਿਆਲਾ ਦੇ ਦਫ਼ਤਰ (ਮਿੰਨੀ ਸਕੱਤਰੇਤ, ਬਲਾਕ-ਏ, ਕਮਰਾ ਨੰਬਰ 320) ਤੋਂ ਇਲਾਵਾ ਜ਼ਿਲ੍ਹੇ ਭਰ ਵਿੱਚ ਚੋਣ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਵਿਖੇ 'ਹੈਲਪ ਡੈਸਕ' ਵੀ ਸਥਾਪਿਤ ਕੀਤੇ ਗਏ ਹਨ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਚੋਣ ਅਫ਼ਸਰ ਦੇ ਦਫ਼ਤਰ ਅਤੇ ਈ.ਆਰ.ਓਜ਼ ਦਫ਼ਤਰਾਂ ਵਿੱਚ ਤਾਇਨਾਤ ਸਮੁੱਚਾ ਚੋਣ ਅਮਲਾ ਇਸ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਲਗਾਤਾਰ ਯਤਨਸ਼ੀਲ ਰਿਹਾ ਹੈ।

ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਰ ਸੂਚੀਆਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ, ਸਵਾਲ ਜਾਂ ਸ਼ੰਕੇ ਦੀ ਸਥਿਤੀ ਵਿੱਚ ਸਥਾਪਿਤ ਕੀਤੇ ਗਏ ਹੈਲਪ ਡੈਸਕਾਂ ਨਾਲ ਸੰਪਰਕ ਕਰਨ ਅਤੇ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਵਿੱਚ ਸਹਿਯੋਗ ਦੇਣ।

# ਮਾਛੀਵਾੜਾ ਅਨਾਜ ਮੰਡੀ 'ਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ



**ਮਾਛੀਵਾੜਾ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਗਈ ਹੈ ਅਤੇ ਅੱਜ ਅਨਾਜ ਮੰਡੀ ਵਿਖੇ ਕਰਤਾਰ ਸਿੰਘ ਅਮਰੀਕ ਸਿੰਘ ਕਾਹਲੋਂ ਐਂਡ ਸੰਨਜ਼ ਦੀ ਦੁਕਾਨ ਤੋਂ ਕਿਸਾਨ ਗਗਨਦੀਪ ਸਿੰਘ ਸ਼ੇਰੀਆਂ ਦੀ ਝੋਨੇ ਦੀ ਢੇਰੀ ਸਰਕਾਰੀ ਏਜੰਸੀ ਵਲੋਂ ਖਰੀਦ ਕੀਤੀ ਗਈ।

ਅੱਜ ਝੋਨੇ ਦੀ ਖਰੀਦ ਦਾ ਉਦਘਾਟਨ ਐੱਸ.ਡੀ.ਐੱਮ. ਸਮਰਾਲਾ ਗੁਰਸਿਮਰਨਜੀਤ ਕੌਰ ਅਤੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸੰਯੁਕਤ ਰੂਪ ਵਿਚ ਕੀਤਾ। ਇਸ ਮੌਕੇ ਆੜ੍ਹਤੀ ਐਸੋਸ਼ੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਅਤੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਅੱਗੇ 3 ਪ੍ਰਮੁੱਖ ਸਮੱਸਿਆਵਾਂ ਰੱਖੀਆਂ ਜਿਨ੍ਹਾਂ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ।

ਆੜ੍ਹਤੀਆਂ ਨੇ ਕਿਹਾ ਕਿ ਸ਼ੈਲਰ ਮਾਲਕਾਂ ਵਲੋਂ ਮੰਡੀਆਂ 'ਚੋਂ ਹਾਈਬ੍ਰਿਡ ਖਰੀਦਿਆ ਝੋਨਾ ਪਿੜਾਈ ਲਈ ਚੁੱਕਣ ਤੋਂ ਇੰਨਕਾਰ ਕੀਤਾ ਹੋਇਆ ਹੈ ਅਤੇ ਜੇਕਰ ਇਸ ਸਮੱਸਿਆ ਦਾ ਜਲਦ ਹੱਲ ਨਾ ਹੋਇਆ ਤਾਂ ਫਸਲ ਦੇ ਅੰਬਾਰ ਲੱਗ ਜਾਣਗੇ ਜਿਸ ਨਾਲ ਕਿਸਾਨਾਂ ਤੇ ਆੜ੍ਹਤੀਆਂ ਨੂੰ ਵੱਡੀ ਮੁਸ਼ਕਿਲ ਦਾ ਸਾਹਮਣਾ ਕਰਨਾ ਪਵੇਗਾ।

ਇਸ ਤੋਂ ਇਲਾਵਾ ਆੜ੍ਹਤੀਆਂ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਧਿਆਨ ਵਿਚ ਲਿਆਂਦਾ ਕਿ ਨਵੇਂ ਨਿਯਮਾਂ ਅਨੁਸਾਰ ਕਿਸਾਨ ਵਲੋਂ ਝੋਨੇ ਦੀ ਵਿਕਰੀ ਸਮੇਂ ਉਸਦੀ ਮੌਜੂਦਗੀ ਵਿਚ ਖਰੀਦ ਏਜੰਸੀ ਦੇ ਇੰਸਪੈਕਟਰ ਅਤੇ ਆੜ੍ਹਤੀ ਦੀ ਫੋਟੋ ਹੋਵੇਗੀ ਤਾਂ ਹੀ ਖਰੀਦ ਹੋਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਜਾਰੀ ਕੀਤੇ ਨਿਯਮ ਨਾਲ ਆੜ੍ਹਤੀਆਂ ਤੇ ਕਿਸਾਨਾਂ ਨੂੰ ਵੱਡੀ ਮੁਸ਼ਕਿਲ ਆਵੇਗੀ ਇਸ ਲਈ ਇਸ ਸ਼ਰਤ ਨੂੰ ਹਟਾਇਆ ਜਾਵੇ। ਆੜ੍ਹਤੀਆਂ ਨੇ ਇਹ ਵੀ ਧਿਆਨ ਵਿਚ ਲਿਆਂਦਾ ਕਿ ਮਾਲਵੇ ਤੇ ਦੋਆਬੇ ਨੂੰ ਜੋੜਨ ਵਾਲਾ ਸਤਲੁਜ ਪੁਲ ਭਾਰੀ ਵਾਹਨਾਂ ਲਈ ਗਾਰਡਰ ਲਗਾ ਕੇ ਬੰਦ ਕੀਤਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਰਾਹੋਂ ਵਲੋਂ ਭਾਰੀ ਮਾਤਰਾ ਵਿਚ ਕਿਸਾਨ ਫਸਲ ਵੇਚਣ ਮਾਛੀਵਾੜਾ ਮੰਡੀ ਵਿਚ ਆਉਂਦੇ ਹਨ ਜਿਨ੍ਹਾਂ ਦੀਆਂ ਟਰਾਲੀਆਂ ਪੁਲ ਤੋਂ ਨਹੀਂ ਲੰਘ ਸਕਣਗੀਆਂ। ਆੜ੍ਹਤੀਆਂ ਨੇ ਮੰਗ ਕੀਤੀ ਕਿ ਪੁਲ 'ਤੇ ਲੱਗੇ ਗਾਰਡਰਾਂ ਨੂੰ ਥੋੜਾ ਜਿਹਾ ਉੱਚਾ ਕੀਤਾ ਜਾਵੇ ਤਾਂ ਜੋ ਕਿਸਾਨਾਂ ਦੀਆਂ ਫਸਲ ਵਾਲੀਆਂ ਟਰਾਲੀਆਂ ਮਾਛੀਵਾੜਾ ਮੰਡੀ ਵਿਚ ਪਹੁੰਚ ਸਕਣ। ਐੱਸ.ਡੀ.ਐੱਮ. ਸਮਰਾਲਾ ਗੁਰਸਿਮਰਨਜੀਤ ਕੌਰ ਨੇ ਆੜ੍ਹਤੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਭਰੋਸਾ ਦਿੰਦਿਆਂ ਕਿਹਾ ਕਿ ਖਰੀਦ ਦੌਰਾਨ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਝੋਨੇ ਦੀ ਖਰੀਦ ਦੇ ਪ੍ਰਬੰਧ ਪੁਖਤਾ ਹਨ ਅਤੇ ਕਿਸਾਨਾਂ ਦਾ ਸੁੱਕਾ ਝੋਨਾ ਤੁਰੰਤ ਖਰੀਦਿਆ ਜਾਵੇਗਾ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਗੁਰਨਾਮ ਸਿੰਘ ਨਾਗਰਾ, ਉਪ ਪ੍ਰਧਾਨ ਰਾਜੀਵ ਕੌਸ਼ਲ, ਸੁਰਜੀਤ ਸਿੰਘ ਕਾਹਲੋਂ, ਪਰਮਿੰਦਰ ਸਿੰਘ ਗੁਲਿਆਣੀ, ਨਿਤਿਨ ਜੈਨ, ਹਰਿੰਦਰਪਾਲ ਸਿੰਘ ਰਹੀਮਾਬਾਦ, ਸ਼ਸ਼ੀ ਭਾਟੀਆ, ਰਾਜਵਿੰਦਰ ਸਿੰਘ ਸੈਣੀ, ਪ੍ਰਿੰਸ ਮਿੱਠੇਵਾਲ, ਹਨੀ ਆਨੰਦ, ਵਿਨੀਤ ਅਗਰਵਾਲ, ਹਰਵਿੰਦਰ ਸ਼ੇਰੀਆਂ, ਬਿੰਨੀ ਅਗਰਵਾਲ, ਹੈਪੀ ਬਾਂਸਲ, ਬਲਵਿੰਦਰ ਸਿੰਘ, ਜੈਦੀਪ, ਪਰਵੀਨ ਮੱਕੜ, ਰਣਜੀਤ ਸਿੰਘ ਜੀਤੀ, ਪੀ.ਏ. ਨਵਜੀਤ ਸਿੰਘ, ਸਕੱਤਰ ਅਰੁਨਿੰਦਰ ਸਿੰਘ ਮਾਂਗਟ, ਇੰਸਪੈਕਟਰ ਅਮਰਿੰਦਰ ਸਿੰਘ ਹੈਪੀ, ਯਾਦਵਿੰਦਰ ਸਿੰਘ, ਅਕਾਊਂਟੈਂਟ ਸੁਖਵੀਰ ਸਿੰਘ ਵੀ ਹਾਜ਼ਰ ਸਨ।

# ਨਸ਼ਾ ਮੁਕਤੀ ਪਟਿਆਲਾ ਦਿਹਾਤੀ ਟੀਮ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਵਚਨਬੱਧ : ਗੁਰਪ੍ਰੀਤ ਸਿੰਘ ਬਾਵਾ



**ਪਟਿਆਲਾ, 7 ਅਕਤੂਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਯੁੱਧ ਨਸ਼ਿਆਂ ਵਿਰੁੱਧ ਟੀਮ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ ਲਈ ਗੁਰੂ ਨਾਨਕ ਨਗਰ ਪਟਿਆਲਾ ਦੇ ਵਾਰਡ ਨੰਬਰ 25 ਵਿਖੇ ਇੱਕ ਭਰਵੀਂ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਦਾ ਆਯੋਜਨ ਗੁਰਪ੍ਰੀਤ ਸਿੰਘ ਬਾਵਾ, ਬਲਾਕ ਪ੍ਰਧਾਨ ਵਾਰਡ ਨੰਬਰ 25, 26, 27 ਅਤੇ ਜਗਦੇਵ ਸਿੰਘ ਢੀਡਸਾ ਪ੍ਰਧਾਨ ਵੱਲੋਂ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਅਤੇ ਜ਼ਿਲ੍ਹਾ ਪ੍ਰਧਾਨ ਐੱਨ.ਐੱਮ.ਐੱਮ. ਯਾਦਵਿੰਦਰ ਸਿੰਘ ਗੋਲਡੀ ਲਾਦੇਨ ਜਿਲ੍ਹਾ ਪ੍ਰਧਾਨ ਪਹੁੰਚੇ। ਮੀਟਿੰਗ ਵਿੱਚ 200 ਦੇ ਕਰੀਬ ਇਲਾਕਾ ਨਿਵਾਸੀਆਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਗੁਰਪ੍ਰੀਤ ਬਾਵਾ ਅਤੇ ਗੋਲਡੀ ਲਾਦੇਨ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਲੋਕਾਂ ਦਾ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਵਿੱਚ ਆਪ ਪਾਰਟੀ ਦੀ ਸਰਕਾਰ ਬਣਨ ਅਤੇ ਪੰਜਾਬ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਕੇ 'ਰੰਗਲਾ ਪੰਜਾਬ' ਬਣਾਉਣ ਲਈ ਉਹ ਲੋਕਾਂ ਨਾਲ ਮਿਲ ਕੇ ਕੰਮ ਕਰਨਗੇ। ਮੀਟਿੰਗ ਦੌਰਾਨ ਇਲਾਕਾ ਨਿਵਾਸੀਆਂ ਨੇ ਇਕਜੁੱਟ ਹੋ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਹੁੰ ਵੀ ਚੁੱਕੀ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਹਰ ਸੰਭਵ ਸਹਿਯੋਗ ਦੇਣ ਦਾ ਸੰਕਲਪ ਲਿਆ। ਇਸ ਮੌਕੇ ਪਵਨ ਕੁਮਾਰ, ਜ਼ਿਲ੍ਹਾ ਵਾਈਸ ਪ੍ਰਧਾਨ, ਪ੍ਰਿੰਸ ਤਿਆਗੀ ਸੀਨੀ. ਮੀਤ ਪ੍ਰਧਾਨ, ਗੌਤਮ ਗੈਰੀ ਮੀਤ ਪ੍ਰਧਾਨ, ਸਾਹਿਲ ਸਰਪੰਚ, ਪਰਮਜੀਤ ਸਿੰਘ, ਗੁਰਮੇਲ ਸਿੰਘ, ਕਸ਼ਮੀਰ ਖਾਨ ਐਕਟਿੰਗ ਪ੍ਰਧਾਨ, ਮਨਕੀਰਤ ਸਿੰਘ, ਸੰਜੂ, ਰੁਦਰਾਕਸ਼, ਮਨਜੀਤ ਸਿੰਘ ਧਨੋਆ, ਅਮਰਜੀਤ ਸਿੰਘ, ਬਖਸ਼ੀਸ਼ ਸਿੰਘ, ਪੀ.ਐੱਸ. ਮਿੱਤਲ, ਅਜੀਤ ਸਿੰਘ, ਰਾਜੇਸ਼ ਵਰਮਾ, ਮਹਿੰਦਰ ਸਿੰਘ ਦੁਬਈ, ਐੱਮ.ਸੀ. ਮੁਕਤਾ ਗੁਪਤਾ ਵੂਮੈਨ ਵਿੰਗ ਜ਼ਿਲ੍ਹਾ ਪ੍ਰਧਾਨ, ਭੁਪਿੰਦਰ ਕੌਰ, ਸੋਨੀਆ ਖਾਨ, ਸਿਮਰਨ ਕੌਰ, ਰਵਿੰਦਰ ਕੌਰ, ਲਵਲੀਨ ਕੌਰ, ਐੱਮ.ਸੀ. ਦਵਿੰਦਰ ਗੋਲਡੀ, ਐੱਮ.ਸੀ. ਮੋਹਿਤ ਕੁਮਾਰ ਮਰਵਾਹਾ, ਐੱਮ.ਸੀ. ਕੁਲਵੰਤ ਸਿੰਘ ਲਾਲਕਾ ਅਤੇ ਵੱਡੀ ਗਿਣਤੀ ਵਿੱਚ ਮੈਂਬਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਐਸਆਰਐਸ ਵਿਦਿਆਪੀਠ ਵਿੱਚ ਸਾਰਥਕ ਗਤੀਵਿਧੀਆਂ ਨਾਲ ਗਾਂਧੀ ਜਯੰਤੀ ਮਨਾਈ ਗਈ



**ਸਮਾਣਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਐਸਆਰਐਸ ਵਿਦਿਆਪੀਠ ਵਿੱਚ ਗਾਂਧੀ ਜਯੰਤੀ ਦੇ ਮੌਕੇ 'ਤੇ ਵਿਦਿਆਰਥੀਆਂ ਨੂੰ ਜੀਵਨ-ਮੁੱਲਾਂ ਅਤੇ ਸਿੱਖਿਆਵਾਂ ਨਾਲ ਜਾਣੂ ਕਰਵਾਉਣ ਦੇ ਉਦੇਸ਼ ਨਾਲ ਵੱਖ-ਵੱਖ ਰਚਨਾਤਮਕ ਅਤੇ ਸਿੱਖਿਆਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।

ਸਮਾਗਮ ਦੌਰਾਨ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਗਾਇਨ, ਕਹਾਣੀ ਪੇਸ਼ਕਾਰੀ ਅਤੇ ਗਾਂਧੀ ਜਯੰਤੀ ਦੀ ਥੀਮ 'ਤੇ ਆਧਾਰਿਤ ਵੱਖ-ਵੱਖ ਕਲਾ ਅਤੇ ਸ਼ਿਲਪ ਗਤੀਵਿਧੀਆਂ ਵਿੱਚ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੂੰ ਸਿੱਖਣ ਦੇ ਨਾਲ-ਨਾਲ ਆਪਣੀ ਸਮਝ ਨੂੰ ਰਚਨਾਤਮਕ ਢੰਗ ਨਾਲ ਪ੍ਰਗਟ ਕਰਨ ਦਾ ਮੌਕਾ ਮਿਲਿਆ।

ਰਚਨਾਤਮਕ ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਨੇ ਸਧਾਰਨ ਸਮੱਗਰੀ ਦੀ ਵਰਤੋਂ ਕਰਦਿਆਂ ਪ੍ਰਸਿੱਧ ਚਸ਼ਮੇ ਅਤੇ ਚਰਖੇ ਦੇ ਮਾਡਲ ਤਿਆਰ ਕੀਤੇ।

ਇਨ੍ਹਾਂ ਗਤੀਵਿਧੀਆਂ ਰਾਹੀਂ ਸਾਦਗੀ, ਆਤਮਨਿਰਭਰਤਾ ਅਤੇ ਸਫ਼ਾਈ ਵਰਗੇ ਮੁੱਲਾਂ ਨੂੰ ਰੁਚਿਕਰ ਅਤੇ ਅਨੁਭਵਾਤਮਕ ਢੰਗ ਨਾਲ ਸਮਝਣ ਦਾ ਮੌਕਾ ਮਿਲਿਆ।

ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ 'ਸਵੱਛ ਭਾਰਤ' ਵਿਸ਼ੇ 'ਤੇ ਇੱਕ ਜੀਵੰਤ ਨ੍ਰਿਤ ਪ੍ਰਸਤੁਤੀ ਵੀ ਪੇਸ਼ ਕੀਤੀ ਗਈ, ਜਿਸ ਰਾਹੀਂ ਸਫ਼ਾਈ ਦੀ ਮਹੱਤਤਾ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦੀ ਜ਼ਿੰਮੇਵਾਰੀ ਦਾ ਸੰਦੇਸ਼ ਦਿੱਤਾ ਗਿਆ।

ਇਸ ਆਯੋਜਨ ਨੇ ਐਸਆਰਐਸ ਵਿਦਿਆਪੀਠ ਦੇ ਉਸ ਯਤਨ ਨੂੰ ਦਰਸਾਇਆ, ਜਿਸ ਤਹਿਤ ਰਾਸ਼ਟਰੀ ਮਹੱਤਤਾ ਵਾਲੇ ਦਿਵਸਾਂ ਨੂੰ ਵਿਦਿਆਰਥੀਆਂ ਲਈ ਸਾਰਥਕ ਅਤੇ ਅਨੁਭਵਾਤਮਕ ਸਿੱਖਣ ਦੇ ਮੌਕਿਆਂ ਵਿੱਚ ਬਦਲਿਆ ਜਾਂਦਾ ਹੈ। ਰਚਨਾਤਮਕ ਪ੍ਰਗਟਾਵੇ, ਪ੍ਰਸਤੁਤੀਆਂ ਅਤੇ ਗਤੀਵਿਧੀ-ਆਧਾਰਿਤ ਸਿੱਖਣ ਰਾਹੀਂ ਵਿਦਿਆਰਥੀਆਂ ਨੂੰ ਸੱਚਾਈ, ਸਾਦਗੀ, ਸਫ਼ਾਈ ਅਤੇ ਜ਼ਿੰਮੇਵਾਰੀ ਵਰਗੇ ਮੁੱਲਾਂ ਨੂੰ ਆਪਣੇ ਰੋਜ਼ਾਨਾ ਜੀਵਨ ਨਾਲ ਜੋੜਨ ਲਈ ਪ੍ਰੇਰਿਤ ਕੀਤਾ ਗਿਆ।

ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਆਤਮਵਿਸ਼ਵਾਸ ਅਤੇ ਸਹਿਯੋਗ ਦੀ ਭਾਵਨਾ ਦਾ ਪ੍ਰਦਰਸ਼ਨ ਕਰਨ ਦੇ ਨਾਲ-ਨਾਲ ਉਨ੍ਹਾਂ ਮੁੱਲਾਂ ਨੂੰ ਸਮਝਣ ਦਾ ਮੌਕਾ ਦਿੱਤਾ, ਜੋ ਅੱਜ ਵੀ ਸਾਡੇ ਜੀਵਨ ਵਿੱਚ ਪ੍ਰਸੰਗਿਕ ਹਨ।

ਚੇਅਰਮੈਨ ਸੀਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀਏ ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਅਤੇ ਪ੍ਰਿੰਸੀਪਲ ਡਾ. ਚੰਦਨਦੀਪ ਦੀ ਅਗਵਾਈ ਹੇਠ ਐਸਆਰਐਸ ਵਿਦਿਆਪੀਠ ਪਾਠ-ਪੁਸਤਕਾਂ ਤੋਂ ਅੱਗੇ ਵਧ ਕੇ ਵਿਦਿਆਰਥੀਆਂ ਨੂੰ ਅਨੁਭਵਾਤਮਕ ਅਤੇ ਮੁੱਲ-ਆਧਾਰਿਤ ਸਿੱਖਣ ਦੇ ਮੌਕੇ ਪ੍ਰਦਾਨ ਕਰਨ 'ਤੇ ਨਿਰੰਤਰ ਜ਼ੋਰ ਦੇ ਰਿਹਾ ਹੈ।

ਗਾਂਧੀ ਜਯੰਤੀ ਸਮਾਗਮ ਵਿਦਿਆਰਥੀਆਂ ਲਈ ਇੱਕ ਸਕਾਰਾਤਮਕ ਅਤੇ ਸਾਰਥਕ ਅਨੁਭਵ ਦੇ ਨਾਲ ਸੰਪੰਨ ਹੋਇਆ, ਜਿਸ ਦੌਰਾਨ ਉਨ੍ਹਾਂ ਨੇ ਸਫ਼ਾਈ, ਸਾਦਗੀ, ਜ਼ਿੰਮੇਵਾਰੀ ਅਤੇ ਸਕਾਰਾਤਮਕ ਮੁੱਲਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਪ੍ਰਾਪਤ ਕੀਤਾ।

ਮਿੰਨੀ ਕਹਾਣੀਆਂ



## ਟਿਊਸ਼ਨ

• ਇਕਵਾਕ ਸਿੰਘ ਪੱਟੀ

ਉਜਾਗਰ ਸਿੰਘ ਸੱਥ ਵਿਚ ਬੈਠੇ ਬੰਦਿਆਂ ਨੂੰ ਦੱਸਣ ਲੱਗਾ ਕਿ ਜਦ ਉਹ ਆਪਣੇ ਪੋਤੇ ਨੂੰ ਸਕੂਲ ਦਾਖਲ ਕਰਵਾਉਣ ਗਿਆ ਤਾਂ ਹਰ ਚੀਜ਼ ਸਕੂਲ ਤੋਂ ਲੈਣੀ ਪਈ ਜਿਵੇਂ ਕਾਪੀਆਂ, ਪੈਂਸਿਲਾਂ, ਪੈੱਨ, ਫੁੱਟਾ, ਰਬੜ-ਸ਼ਾਪਨਰ, ਜੁਮੈਟਰੀ, ਕਿਤਾਬਾਂ, ਬੈਗ, ਕਾਪੀਆਂ ਦੇ ਕਵਰ, ਬੂਟ-ਜ਼ੁਰਾਬਾਂ, ਪੈਂਟ-ਕਮੀਜ਼, ਟਾਈ-ਬੈਲਟ, ਬੈਚ, ਰੁਮਾਲ ਅਤੇ ਹੋਰ ਬਹੁਤ ਨਿੱਕ-ਸੁੱਕ ਦੇ ਨਾਲ ਮੋਟੀ ਫ਼ੀਸ। ਹਰ ਚੀਜ਼ ਤੇ ਸਕੂਲ ਦਾ ਨਾਂ ਛਪਿਆ ਹੋਇਆ ਸੀ।

ਇਹ ਸੁਣ ਗੁਰਬਚਨ ਸਿੰਘ ਕਹਿਣ ਲੱਗਾ, ਚੱਲ ਰੱਬ ਨੇ ਦਿੱਤਾ ਹੈ ਤਾਂ ਬੱਚਿਆਂ ਤੇ ਹੀ ਖਰਚ ਕਰਨਾ ਆਪਾਂ, ਨਾਲੇ ਮਹਿੰਗੇ ਤੇ ਵਧੀਆ ਸਕੂਲ ਵਿੱਚ ਪੜ੍ਹਾਈ ਵਧੀਆ ਕਰ ਲਊਗਾ ਜੁਆਕ। ਪੜ੍ਹਾਈ ਵਾਲੀ ਗੱਲ ਸੁਣਦਿਆਂ ਵਿੱਚੋਂ ਹੀ ਟੋਕ ਕੇ ਉਜਾਗਰ ਸਿੰਘ ਕਹਿਣ ਲੱਗਾ, ਪੜ੍ਹਾਈ ਲਈ ਤਾਂ ਟਿਊਸ਼ਨ ਰਖਵਾਈ ਆ ਬਾਹਰ। ਸਕੂਲਾਂ ਵਿਚ ਤਾਂ ਬੱਸ ਹੁਣ ਕਾਰੋਬਾਰ ਹੀ ਹੁੰਦਾ ਪੜ੍ਹਾਉਣ-ਲਿਖਾਉਣ ਦੇ ਕੰਮ ਦਾ ਤਾਂ ਬੱਸ ਰੱਬ ਹੀ ਰਾਖਾ...! •



## ਸ਼ਰਾਧ

ਅੱਜ ਪ੍ਰਸ਼ਿਨੀ ਨੇ ਅਪਣੇ ਸਹੁਰੇ ਦੇ ਪਿਤਾ ਦਾ ਸ਼ਰਾਧ ਪਾਉਣਾ ਹੈ। ਉਹ ਪੂਰੀ ਤਿਆਰੀ ਕਰ ਕੇ ਪੰਡਿਤ ਦੇ ਆਉਣ ਦੀ ਉਡੀਕ ਵਿਚ ਹੈ ਪਰ ਬਾਹਮਣ ਨੇ ਪਹਿਲਾਂ ਹੋਰ ਕਈ ਘਰਾਂ ਦੇ ਸ਼ਰਾਧ ਖਾਣ ਜਾਣਾ ਹੈ, ਜਿਸ ਕਰਕੇ ਕਾਫ਼ੀ ਦੇਰ ਹੋ ਗਈ। ਘਰ ਦੇ ਛੋਟੇ-ਛੋਟੇ ਬੱਚੇ ਦੇਰ ਕਾਰਨ ਭੁੱਖ ਨਾਲ ਵਿਲਕ ਦੇ ਦਾਦੇ ਤੋਂ ਦੇਖੇ ਨਾ ਗਏ।

ਮਨ ਵਿਚ ਸੋਚਦਾ ਹੋਇਆ ਆਪਣੀ ਨਹੁੰ ਨੂੰ ਬੋਲਿਆ, 'ਬਹੂ ਰਾਣੀ, ਇਨ੍ਹਾਂ ਬੱਚਿਆਂ ਨੂੰ ਭੁੱਖਾ ਕਿਉਂ ਮਾਰਿਆ ਹੈ। ਦੇਖ ਤਾਂ ਭਾਈ ਇਨ੍ਹਾਂ ਦਾ ਕਿੰਨਾਂ ਬੁਰਾ ਹਾਲ ਹੋਇਆ ਪਿਆ ਹੈ...।' ਅਪਣੀ ਬਹੂ (ਨੂੰਹ ਰਾਣੀ) ਨੂੰ ਤਾਕੀਦ ਕਰਦਾ ਸਹੁਰਾ ਬੋਲਿਆ, 'ਲਿਆ ਭਾਈ ਇਨ੍ਹਾਂ ਬੱਚਿਆਂ ਨੂੰ ਖਾਣ ਨੂੰ ਦੇ, ਜੋ ਕੁਝ ਮੇਰੇ ਪਿਤਾ ਦੇ ਸ਼ਰਾਧ ਲਈ ਤਿਆਰ ਕੀਤਾ ਹੈ। ਭੁੱਖ ਨਾਲ ਵਿਲਕਦੇ ਬੱਚਿਆਂ ਨੂੰ ਭੋਜਨ ਸਮੇਂ ਸਿਰ ਖਵਾ ਦੇਣਾ ਹੀ ਸ਼ਰਾਧ ਖਵਾਉਣ ਤੋਂ ਵੀ ਮਹਾਨ ਤੇ ਸ਼ੁਭ ਕੰਮ ਹੈ।' ਦਾਦਾ ਬੱਚਿਆਂ ਨੂੰ ਰੋਟੀ (ਸ਼ਰਾਧ) ਖਾਂਦਿਆਂ ਵੇਖ ਕੇ ਬਹੁਤ ਹੀ ਖ਼ੁਸ਼ੀ ਮਹਿਸੂਸ ਕਰ ਰਿਹਾ ਸੀ ਤੇ ਸੋਚ ਰਿਹਾ ਸੀ 'ਅਸਲ ਸ਼ਰਾਧ ਤਾਂ ਮੈਂ ਅੱਜ ਪਾਇਆ ਹੈ'।

• ਰਣਜੀਤ ਆਜ਼ਾਦ ਕਾਂਝਲਾ

# ਉਸਤਾਦ ਗ਼ਜ਼ਲਗੋ ਗੁਰਦੀਪ ਭਾਟੀਆ 'ਦੀਪ'



ਅਮਰਜੀਤ ਸਿੰਘ ਸੰਧੂ
ਮੋਬਾਈਲ : 94636-13528

*ਗੁਰਦੀਪ ਨੇ ਮਲੇਰਕੋਟਲੇ ਇਕ ਵੱਡਾ ਸਾਹਿਤਕ ਸਮਾਗਮ ਰੱਖ ਲਿਆ, ਜਿਸ ਦੀ ਪ੍ਰਧਾਨਗੀ ਡਾ. ਸਾਧੂ ਸਿੰਘ ਹਮਦਰਦ ਅਤੇ ਉਨ੍ਹਾਂ ਦੀ ਸੁਪਤਨੀ ਬੀਬੀ ਪ੍ਰਕਾਸ਼ ਕੌਰ ਨੇ ਕਰਨੀ ਸੀ। ਸਾਰੇ ਮਲੇਰਕੋਟਲੇ ਦੇ ਸਾਹਿਤਕ ਹਲਕਿਆਂ ਵਿਚ ਦੀਪ ਦਾ ਮੌਜੂ ਉਡਾਇਆ ਗਿਆ ਕਿ ਇਕ 'ਫੇਰੀ ਲਾਉਣ ਵਾਲੇ' ਦੇ ਸਮਾਗਮ ਵਿਚ ਹਮਦਰਦ ਨਾ ਆਇਆ ਪਰ ਸਦਕੇ ਜਾਈਏ ਦੀਪ ਦੇ ਸਿਦਕ ਦੇ ਤੇ ਹਮਦਰਦ ਦੀ ਵਾਅਦਾ ਨਿਭਾਉਣੀ ਫ਼ਿਤਰਤ ਦੇ, ਪ੍ਰੋਗਰਾਮ ਸਾਢੇ ਨੌਂ ਵਜੇ ਸ਼ੁਰੂ ਹੋਣਾ ਸੀ ਤੇ ਹਮਦਰਦ ਹੁਰੀਂ ਸਾਢੇ ਅੱਠ ਵਜੇ ਹੀ ਆਪਣੇ ਲਾਓ-ਲਸ਼ਕਰ ਨਾਲ ਦੀਪ ਦਾ ਘਰ ਲੱਭਦੇ ਫਿਰ ਰਹੇ ਸਨ...*

ਗੁਰਦੀਪ ਭਾਟੀਆ ਨੂੰ ਮੈਂ ਉਸ ਦੀ ਅੱਲ੍ਹੜ ਉਮਰ ਤੋਂ ਜਾਣਦਾ ਹਾਂ। ਉਦੋਂ ਉਹ ਆਪਣੀ ਗੋਤ 'ਭਾਟੀਆ' ਨੂੰ ਹੀ ਤਖ਼ੱਲਸ ਦੇ ਤੌਰ 'ਤੇ ਵਰਤਿਆ ਕਰਦਾ ਸੀ। 'ਦੀਪ' ਉਪਨਾਮ ਤਾਂ ਉਸ ਨੂੰ ਡਾ. ਸਾਧੂ ਸਿੰਘ ਹਮਦਰਦ ਨੇ ਲਾਡ ਨਾਲ ਦਿੱਤਾ ਸੀ, ਜੋ ਭਾਟੀਆ ਨੇ ਤਗਮੇ ਵਾਂਗ ਆਪਣੇ ਦਿਲ 'ਤੇ ਅਤੇ ਕਲਗੀ ਵਾਂਗ ਆਪਣੀ ਦਸਤਾਰ 'ਤੇ ਸਜਾ ਲਿਆ। ਹਮਦਰਦ 'ਦੀਪ' ਨੂੰ ਆਪਣੇ ਪੁੱਤਰਾਂ ਸਮਾਨ ਹੀ ਸਮਝਿਆ ਕਰਦਾ ਸੀ। ਮੈਨੂੰ ਯਾਦ ਹੈ ਜਦ ਦੀਪ ਨੇ ਮਲੇਰ ਕੋਟਲੇ ਇਕ ਵੱਡਾ ਸਾਹਿਤਕ ਸਮਾਗਮ ਰੱਖ ਲਿਆ, ਜਿਸ ਦੀ ਪ੍ਰਧਾਨਗੀ ਡਾ. ਹਮਦਰਦ ਅਤੇ ਉਨ੍ਹਾਂ ਦੀ ਸੁਪਤਨੀ ਬੀਬੀ ਪ੍ਰਕਾਸ਼ ਕੌਰ ਨੇ ਕਰਨੀ ਸੀ। ਸਾਰੇ ਮਲੇਰ ਕੋਟਲੇ ਦੇ ਸਾਹਿਤਕ ਹਲਕਿਆਂ ਵਿਚ ਦੀਪ ਦਾ ਮੌਜੂ ਉਡਾਇਆ ਗਿਆ ਕਿ ਇਕ 'ਫੇਰੀ ਲਾਉਣ ਵਾਲੇ' ਦੇ ਸਮਾਗਮ ਵਿਚ ਹਮਦਰਦ ਨਾ ਆਇਆ। ਪਰ ਸਦਕੇ ਜਾਈਏ ਦੀਪ ਦੇ ਸਿਦਕ ਦੇ ਤੇ ਹਮਦਰਦ ਦੀ ਵਾਅਦਾ ਨਿਭਾਉਣੀ ਫ਼ਿਤਰਤ ਦੇ ਕਿ ਪ੍ਰੋਗਰਾਮ ਸਾਢੇ ਨੌਂ ਵਜੇ ਸ਼ੁਰੂ ਹੋਣਾ ਸੀ ਤੇ ਹਮਦਰਦ ਹੁਰੀਂ ਸਾਢੇ ਅੱਠ ਵਜੇ ਹੀ ਆਪਣੇ ਲਾਓ-ਲਸ਼ਕਰ ਨਾਲ ਦੀਪ ਦਾ ਘਰ ਲੱਭਦੇ ਫਿਰ ਰਹੇ ਸਨ।

ਮੈਨੂੰ ਇਹ ਵੀ ਯਾਦ ਹੈ, ਜਦੋਂ ਅਸੀਂ ਪਹਿਲੀ ਵਾਰ 1975 ਵਿਚ 'ਅਰਸ਼ਦੀਪ' ਮਾਸਿਕ ਪੱਤਰ ਸ਼ੁਰੂ ਕੀਤਾ ਸੀ। ਪਰਚਾ ਸੰਪਾਦਤ ਕਰ ਦੇ ਸਮੇਂ ਕਈ ਵਾਰ ਸੰਪਾਦਕ ਦੀਆਂ ਮਜਬੂਰੀਆਂ ਗ਼ੈਰਤਮੰਦ ਲੇਖਕਾਂ ਦੀਆਂ ਭਾਵਨਾਵਾਂ ਨੂੰ ਚੋਟ ਪਹੁੰਚਾ ਜਾਂਦੀਆਂ ਹਨ। ਦੀਪ ਨਾਲ ਵੀ ਸਾਡੇ ਵੱਲੋਂ ਕੁਝ ਐਸਾ ਹੀ ਵਾਪਰ ਗਿਆ। ਮੈਂ ਵੇਖਿਆ ਹੈ, ਵੱਡੇ-ਵੱਡੇ ਲੇਖਕ ਵੀ ਸੰਪਾਦਕ ਦੀ ਵਧੀਕੀ ਨੂੰ ਮਾਂ ਦਾ ਦੁੱਧ ਸਮਝ ਕੇ ਪੀ ਜਾਂਦੇ ਹਨ ਪਰ ਦੀਪ ਨੇ ਐਸੀ ਅਣਖ ਭਰੀ ਚਿੱਠੀ ਲਿਖੀ ਜਿਸ ਨੇ ਮੈਨੂੰ ਸਦਾ ਵਾਸਤੇ ਉਸ ਦਾ ਮਦਾਹ ਬਣਾ ਦਿੱਤਾ ਤੇ ਅੱਜ ਤਕ ਮੈਂ ਉਸ ਦੇ ਅਣਖੀ ਸੁਭਾਅ ਦਾ ਕਾਇਲ ਹਾਂ। ਮੇਰੀ ਤੇ ਦੀਪ ਦੀ ਦੋਸਤੀ ਦਾ ਰਾਜ਼ ਵੀ ਸਾਡੀ ਅਣਖੀ-ਸਾਂਝ ਹੀ ਹੈ।

ਦੀਪ ਨੇ ਕਦੀ ਹਲਕੇ ਜਾਂ ਬੇ-ਵਜ਼ਨੇ ਸ਼ਿਅਰ ਕਹੇ ਹੋਣਗੇ, ਮੈਨੂੰ ਯਾਦ ਨਹੀਂ। ਉਹ ਸਦਾ ਬੁਲੰਦ ਪਰਵਾਜ਼ ਅਤੇ ਸਮ-ਤੋਲ ਵਜ਼ਨ ਲੈ ਕੇ ਹੀ ਪਾਠਕਾਂ/ਸਰੋਤਿਆਂ ਦੇ ਰੂਬਰੂ ਹੋਇਆ ਹੈ। ਇਸ ਪ੍ਰਾਪਤੀ ਵਿਚ ਉਸ ਦੇ ਮਾਣਯੋਗ ਉਸਤਾਦ ਜਨਾਬ ਸੁਦਰਸ਼ਨ ਕੰਵਲ, ਮਲੇਰ ਕੋਟਲੇ ਵਾਲੇ, ਦਾ ਹੱਦੋਂ ਵੱਧ ਯੋਗਦਾਨ ਹੈ। ਦੀਪ ਦੱਸਦਾ ਹੈ ਕਿ ਜਦ ਵੀ ਉਸ ਨੇ ਆਪਣੇ ਉਸਤਾਦ ਜੀ ਨੂੰ ਗ਼ਜ਼ਲ ਸੁਣਾਉਣੀ ਉਨ੍ਹਾਂ ਨੇ ਬੜੇ ਧਿਆਨ ਨਾਲ ਸੁਣਨੀ, ਪਰ ਨਾਲ ਹੀ ਕਹਿ ਦੇਣਾ 'ਇਸ ਨੂੰ ਪਾੜ ਦੇ, ਹੋਰ ਲਿਖ।' ਬੇਸ਼ਕ ਦੀਪ ਨੇ ਮਨ ਵਿਚ ਮਹਿਸੂਸ ਕਰਨਾ ਕਿ ਦੋਸਤਾਂ ਵੱਲੋਂ ਐਨੀ ਸਲਾਹੀ ਜਾਣ ਵਾਲੀ ਗ਼ਜ਼ਲ ਨੂੰ 'ਪਾੜ ਦੇਣ' ਵਾਸਤੇ ਕਿਉਂ ਕਿਹਾ ਜਾ ਰਿਹਾ ਹੈ, ਪਰ ਉਸ ਨੇ ਉਹ ਗ਼ਜ਼ਲ ਪਾੜ ਹੀ ਦੇਣੀ ਤੇ ਹੋਰ ਗ਼ਜ਼ਲ ਉਸ ਤੋਂ ਵੀ ਵੱਧ ਮਿਹਨਤ ਅਤੇ ਚੌਕਸੀ ਨਾਲ ਲਿਖਣੀ, ਭਾਵੇਂ ਅੰਜ਼ਾਮ ਉਸ ਦਾ ਵੀ ਉਹੋ ਹੀ ਹੋਣਾ। ਇਸ ਮੁਸੱਲਸਲ ਰਿਆਜ਼ ਦੀ ਕੁਠਾਲੀ ਨੇ ਦੀਪ ਦੀ ਗ਼ਜ਼ਲ ਨੂੰ ਕੁੰਦਨ ਬਣਾ ਕੇ ਹੀ ਗ਼ਜ਼ਲ-ਖੇਤਰ ਵਿਚ ਪ੍ਰਵੇਸ਼ ਕਰਵਾਇਆ। ਜਿਸ ਕਾਰਨ ਸ਼ੁਰੂ ਤੋਂ ਹੀ ਗ਼ਜ਼ਲਗੋਆਂ ਵਿਚ ਦੀਪ ਦਾ ਠੁੱਕ ਬੱਝ ਗਿਆ।

ਦੀਪ ਦੇ ਸ਼ਿਅਰ ਹਮੇਸ਼ਾ ਖ਼ਿਆਲ, ਵਜ਼ਨ ਅਤੇ ਵਿਆਕਰਨ ਪੱਖੋਂ ਸੰਪੂਰਨ ਹੁੰਦੇ ਹਨ। ਉਸ ਦੀ ਗ਼ਜ਼ਲ ਦਾ ਮੀਰੀ-ਗੁਣ ਸਪਸ਼ਟਤਾ ਤੇ ਸਾਦਗੀ ਹੈ। ਜਦੋਂ ਭਾਟੀਆ ਦਾ ਪਹਿਲਾ ਗ਼ਜ਼ਲ-ਸੰਗ੍ਰਹਿ 'ਸੁਲਗਦੇ ਅਹਿਸਾਸ' ਛਪ ਰਿਹਾ ਸੀ ਤਾਂ ਮੈਂ ਉਸ ਨੂੰ ਕਿਹਾ ਕਿ ਇਸ ਕਿਤਾਬ ਦੇ ਛਪ ਜਾਣ ਪਿੱਛੋਂ ਇਸ ਪਾਏ ਦੀ ਹੋਰ ਗ਼ਜ਼ਲ-ਪੁਸਤਕ ਪੰਜਾਬੀ ਸਾਹਿਤ ਵਿੱਚੋਂ ਲੱਭਣੀ ਮੁਸ਼ਕਿਲ ਹੋ ਜਾਵੇਗੀ। ਇਸ ਦਾ ਉਹ ਹਮੇਸ਼ਾਂ ਇਹੋ ਹੀ ਉੱਤਰ ਦਿੰਦਾ ਹੈ ਕਿ ਤੁਹਾਡੀ ਸੰਗਤ ਦਾ ਹੀ ਫਲ ਹੈ। ਪਿੱਛੇ ਜਿਹੇ ਇਕ ਬਹੁਤ ਹੀ ਪਿਆਰੇ ਵਿਦਵਾਨ ਦੋਸਤ ਨੇ ਦੀਪ ਨੂੰ ਕਿਹਾ ਕਿ ਕੁਝ ਲਫ਼ਜ਼ ਏਧਰ-ਓਧਰ ਕਰ ਲਿਆ ਕਰ, ਤੇਰੇ ਸ਼ਿਅਰ ਤਾਂ ਬਿਲਕੁਲ ਵਾਰਤਕ ਵਰਗੇ ਹੀ ਹੁੰਦੇ ਨੇ। ਜਦ ਦੀਪ ਨੇ ਇਹ ਗੱਲ ਮੈਨੂੰ ਦੱਸੀ ਤਾਂ ਮੇਰੇ ਮੂੰਹੋਂ ਇਕ ਦਮ ਨਿਕਲਿਆ-'ਬਸ ਬਸ ਬਸ, ਸਾਨੂੰ ਇਹੋ ਹੀ ਰੀਮਾਰਕਸ ਚਾਹੀਦੇ ਸਨ। ਇਹ ਤੁਹਾਡੇ ਸ਼ਿਅਰਾਂ ਲਈ ਸਨਦ ਹੋ ਗਈ ਭਾਟੀਆ! ਅਸਲ ਸ਼ਾਇਰੀ ਹੈ ਹੀ ਉਹੀ ਜੋ ਵਜ਼ਨ, ਬਹਿਰ, ਕਾਫ਼ੀਆ, ਰਦੀਫ਼ ਆਦਿ ਅਰੂਜ਼ ਤੇ ਪਿੰਗਲ ਦੀਆਂ ਸਾਰੀਆਂ ਬੰਧਸ਼ਾਂ ਵਿਚ ਪੂਰੀ ਉੱਤਰਦੀ ਹੋਈ ਵੀ ਵਾਰਤਕ ਵਰਗੀ ਸਰਲ ਤੇ ਵਿਆਕਰਨ ਪੱਖੋਂ ਬਿਲਕੁਲ ਵਾਰਤਕ ਜਿੰਨੀ ਹੀ ਸਹੀ ਹੋਵੇ। ਦੀਪ ਤੂੰ ਸ਼ਾਇਰੀ ਦੇ ਇਮਤਿਹਾਨ ਵਿੱਚੋਂ ਪਾਸ ਹੀ ਨਹੀਂ ਹੋਇਆ, ਸਗੋਂ ਮੈਂ ਸਮਝਦਾ ਹਾਂ ਕਿ 'ਗੋਲਡ-ਮੈਡਲਿਸਟ' ਹੋ ਗਿਆ।' ਮੇਰੇ ਇਸ ਕਥਨ ਦੀ ਪ੍ਰੋੜਤਾ ਲਈ ਕੁਝ ਸ਼ਿਅਰ ਵੰਨਗੀ ਦੇ ਤੌਰ ਤੇ ਵੇਖੋ :

*ਕਹੀਂ ਨਾ, ਚਾਰ ਅੱਖਰ ਹੀ ਲਿਖੇ ਨੇ।*
*ਮੁਹੱਬਤ ਹੈ ਤਾਂ ਏਨੇ ਹੀ ਬੜੇ ਨੇ।*

*ਝੂਠ ਨੂੰ ਝੂਠ ਕਿਹਾ, ਉਸ ਨੂੰ ਬੁਰਾ ਲਗਦਾ ਹੈ।*
*ਮੈਨੂੰ ਉਹ ਵਕਤ ਦੀ ਸਰਕਾਰ ਜਿਹਾ ਲਗਦਾ ਹੈ।*

*ਚੜ੍ਹਦੀ ਸਵੇਰ ਦੇ ਗਈ ਅਖ਼ਬਾਰ, ਦੇਖੀਏ!*
*ਕੀ ਕੀ ਹਨੇਰ ਪਾ ਰਿਹੈ ਸੰਸਾਰ, ਦੇਖੀਏ!*

ਇਨ੍ਹਾਂ ਸ਼ਿਅਰਾਂ ਦੇ ਖ਼ਿਆਲਾਂ ਨੂੰ ਜੇ ਵਾਰਤਕ ਵਿਚ ਵੀ ਲਿਖਣਾ ਹੋਵੇ ਤਾਂ ਆਪਾਂ ਇਸ ਵਿਚ ਕੀ ਤਬਦੀਲੀ ਕਰ ਸਕਾਂਗੇ? ਬਸ, ਇਹ ਗੁਣ ਸ਼ਾਇਰੀ ਦਾ ਸਿਖ਼ਰ ਹੈ, ਜੋ ਦੀਪ ਨੇ ਪ੍ਰਾਪਤ ਕਰ ਲਿਆ ਹੈ।

ਕਲਾ ਵਿਚ ਜਦੋਂ ਕੋਈ ਕਲਾਕਾਰ ਆਪਣੀ ਕਲਾ ਵਿਚ 'ਮਾਸਟਰੀ' ਹਾਸਿਲ ਕਰ ਲਵੇ ਤਾਂ ਉਸ ਨੂੰ 'ਉਸਤਾਦ' ਦਾ ਰੁਤਬਾ ਮਿਲ ਜਾਂਦਾ ਹੈ, ਚਾਹੇ ਉਸ ਦਾ ਕੋਈ ਹਕੀਕੀ ਸ਼ਾਗਿਰਦ ਨਾ ਵੀ ਹੋਵੇ। ਭਾਟੀਏ ਨੂੰ 'ਉਸਤਾਦੀ' ਦੀ ਸਨਦ ਤਾਂ ਕਦੋਂ ਦੀ ਮਿਲ ਚੁੱਕੀ ਹੈ ਪਰ ਹੁਣ ਉਸ ਦੇ ਆਪਣੇ ਕਈ ਸ਼ਾਗਿਰਦ ਵੀ ਹਨ ਜਿਨ੍ਹਾਂ ਨੂੰ ਉਹ ਸਹੀ ਸੇਧ ਦੇ ਕੇ ਮੰਜ਼ਿਲੇ-ਮਕਸੂਦ ਤੱਕ ਪਹੁੰਚਾਉਣ ਦੇ ਆਹਰ ਵਿੱਚ ਹੈ। ਹੋਣਹਾਰ ਸ਼ਾਇਰ ਸਰਬਜੀਤ ਸਿੰਘ 'ਜੀਤ' ਉਸ ਦੇ ਉੱਤਮ ਗ਼ਜ਼ਲਾਂ ਕਹਿਣ ਵਾਲੇ ਸ਼ਾਗਿਰਦਾਂ ਵਿੱਚੋਂ ਸਿਰਕੱਢ ਸ਼ਾਗਿਰਦ ਹੈ। ਭਾਟੀਆ ਆਪਣੇ ਕੋਲ ਮਿਲਣ ਆਏ ਕਿਸੇ ਵੀ ਨੌਜਵਾਨ ਸ਼ਇਰ ਨੂੰ ਸਹੀ ਸੇਧ ਦੇਣ ਤੋਂ ਕਦੀ ਨਹੀਂ ਉੱਕਦਾ। ਕਈ ਵਾਰ ਜਦੋਂ ਅੱਜ ਦੇ ਕਮ-ਚੋਰ ਸ਼ਾਇਰ ਮੁਫ਼ਤ ਮਿਲੀ 'ਅਕਲ' ਨੂੰ ਵੀ ਲੈਣ ਤੋਂ ਆਨਾ-ਕਾਨੀ ਕਰਦੇ ਹਨ ਅਤੇ ਇਸ ਦਾ ਮਨ ਹੀ ਮਨ ਵਿਚ ਬੁਰਾ ਮਨਾਉਂਦੇ ਹਨ ਤਾਂ ਭਾਟੀਆ ਆਪ-ਮੁਹਾਰੇ ਕਹਿ ਰਹਿ ਉੱਠਦਾ ਹੈ :

*ਹਰਿਕ ਸ਼ਾਇਰ ਦੀ ਕੌੜੀ ਅੱਖ,*
*ਰਹਿੰਦੀ ਹੈ ਮੇਰੇ ਵੱਲ ਹੀ,*
*ਬੜਾ ਮਹਿੰਗਾ ਪਿਐ ਮੈਨੂੰ ਗ਼ਜ਼ਲ ਦਾ ਪਾਰਖੂ ਹੋਣਾ।*

ਬੇ-ਗੁਰੇ ਸ਼ਾਇਰ, ਜਿਨ੍ਹਾਂ ਨੇ ਆਪ ਕਿਸੇ ਉਸਤਾਦ ਨੂੰ ਉਸਤਾਦ ਨਹੀਂ ਮੰਨਿਆਂ, ਪਰ ਆਪ ਨੌਜਵਾਨ ਸ਼ਾਇਰਾਂ ਤੋਂ ਗੋਡੀਂ ਹੱਥ ਲਗਵਾਉਣ ਦੀ ਲਾਲਸਾ ਨੂੰ ਤਿਆਗ ਨਹੀਂ ਸਕਦੇ, ਉਨ੍ਹਾਂ ਬਾਰੇ ਭਾਟੀਏ ਦੇ ਵਿਅੰਗ ਦੇ ਤੀਰ ਬੜੇ ਕਾਟਵੇਂ ਹੁੰਦੇ ਹਨ। ਜਿਵੇਂ :

*ਅਜੋਕੇ ਦੌਰ ਵਿਚ ਕੋਈ ਵੀ ਸ਼ਿਸ਼ ਬਣਨਾ ਨਹੀਂ ਚਾਹੁੰਦਾ,*
*ਜਦੋਂ ਕਿ ਲੋਚਦੈ ਹਰ ਕੋਈ, ਹਰ ਇਕ ਦਾ ਗੁਰੂ ਹੋਣਾ।*

1990 ਦੇ ਕਰੀਬ ਇਕ ਦਿਨ ਦੀਪ ਆਪਣੇ ਦੋਹਾਂ ਬੱਚਿਆਂ ਨਾਲ, ਦਕੋਹੇ ਦੇ ਹੀ ਗੁਆਂਢੀ ਪਿੰਡ, ਢਿਲਵਾਂ ਵਿਚ ਸਕੂਟਰ 'ਤੇ ਜਾਂਦਾ ਮਿਲ ਪਿਆ। ਮੈਨੂੰ ਐਨੀ ਖ਼ੁਸ਼ੀ ਹੋਈ ਜਿਵੇਂ ਮੈਨੂੰ ਕੋਈ ਬੜੀ ਹੀ ਦੁਰਲੱਭ ਚੀਜ਼ ਮਿਲ ਗਈ ਹੋਵੇ। ਜਦੋਂ ਦੀਪ ਨੇ ਦੱਸਿਆ ਕਿ ਉਹ ਢਿਲਵਾਂ ਵਿਚ ਹੀ ਡਾਕਟਰੀ ਦੀ ਪ੍ਰੈਕਟਿਸ ਕਰ ਰਿਹਾ ਹੈ ਤਾਂ ਮੈਂ ਦੰਗ ਰਹਿ ਗਿਆ। ਮਲੇਰ ਕੋਟਲੇ ਵਿਚ ਪਰਚੂਨ, ਬਜਾਜੀ ਆਦਿ ਦੀ ਦੁਕਾਨ ਕਰਦਾ ਕਰਦਾ ਉਹ ਡਾਕਟਰ ਕਿਵੇਂ ਬਣ ਗਿਆ? ਪਰ ਇਹ ਵੀ ਦੀਪ ਦੇ ਦ੍ਰਿੜ-ਇਰਾਦੇ ਦਾ ਹੀ ਕ੍ਰਿਸ਼ਮਾ ਕਹਿ ਲਵੋ ਕਿ ਉਸ ਦਾ ਰੋਟੀ-ਰੋਜ਼ੀ ਦੇ ਮਸਲੇ ਵਿਚ ਜਿੱਥੇ ਵੀ ਨਹੁੰ ਅੜਿਆ, ਉਸ ਨੇ ਉੱਥੋਂ ਹੀ ਉੱਪਰ ਵੱਲ ਚੜ੍ਹਨ ਦੀ ਹਰ ਸੰਭਵ ਕੋਸ਼ਿਸ਼ ਕੀਤੀ ਤੇ ਸਫਲ ਵੀ ਹੋਇਆ।

ਅਸਲ ਵਿਚ ਦੀਪ ਦੀ ਕਿਸਮਤ ਅਤੇ ਰਿਸ਼ਤੇਦਾਰਾਂ, ਦੋਸਤਾਂ ਮਿੱਤਰਾਂ ਦੀ ਠਿੱਬੀ ਨੇ ਹੀ ਉਸ ਨੂੰ ਮੇਰੇ ਗੁਆਂਢ ਲਿਆ ਸੁੱਟਿਆ ਸੀ। ਮਿੱਤਰਾਂ ਪਿਆਰਿਆਂ ਦੀ ਮਾਰੀ ਹੋਈ ਇਹ ਲੱਤ ਕੁੱਬੇ ਦਾ ਕੁੱਬ ਕੱਢ ਗਈ। ਹੁਣ ਉਸ ਕੋਲ ਆਪਣਾ ਘਰ ਹੈ। 'ਕਾਮਯਾਬ ਡਾਕਟਰੀ ਕਲੀਨਿਕ' ਵੱਲੋਂ 'ਭਾਟੀਆਂ' ਦੇ ਸੁਭਾਅ ਅਨੁਸਾਰ ਉਹ ਫਿਰ ਬਜਾਜੀ ਵੱਲ ਛਾਲ ਮਾਰ ਕੇ, ਆਪਣੇ ਹੋਣਹਾਰ, ਆਗਿਆਕਾਰ ਅਤੇ ਬੜੀ ਹੀ ਪਿਆਰੀ ਤਬੀਅਤ ਵਾਲੇ ਖ਼ੂਬਸੂਰਤ ਬੇਟੇ ਸੁਮੀਤ ਨਾਲ ਰਾਮਾ ਮੰਡੀ (ਜਲੰਧਰ) ਵਿਚ ਪ੍ਰਮੁੱਖ ਬਜਾਜ ਬਣ ਬੈਠਾ। ਪਰ ਰੁਜ਼ਗਾਰ ਦੇ ਪੜੁੱਲ 'ਤੇ ਉਹ ਹੋਰ ਕਈ ਛਾਲਾਂ ਮਾਰਨ ਮਗਰੋਂ ਅੱਜ-ਕਲ੍ਹ ਡਰੋਲੀ ਕਲਾਂ ਦੇ ਕਾਲਜ ਦੇ ਸਾਹਮਣੇ ਆਪਣਾ ਸੁਹਣਾ 'ਰਿਫਰੈਸ਼ਮੈਂਟ ਹੋਮ' ਚਲਾ ਰਿਹਾ ਹੈ। ਪਰ ਮਲੇਰ ਕੋਟਲਾ ਛੱਡਣ ਦੀਆਂ ਕੌੜੀਆਂ ਕੁਸੈਲੀਆਂ ਯਾਦਾਂ ਨੂੰ ਉਹ ਨਾ ਭੁੱਲਾ ਸਕਿਆ, ਨਾ ਭੁੱਲ ਸਕੇਗਾ। ਇਸ ਸਾਰੇ ਘਟਨਾ-ਚੱਕਰ ਦੀ ਗੁਆਹੀ ਉਸ ਦੇ ਸ਼ਿਅਰ ਭਰਦੇ ਹਨ। ਜਿਵੇਂ :

*ਸੱਤ-ਬਿਗਾਨੇ ਲੋਕਾਂ ਵਿਚ, ਤੇ ਅਪਣੇ ਘਰ ਤੋਂ ਦੂਰ,*
*ਕੋਈ ਕਿਸੇ ਮਜਬੂਰੀ ਵੱਸ ਹੀ ਕਰਦਾ ਹੈ ਪਰਵਾਸ।*



ਆਪਣੇ ਹੋ ਕੇ ਵੀ ਔਕੜ ਵੇਲੇ ਮੂੰਹ ਮੋੜ ਲੈਣ ਵਾਲੇ 'ਆਪਣਿਆਂ' ਬਾਰੇ ਉਹ ਖ਼ੂਬ ਕਹਿੰਦਾ ਹੈ :

*ਉਨ੍ਹਾਂ ਨੂੰ ਮੇਰਿਆਂ ਜ਼ਖ਼ਮਾਂ ਦੀ ਪੀੜ ਹੋਵੇ ਕਿਵੇਂ,*
*ਉਹ ਸਿਰਫ਼ 'ਆਪਣੇ' ਨੇ, ਦੁਖ-ਸੁਖ ਦੇ ਭਾਈਵਾਲ ਨਹੀਂ।*

ਦੀਪ ਬਹੁਤ ਮਿਹਨਤੀ ਸੁਭਾਅ ਦਾ ਸ਼ਖ਼ਸ ਹੈ। ਉਹ ਸੱਚ ਕਹਿੰਦਾ ਹੈ :

*ਨਿਰਧਨ ਸਹੀ ਧਨ ਵਾਲਿਓ, ਬੇਕਾਰ ਨਹੀਂ ਹਾਂ।*
*ਇਕ ਠੋਸ ਹਕੀਕਤ ਹਾਂ, ਸਮਾਚਾਰ ਨਹੀਂ ਹਾਂ।*

ਦੀਪ ਨੂੰ ਬਹੁਤ ਛੋਟੀਆਂ ਛੋਟੀਆਂ ਕਿਰਤਾਂ ਵੀ ਕੀਤੀਆਂ। ਉਸ ਨੇ ਫੇਰੀ ਲਾਈ, ਕਰਿਆਨੇ ਦੀ ਦੁਕਾਨ ਕੀਤੀ, ਕਮੇਟੀਆਂ ਪਾਈਆਂ, ਲੱਕੀ ਸਕੀਮਾਂ ਚਲਾਈਆਂ, ਇਲੈਕਟਰੀਕਲ ਸ਼ੋ-ਰੂਮ ਤੋਂ ਬਾਅਦ ਬਜਾਜੀ ਦਾ ਕੰਮ ਕੀਤਾ, ਬਾਕਾਇਦਾ ਡਾਕਟਰੀ ਸਿੱਖਿਆ ਲਈ ਤੇ ਕਾਮਯਾਬ ਕਲੀਨਿਕ ਚਲਾਉਣ ਮਗਰੋਂ ਹੁਣ ਫਿਰ ਬਜਾਜੀ ਦੇ ਕੰਮ ਵੱਲੋਂ ਖੁਆਉਣ-ਪਿਲਾਉਣ ਦੀ ਸੇਵਾ ਵੱਲ ਆਉਣ ਤਕ ਉਸ ਨੇ ਕਿਸੇ ਕੰਮ ਨੂੰ ਛੋਟਾ ਸਮਝ ਕੇ ਹੀਣਤਾ ਮਹਿਸੂਸ ਨਹੀਂ ਕੀਤੀ ਤੇ ਨਾ ਹੀ ਵੱਡੇ ਕੰਮ ਦਾ ਕਦੀ ਗ਼ਰੂਰ ਹੀ ਕੀਤਾ। ਉਸ ਨੇ ਤੰਗੀਆਂ-ਤੁਰਸ਼ੀਆਂ ਵਿਚ ਵੀ ਆਪਣੇ ਆਪ ਨੂੰ ਤੇ ਬੀਵੀ-ਬੱਚਿਆਂ ਨੂੰ ਇਉਂ ਹੀ ਹੌਸਲਾ ਦਿੱਤਾ ਹੈ :

*'ਅਜੇ ਨਾ ਹਾਰਿਓ ਦਿਲ', ਦਿਲ ਦੀ ਬਾਤ ਕਹਿੰਦੀ ਹੈ।*
*'ਗੁਜ਼ਰ ਹੀ ਜਾਏਗੀ, ਭੁੱਖਿਆਂ ਨੂੰ ਰਾਤ' ਕਹਿੰਦੀ ਹੈ।*

ਪਰ ਦੁੱਖ ਤਾਂ ਦੁੱਖ ਹੈ, ਦੁੱਖ ਦਾ ਅਹਿਸਾਸ ਜੇ ਇਕ ਸ਼ਾਇਰ ਦੇ ਦਿਲ ਨੂੰ ਨਹੀਂ ਹੋਵੇਗਾ ਤਾਂ ਕਿਸ ਨੂੰ ਹੋਵੇਗਾ?

*ਨਹੀਂ ਅੱਖੀਆਂ 'ਚ ਜੇ ਅੱਥਰੂ,*
*ਇਦ੍ਹਾ ਇਹ ਅਰਥ ਨਈਂ ਯਾਰੋ,*
*ਕਿ ਲੱਗੀ ਠੇਸ ਦਾ ਇਸ ਦਿਲ ਨੂੰ*
*ਦੁੱਖ ਨਾ ਪਹੁੰਚਿਆ ਹੋਵੇ।*

ਜਿਸ ਬੋਟ ਨੂੰ ਜੰਮਣ ਵਾਲੇ ਆਲ੍ਹਣੇ ਵਿੱਚੋਂ ਧੱਕਾ ਦੇ ਦੇਣ, ਉਸ ਦਾ ਤਾਂ ਫਿਰ ਅੱਲਾ ਹੀ ਬੇਲੀ ਹੁੰਦਾ ਹੈ। ਸੋ 'ਧੀਦੋ ਹੋ ਤੁਰਿਆ ਵਾਰਿਸ ਸ਼ਾਹ ਜੇਹਾ' ਦੀ ਹਾਲਤ ਵਿਚ ਜਦੋਂ ਦੀਪ ਆਪਣਿਆਂ ਦਾ ਹੀ ਸਤਾਇਆ ਹੋਇਆ, ਘਰ-ਬਾਰ ਤਿਆਗ ਕੇ ਪਰਦੇਸੀ ਹੋ ਤੁਰਿਆ ਤਾਂ ਵੀ ਦੋਖੀਆਂ ਨੇ ਉਸ ਤੇ ਆਵਾਜ਼ੇ ਕੱਸੇ ਤੇ ਦੂਸ਼ਣ ਲਾਏ। ਦੋਸਤਾਂ ਨੇ ਉਸ ਦੀ ਮਜਬੂਰੀ ਸਮੇਂ ਮਦਦ ਤਾਂ ਕੀ ਕਰਨੀ ਸੀ, ਉਲਟਾ ਉਸ ਨੂੰ ਜ਼ਲੀਲ ਕਰਨ ਦੀ ਪੂਰੀ ਵਾਹ ਲਾ ਦਿੱਤੀ। ਦੀਪ ਸਭ ਕੁਝ ਛੱਡ-ਛਡਾ ਕੇ, ਆਪਣੇ ਰੌਸ਼ਨ ਖ਼ਿਆਲਾਂ ਨੂੰ ਹੀ ਆਪਣੀ ਜੀਵਨ-ਪੂੰਜੀ ਸਮਝਦਾ, ਸੰਭਾਲਦਾ ਹੋਇਆ ਜਲੰਧਰ ਆਣ ਲੱਥਾ :

*ਇਕ ਲੁੱਟ ਨਾ ਹੋਏ ਓਸ ਤੋਂ, ਮੇਰੇ ਖ਼ਿਆਲ 'ਦੀਪ',*
*ਬਾਕੀ ਸਮਾਨ ਜੋ ਵੀ ਸੀ, ਬੋਰੀ 'ਚ ਪਾ ਲਿਆ।*

ਜਲੰਧਰ ਆਏ ਨੂੰ ਉਸ ਨੂੰ ਜਿਵੇਂ ਪੰਜਾਬੀ ਦੇ ਪੁਖ਼ਤਾ ਗ਼ਜ਼ਲਗੋਅ ਸੁਖਵੰਤ ਪੱਟੀ ਨੇ ਬੋਚ ਲਿਆ, ਉਸ ਦੇ ਪ੍ਰਭਾਵ ਥੱਲੇ ਦੀਪ ਆਪ-ਮੁਹਾਰੇ ਕਹਿ ਉੱਠਿਆ :

*ਨਾ ਖ਼ੂਨ ਦਾ ਦਾਅਵਾ ਹੈ, ਨਾ ਜ਼ਾਤ ਦਾ ਰੌਲ਼ਾ ਹੈ,*
*ਇਕ ਵੱਖਰੀ ਸਕੀਰੀ ਹੈ ਦੁਖ-ਸੁਖ ਦੇ ਭਿਆਲਾਂ ਦੀ।*

ਦੀਪ ਬੜੀ ਗਹਿਰ ਗੰਭੀਰ ਤਬੀਅਤ ਦਾ ਮਾਲਿਕ ਹੈ ਪਰ ਜਦ ਉਹ ਮੇਰੇ ਜਿਹੇ ਚੋਣਵੇਂ ਦੋਸਤਾਂ ਕੋਲ ਆਪਣੇ ਦੁੱਖ-ਸੁਖ ਸਾਂਝੇ ਕਰਦਾ ਹੈ ਤਾਂ ਉਸ ਦਾ ਸ਼ਿਅਰ ਆਪਣੇ ਆਪ ਸਿਰ ਚੜ੍ਹ ਬੋਲ ਉੱਠਦਾ ਹੈ :

*ਜਿਦ੍ਹੇ ਚਿਹਰੇ 'ਤੇ ਇਕ ਸੰਜਮ ਜਿਹੀ*
*ਮੁਸਕਾਨ ਰਹਿੰਦੀ ਹੈ,*
*ਕੀ ਉਸ ਦੇ ਮਨ 'ਚ ਸੋਚਾਂ ਦਾ*
*ਖਿਲਾਰਾ ਹੋ ਨਹੀਂ ਸਕਦਾ?*

*ਨਹੀਂ ਅੱਖੀਆਂ 'ਚ ਜੇ ਅੱਥਰੂ,*
*ਇਦ੍ਹਾ ਇਹ ਅਰਥ ਨਹੀਂ ਯਾਰੋ,*
*ਕਿ ਲੱਗੀ ਠੇਸ ਦਾ ਇਸ ਦਿਲ ਨੂੰ,*
*ਦੁੱਖ ਨਾ ਪਹੁੰਚਿਆ ਹੋਵੇ।*

ਪਰ ਅੱਜ ਦੀਪ ਆਪਣੀਆਂ ਤੰਗੀਆਂ-ਤੁਰਸ਼ੀਆਂ ਤੇ ਮਜਬੂਰੀਆਂ ਨੂੰ ਦ੍ਰਿੜ ਇਰਾਦੇ, ਹੌਸਲੇ ਤੇ ਮਿਹਨਤ ਦੇ ਪੈਰਾਂ ਹੇਠ ਦਰੜਦਾ ਹੋਇਆ, ਰਿਸ਼ਤੇਦਾਰੀਆਂ, ਸਮਾਜ ਅਤੇ ਸਾਹਿਤਕ ਖੇਤਰ ਵਿਚ ਆਪਣੀ ਹੋਂਦ ਦਾ ਰੜਕਵਾਂ ਅਹਿਸਾਸ ਕਰਵਾ ਰਿਹਾ ਹੈ। ਕਈ ਵਾਰ ਤਾਂ ਉਹ ਚਹਿਚਹਾ ਵੀ ਉੱਠਦਾ ਹੈ :

*ਉਹ ਉਂਗਲਾਂ ਮੂੰਹ 'ਚ ਪਾਉਂਦੇ ਨੇ*
*ਜੋ ਦਾਅਵੇ ਨਾਲ ਕਹਿੰਦੇ ਸੀ,*
*ਅਸਾਂ ਨੇ ਡੋਬ ਦਿੱਤੈ 'ਦੀਪ',*
*ਹੁਣ ਇਹ ਤਰ ਨਹੀਂ ਸਕਦਾ।*

ਦੀਪ ਮੇਰਾ ਬੜੇ ਤਰਸੇਵੇਂ ਦਾ ਦੋਸਤ ਹੈ। ਅਸੀ ਸਰੀਰਕ ਤੌਰ 'ਤੇ ਹੀ ਇਕ ਦੂਜੇ ਦੇ ਨੇੜੇ ਨਹੀਂ ਰਹੇ, ਸਗੋਂ ਖ਼ਿਆਲਾਂ ਤੇ ਮੁਹੱਬਤ ਦੇ ਪੱਖੋਂ ਵੀ ਅਤੇ ਮਾਨਸਿਕ ਤੌਰ ਤੇ ਵੀ ਇਕ ਦੂਜੇ ਦੇ ਸਾਂਝੀ ਅਤੇ ਪੂਰਕ ਹਾਂ। ਉਸ ਦੇ ਗੁਣਾਂ ਨੂੰ ਮੈਂ ਆਪਣੇ ਗੁਣ ਸਮਝਦਾ ਹੋਇਆ ਫ਼ਖ਼ਰ ਮਹਿਸੂਸ ਕਰਦਾ ਹਾਂ ਤੇ ਉਸ ਦੀਆਂ ਕਮਜ਼ੋਰੀਆਂ ਨੂੰ ਆਪਣੀਆਂ ਕਮਜ਼ੋਰੀਆਂ ਸਮਝਕੇ ਕਬੂਲ ਕਰਨ ਵਿਚ ਮੈਨੂੰ ਕੋਈ ਝਿਜਕ ਨਹੀਂ ਹੈ। ਮੇਰੀ ਹਰ ਵੇਲੇ ਇਹੀ ਦੁਆ ਰਹਿੰਦੀ ਹੈ ਕਿ ਪਰਮਾਤਮਾ ਉਸ ਦੀ ਸੋਚ ਨੂੰ ਸਦਾ ਹੀ ਇਸੇ ਤਰ੍ਹਾਂ ਸਹੀ ਦਿਸ਼ਾ ਪ੍ਰਦਾਨ ਕਰਦਾ ਰਹੇ ਅਤੇ ਦੀਪ ਇਕ ਇਨਸਾਨ ਅਤੇ ਇਕ ਸ਼ਾਇਰ ਦੇ ਤੌਰ ਤੇ ਹੋਰ ਬੁਲੰਦੀਆਂ ਹਾਸਿਲ ਕਰੇ। ਬੇਸ਼ੱਕ ਦੀਪ ਇਉਂ ਵੀ ਕਹਿੰਦਾ ਫਿਰੇ :

*ਉਹ ਜਦੋਂ ਮਿਲਦੇ ਨੇ, 'ਦੀਵਾਨ' ਦੀ ਗੱਲ ਕਰਦੇ ਨੇ,*
*'ਦੀਪ' ਸ਼ਾਇਰ ਲਈ 'ਦੀਵਾਨ' ਜ਼ਰੂਰੀ ਤਾਂ ਨਹੀਂ।*

ਪਰ ਹਕੀਕਤ ਇਹ ਹੈ ਕਿ ਅੱਜ ਗੁਰਦੀਪ ਭਾਟੀਆ 'ਦੀਪ' ਦੋ ਗ਼ਜ਼ਲ-ਮਜਮੂਹਿਆਂ ('ਸੁਲਘਦੇ-ਅਹਿਸਾਸ' ਅਤੇ 'ਸ਼ੀਸ਼ੇ ਦਾ ਕੀ ਕਸੂਰ?') ਦਾ ਸਾਹਿਬ-ਕਿਤਾਬ ਹੈ ਤੇ ਇਨ੍ਹਾਂ ਦੋਹਾਂ ਕਿਤਾਬਾਂ ਨੂੰ ਪਾਠਕਾਂ ਵੱਲੋਂ ਐਨਾਂ ਪਿਆਰ ਮਿਲਿਆ ਹੈ ਕਿ ਕਈ ਵਾਰ ਭਾਟੀਆ 'ਤੇ ਰਸ਼ਕ ਹੋ ਆਉਂਦਾ ਹੈ। ਪ੍ਰਮਾਤਮਾ ਭਾਟੀਆ ਦੀ ਕਲਮ ਨੂੰ ਹੋਰ ਬਲ ਬਖ਼ਸ਼ੇ ਤੇ ਕਲਾਮ ਨੂੰ ਹੋਰ ਬੁਲੰਦੀ। •

## ਦੋਹੇ

ਬਾਗੀਂ ਖਿੜੇ ਬਹਾਰ ਕੀ, ਮਾਲੀ ਮਿਲੇ ਮਕਾਰ।
ਖ਼ੁਦ ਹੀ ਧਰਤ ਸੁਆਰੀਏ, ਖ਼ੁਦ ਹੀ ਚੁਣੀਏ ਖ਼ਾਰ।

ਮੌਤ ਮੁਲਤਵੀ ਰਹੇਗੀ, ਹਾਲੇ ਕੁਝ ਕੁ ਸਾਲ।
ਉਨ੍ਹਾਂ ਖੰਜਰ ਖੋਭਿਆ, ਏਸ ਮਹੂਰਤ ਨਾਲ।

ਭਖਦੇ ਮੁੱਦੇ ਭੁੱਲ ਕੇ, ਵਿਕ ਜਾਂਦੀ ਹੈ ਵੋਟ।
ਦਿੰਦਾ ਜਦ ਦਸ ਨੰਬਰੀ, ਦੋ ਨੰਬਰ ਦੇ ਨੋਟ।

ਸੱਚੀ-ਸੁੱਚੀ ਕਿਰਤ ਨੂੰ, ਮਿਲਿਆ ਇਹ ਸਨਮਾਨ।
ਖ਼ਾਲੀ ਘਰ ਦੇ ਬੋਝ ਨੇ, ਕੀਤੀ ਕਮਰ ਕਮਾਨ।

ਹੋਸ਼ 'ਚ ਗੁੰਨ੍ਹ ਕੇ ਜੋਸ਼ ਨੂੰ, ਸਿਖ ਜੂਝਣ ਦੀ ਜਾਂਚ।
ਕੇਵਲ ਅੰਨ੍ਹੇ ਜੋਸ਼ ਵਿਚ, ਜਾਂਦੀ ਹੋਸ਼ ਗੁਆਚ।

ਸਾਡੀ ਖ਼ਾਤਰ ਸ਼ਖ਼ਸ ਜੋ, ਜੂਝੇ ਉਮਰ ਤਮਾਮ।
ਕਿਸ ਕੀਤੇ ਇਤਿਹਾਸ 'ਚੋਂ, ਉਹ ਸੂਰੇ ਗੁੰਮਨਾਮ।

ਹੱਥ ਖ਼ੁਦਾ ਦੇ ਡੋਰੀਆਂ, ਕੁਝ ਨਾ ਸਾਡੇ ਹੱਥ।
ਰੱਖਣ ਜਿਹੜੇ ਸੋਚ ਇਹ, ਰਹਿੰਦੇ ਖ਼ਾਲੀ ਹੱਥ।

ਖ਼ੁਦ ਸਰਕਾਰੀ ਮਾਲ ਨੂੰ, ਨੇਤਾ ਜੀ ਬੁੱਕ ਲਾਉਣ।
ਭੁੱਖੇ ਨੰਗਿਆਂ ਵਾਸਤੇ, ਬੁੱਕੀਂ ਵੜੇ ਪਕਾਉਣ।

ਹੋਵੇ ਖ਼ੂਨ ਸਫ਼ੈਦ ਜਦ, ਮਨ ਵਿਚ ਵਧੇ ਖਟਾਸ।
ਕਰਦੀ ਫੇਰ ਖਟਾਸ ਇਹ, ਨਹੁੰਆਂ ਤੋਂ ਵੱਖ ਮਾਸ।

ਰਹਿੰਦਾ ਹੈ ਉਹ ਤੜਪਦਾ, ਭਰਦਾ ਨਾ ਪਰਵਾਜ਼।
ਜਿਹੜਾ ਨਜ਼ਰੋਂ ਡਿੱਗ ਕੇ, ਹੁੰਦਾ ਨਜ਼ਰ-ਅੰਦਾਜ਼।

ਇਸ ਥਾਂ ਕਿਸੇ ਬਹਾਰ ਦੇ, ਮਿਲਦੇ ਕਿਵੇਂ ਨਿਸ਼ਾਨ।
ਰੱਬ ਸਬੱਬੀ ਬਨਦੀਆਂ, ਕੁਝ ਕਣੀਆਂ ਮਹਿਮਾਨ।



• ਹਰਮਿੰਦਰ ਸਿੰਘ ਕੋਹਾਰਵਾਲਾ, ਮੋਬਾਈਲ : 98768-73735

## ਗ਼ਜ਼ਲਾਂ

ਮੇਰੀ ਮਾਸੂਮੀਅਤ ਦੇ ਪੰਖ ਉੱਤੇ ਭਾਰ ਇੰਨਾਂ ਪਾਉ ਨਾ।
ਉੱਡਣ ਦਿਉ ਉੱਚਾ ਅੰਬਰੀਂ ਮੈਨੂੰ ਬਹੁਤਾ ਤਰਸਾਉ ਨਾ।

ਬੋਝ ਵੀ ਮੈਂ ਝੱਲ ਸਕਦਾਂ ਰਹਿ ਸਕਦਾਂ ਬੁੜ੍ਹਾਂ ਦੇ ਵਿਚ,
ਲੇਕਿਨ ਮੇਰੇ ਮੁੱਖ ਤੋਂ ਖ਼ੁਸ਼ੀ ਤੇ ਬਚਪਨ, ਚੁਰਾਉ ਨਾ।

ਪਲ ਵਿਚ ਹੀ ਲੰਘ ਜਾਣਾ ਏ ਸਮਾਂ ਨੰਨੀਆਂ ਖੇਡਾਂ ਦਾ,
ਏ ਖੇਡ ਮੁਨਾਫ਼ੇ ਵਾਲੀ ਦਾ ਮੈਨੂੰ ਹਿੱਸਾ ਅਜੇ ਬਣਾਉ ਨਾ।

ਕੀ ਜਾਤਾਂ, ਕੀ ਧਰਮ ਤੇ ਕੀ ਕਰਨਾ ਮੈਂ ਉਪਦੇਸ਼ਾਂ ਨੂੰ,
ਜਿਉਣ ਜੋਗੀ ਧਰਤ ਉੱਤੇ ਪਲ ਫ਼ੁਰਸਤ ਦੇ ਦਿਵਾਉ ਨਾ।

ਨਾ ਮੈਂ ਚਾਹਾਂ ਮਹਿਲ ਮੁਨਾਰੇ ਤੇ ਨਾ ਚਾਹਾਂ ਵਸਤਾਂ ਨੂੰ,
ਮੈਨੂੰ ਮੇਰੀ ਮਾਂ ਦੀ ਗੋਦੀ ਤੇ ਪਿਉ ਦਾ ਲਾਡ ਭੁਲਾਉ ਨਾ।

ਮਾਰ ਉਡਾਰੀਆਂ ਉੱਚੀਆਂ ਪਹੁੰਚੇ ਦੂਰ ਸਭ ਹਾਣੀ ਮੇਰੇ,
ਪੁੱਜ ਜਾਵਾਂਗਾ ਰੀਂਗ ਕੇ ਨੈਂ ਵੀ ਰਾਹ ਤੋਂ ਮੈਨੂੰ ਭਟਕਾਉ ਨਾ।

ਲੰਬੀਆਂ ਵਾਟਾਂ ਦਾ ਹਾਂ ਰਾਹੀ ਚਾਹੇ ਕਦਮ ਛੋਟੇ ਨੇ ਮੇਰੇ,
ਹਨੇਰਿਆਂ ਵਿਚਾਲੇ ਖੜ੍ਹ ਕੇ ਮੇਰਾ ਰਾਹ ਕੋਈ ਰੁਸ਼ਨਾਉ ਨਾ।



• ਕੁਲਦੀਪ ਹੰਸਪਾਲ, ਮੋਬਾਈਲ : 8872521400

ਰੋਈ ਤਿਤਲੀ ਮਾਲੀ ਰੋਏ।
ਬਾਗ਼ੀਂ ਫੁੱਲ ਕਲੀ ਨੇ ਮੋਏ।

ਐਵੇਂ ਨਜ਼ਰਾਂ ਰਾਹਾਂ ਤੱਕਣ,
ਆਵੇ ਨਾ ਉਹ ਲੋਏ ਲੋਏ।

ਐਸੇ ਉਹ ਪਰਦੇਸ ਗਏ ਨੇ,
ਮੁੜ ਨਾ ਖੁੱਲ੍ਹੇ ਬੂਹੇ ਢੋਏ।

ਦਿਲਬਰ ਬਣ ਕੇ ਕਹਿਰ ਗੁਜ਼ਾਰੇ,
ਰਾਹੀਂ ਮੇਰੇ ਥੋਹਰ ਬੋਏ।

ਰੋਸ਼ਨ ਕਰਦੇ ਜੋ ਮਨ ਮੇਰਾ,
ਕੋਈ ਐਸਾ ਸੂਰਜ ਹੋਏ।

ਮੌਲਾ ਵੈਰੀ ਬਣਿਆ ਮੇਰਾ,
ਲੱਭੇ ਨਾਹੀ ਮੋਤੀ ਖੋਏ।



• ਕਰਮਜੀਤ "ਦਿਉਣ"
ਮੋਬਾਈਲ : 94672-95003

## ਕਵਿਤਾਵਾਂ

### ਹੰਝੂ

ਬੜਾ ਮੁਸ਼ਕਿਲ ਸੀ ਤੈਨੂੰ ਦਿਲ ਦੀ ਸੁਣਾਉਣਾ।
ਨੈਣਾਂ 'ਚ ਰੱਖਣੇ ਹੰਝੂ ਤੇ ਝੂਠਾ ਮੁਸਕਰਾਉਣਾ।

ਜੁਗਨੂੰਆਂ ਦੇ ਕਾਫ਼ਲੇ ਤੋਂ ਸੂਰਜ ਦੀ ਅੱਗ ਮੰਗਣੀ,
ਤੇ ਹਨੇਰੇ 'ਚ ਗ਼ਮ ਦੀ ਲਾਟ ਦਾ ਜਗਮਗਾਉਣਾ।

ਉਦਾਸੀ ਰੁੱਤ ਦੇ ਗਲ਼ ਲੱਗ ਰੋਣਾ ਅਕਸਰ,
ਪਤਝੜ 'ਚ ਬਹਾਰ ਦਾ ਭਰਮ ਬਣਾਉਣਾ।

ਉੱਡਣ ਨਾ ਦੇਣਾ ਯਾਦਾਂ ਦੇ ਪੰਖੇਰੂ ਨੂੰ,
ਮਿਲਣੇ ਦੀ ਤਾਂਘ ਵਿਚ ਜ਼ਿੰਦਗੀ ਬਿਤਾਉਣਾ।

ਸੌਖਾ ਨਹੀਂ ਸੀ, ਤੈਨੂੰ ਲਿਖੇ ਖ਼ਤ ਸਾੜ ਦੇਣੇ,
ਫਿਰ ਰਾਖ ਨੂੰ ਸੀਨੇ ਲਾ ਹੰਝੂ ਵਹਾਉਣਾ।



• ਮਨਿੰਦਰ ਕੌਰ 'ਬਸੀ', ਮੋਬਾਈਲ : 98784-38722

### ਮਾਂ ਦੀ ਸੇਵਾ

ਮਾਂ ਧਰਤੀ ਦਾ ਰੱਬ ਹੈ ਦੂਜਾ
ਮਾਂ ਦੀ ਕਰੋ ਹਮੇਸ਼ਾ ਪੂਜਾ
ਮਾਂ ਦੀ ਮਮਤਾ 'ਚ ਅਥਾਹ ਸ਼ਕਤੀ
ਮਾਂ ਦੀ ਕਰੋ ਸੇਵਾ ਭਗਤੀ
ਮਾਂ ਦਾ ਕਰਜ਼ ਉਤਾਰ ਨਾ ਸਕੇ ਕੋਈ
ਜੋ ਦੁੱਖ ਦੇਵੇ ਮਾਂ ਨੂੰ, ਮਿਲੇ ਨਾ ਉਸ ਨੂੰ ਢੋਈ
ਮਾਂ ਦਾ ਦਿਲ ਜਿਸ ਨੇ ਵੀ ਦੁਖਾਇਆ
ਦੁੱਖ ਤੋਂ ਛੁਟਕਾਰਾ ਉਸ ਕਦੇ ਨਾ ਪਾਇਆ
ਸਦਾ ਹੀ ਮਾਂ ਨੂੰ ਪੁੱਤ 'ਤੇ ਤਰਸ ਹੈ ਆਇਆ
ਨਾ ਉਸ ਨੂੰ ਸਮਝਿਆ ਉਸ ਕਦੇ ਪਰਾਇਆ
ਵਿਰਦੀ ਜੋ ਕਰਨ ਮਾਂ ਦੀ ਰੱਜ ਕੇ ਸੇਵਾ
ਦੋਹੀਂ ਜਹਾਨੀ ਮਿਲੇ ਉਨ੍ਹਾਂ ਨੂੰ ਮੇਵਾ।



• ਅਮਰਜੀਤ ਸਿੰਘ ਵਿਰਦੀ

### ਫੱਟ ਮੁਹੱਬਤਾਂ ਦੇ

ਮਿਲਦੇ ਨਹੀਂ ਲੱਗੇ ਹੋਏ ਡੂੰਘੇ ਫੱਟ ਮੁਹੱਬਤਾਂ ਦੇ।
ਭੁਲਾਇਆਂ ਵੀ ਨਹੀਂ ਭੁੱਲਦੇ ਬੀਤੇ ਝੱਟ ਮੁਹੱਬਤਾਂ ਦੇ।

ਬਾਹਰੋਂ ਦੇਖਣ ਨੂੰ ਤਾਂ ਬੁੱਤ ਪੂਰਾ-ਸੂਰਾ ਦਿੱਸਦਾ ਹੈ,
ਅੰਦਰੋਂ ਘੁਣ ਵਾਂਗੂ ਜਾਂਦੇ ਨੇ ਦੁੱਖ ਚੱਟ ਮੁਹੱਬਤਾਂ ਦੇ।

ਹੁਸਨ ਕੱਚਿਆਂ 'ਤੇ ਠਿੱਲ੍ਹ ਪੈਂਦੈ ਲਾਉਂਦੇ ਜਾਨ ਦੀ ਬਾਜ਼ੀ,
ਮੱਛੀ ਦੀ ਥਾਂ ਭੁੰਨੇ ਜਾਂਦੇ ਜਦੋਂ ਵੀ ਪੱਟ ਮੁਹੱਬਤਾਂ ਦੇ।

ਰੋਗ ਉਮਰਾਂ ਦਾ ਬਣ ਜਾਂਦੀ ਕੀਤੀ ਦੋ ਘੜੀਆਂ ਦੀ ਭੁੱਲ,
ਜਦੋਂ ਲੇਖਾਂ ਵਿਚ ਲਿਖੇ ਹੋਣ, ਲੇਖੇ ਘੱਟ ਮੁਹੱਬਤਾਂ ਦੇ।

ਜਗ ਰੁੱਸਦੈ ਤਾਂ ਰੁੱਸ ਜਾਵੇ ਇਸ ਗੱਲ ਦਾ ਝੋਰਾ ਨਹੀਂ,
ਜਰਨੇ ਬੜੇ ਔਖੇ ਨੇ ਮੱਥੇ ਪਏ ਵੱਟ ਮੁਹੱਬਤਾਂ ਦੇ।

ਚੀਮੇ ਬੇਵਸੀਆਂ ਵੱਸ ਪੈ ਕੇ ਹਾਰਗੇ ਇਸ਼ਕੇ ਦੀ ਬਾਜ਼ੀ,
ਸੱਚੇ ਹੁੰਦਿਆਂ ਝੂਠੇ ਮਿਹਣੇ ਲਏ ਖੱਟ ਮੁਹੱਬਤਾਂ ਦੇ।



• ਅਮਰਬੀਰ ਸਿੰਘ ਚੀਮਾ, ਮੋਬਾਈਲ : 98889-40211

# ਇਤਿਹਾਸਕ ਨਾਵਲ ਸੂਰਜ ਦੀ ਅੱਖ



ਹਰਪਾਲ ਸਿੰਘ ਪੰਨੂ
ਮੋਬਾਈਲ 94642-51454

*ਸਰਕਾਰ ਖ਼ਾਲਸਾ ਦਾ ਅਦਬ, ਸਲੀਕਾ ਕਿੰਨਾ ਸ਼ਾਨਦਾਰ ਸੀ, ਇਹ ਤੱਥ ਤਾਂ ਵਿਦੇਸ਼ੀ ਵੀ ਲਿਖ ਗਏ ਹਨ। ਜਿਸ ਤਰ੍ਹਾਂ ਦੀ ਹੋਲੀ ਬਲਦੇਵ ਸਿੰਘ ਨੇ ਦਿਖਾਈ ਹੈ, ਯੂਪੀ ਦੇ ਗ਼ਰੀਬ ਲੋਕ ਤਾਂ ਖੇਡਦੇ ਦੇਖੇ, ਇਕ ਦੂਜੇ ਉੱਪਰ ਗੋਹਾ, ਗਾਰਾ ਵੀ ਸੁੱਟ ਦਿੰਦੇ ਹਨ। ਪੰਜਾਬ ਵਿਚ ਤਾਂ ਹੁਣ ਵੀ ਆਮ ਲੋਕ ਇਸ ਤਰ੍ਹਾਂ ਦਾ ਵਰਤਾਰਾ ਹੋਲੀ ਦੇ ਦਿਨ ਨਹੀਂ ਕਰਦੇ...*

*(ਲੜੀ ਜੋੜਨ ਲਈ ਅਦਬ ਦਾ 3 ਸਤੰਬਰ ਦਾ ਅੰਕ ਦੇਖੋ)*

ਮੇਰਾ ਰਣਜੀਤ ਸਿੰਘ ਉੱਤੇ ਲਿਖਿਆ ਲੇਖ ਪੜ੍ਹਕੇ ਇਕ ਮਿੱਤਰ ਨੇ ਫੋਨ ਕੀਤਾ, ਕਿਹਾ-ਤੇਰੀ ਲਿਖਤ ਪੜ੍ਹ ਲਈ ਹੈ। ਇਹ ਦੱਸ, ਰਣਜੀਤ ਸਿੰਘ ਵਿਚ ਕੋਈ ਨੁਕਸ ਨਹੀਂ ਸੀ? ਮੈਂ ਕਿਹਾ-ਤੇਰੀ ਲਿਖਤ ਪੜ੍ਹੀ ਸੀ, ਇਹ ਦੱਸ ਰਣਜੀਤ ਸਿੰਘ ਵਿਚ ਗੁਣ ਨਹੀਂ ਸੀ? ਔਗੁਣ ਹੀ ਔਗੁਣ ਲਿਖੇ ਦੇਖੇ ਤਾਂ ਸਮਤੋਲ ਕਾਇਮ ਕਰਨ ਲਈ ਮੈਂ ਗੁਣ ਹੀ ਗੁਣ ਲਿਖ ਦਿੱਤੇ। ਜੇ ਤੂੰ ਕੋਈ ਗੁਣ ਲਿਖਦਾ, ਮੈਂ ਕੋਈ ਔਗਣ ਵੀ ਲਿਖ ਸਕਦਾ ਫਿਰ।

ਰਣਜੀਤ ਸਿੰਘ ਨੂੰ ਲਾਹੌਰ ਵਿਚ ਹੋਲੀ ਖੇਡਦਾ ਦਿਖਾਇਆ ਹੈ, ਸ਼ਰਾਬ ਪੀਤੀ ਹੋਈ ਹੈ, ਹਾਥੀ ਉੱਪਰ ਮੋਰਾਂ ਆਪਣੇ ਨਾਲ ਬਿਠਾ ਰੱਖੀ ਹੈ, ਰੰਗ ਪਾਉਂਦਿਆਂ ਪਾਉਂਦਿਆਂ ਸਰਦਾਰ ਇਕ ਦੂਜੇ ਨੂੰ ਪੱਥਰ ਮਾਰਨ ਲੱਗਦੇ ਹਨ, ਜੁੱਤੀਆਂ ਮਾਰਨ ਲੱਗਦੇ ਹਨ। ਸਰਕਾਰ ਖ਼ਾਲਸਾ ਦਾ ਅਦਬ, ਸਲੀਕਾ ਕਿੰਨਾ ਸ਼ਾਨਦਾਰ ਸੀ, ਇਹ ਤੱਥ ਤਾਂ ਵਿਦੇਸ਼ੀ ਵੀ ਲਿਖ ਗਏ ਹਨ। ਜਿਸ ਤਰ੍ਹਾਂ ਦੀ ਹੋਲੀ ਬਲਦੇਵ ਸਿੰਘ ਨੇ ਦਿਖਾਈ ਹੈ, ਯੂਪੀ ਦੇ ਗ਼ਰੀਬ ਲੋਕ ਤਾਂ ਖੇਡਦੇ ਦੇਖੇ ਹਨ, ਇਕ ਦੂਜੇ ਉੱਪਰ ਗੋਹਾ, ਗਾਰਾ ਵੀ ਸੁੱਟ ਦਿੰਦੇ ਹਨ। ਪੰਜਾਬ ਵਿਚ ਤਾਂ ਹੁਣ ਵੀ ਆਮ ਲੋਕ ਇਸ ਤਰ੍ਹਾਂ ਦਾ ਵਰਤਾਰਾ ਹੋਲੀ ਦੇ ਦਿਨ ਨਹੀਂ ਕਰਦੇ।

ਆਪਣੇ ਵਜ਼ੀਰਾਂ, ਅਫ਼ਸਰਾਂ ਨਾਲ ਗੱਲਾਂ ਕਰਦਿਆਂ ਰਣਜੀਤ ਸਿੰਘ ਤੋਂ ਜਿਹੜੇ ਵਾਕ ਬੁਲਵਾਏ ਹਨ ਉਹ ਨੀਵੀਂ ਪੱਧਰ ਦੇ ਹਨ। ਚੇਤੇ ਰਹੇ ਕਿ ਰਣਜੀਤ ਸਿੰਘ ਹੱਲ ਵਾਹੁੰਦਾ-ਵਾਹੁੰਦਾ ਅਚਾਨਕ ਇਕ ਦਿਨ ਮਹਾਰਾਜੇ ਦੀ ਗੱਦੀ 'ਤੇ ਨਹੀਂ ਬੈਠ ਗਿਆ ਸੀ। ਮਹਾਰਾਜੇ ਦੇ ਬਾਬਾ ਚੜ੍ਹਤ ਸਿੰਘ ਦਾ ਬਾਬਾ, ਬੁੱਢਾ ਸਿੰਘ ਗੁਰੂ ਹਰਿਰਾਇ ਦਾ ਸਿੱਖ ਸਜਿਆ ਜਿਸ ਨੇ ਦਸਮ ਪਾਤਸ਼ਾਹ ਤੋਂ ਅੰਮ੍ਰਿਤ ਛਕਿਆ ਤੇ ਬਾਬਾ ਬੰਦਾ ਸਿੰਘ ਦੀ ਸੈਨਾ ਵਿਚ ਸੂਰਮਗਤੀ ਦੇ ਜੌਹਰ ਦਿਖਾਏ। ਮਿਸਲ ਸ਼ੁਕਰਚੱਕ ਦੀ ਸਥਾਪਨਾ ਬੁੱਢਾ ਸਿੰਘ ਨੇ ਕਰ ਦਿੱਤੀ ਸੀ। ਇਨ੍ਹਾਂ ਸਰਦਾਰਾਂ ਵਿਚ ਬੋਲ ਬਾਣੀ ਦਾ ਸਲੀਕਾ ਪੁਸ਼ਤਾਂ ਤੋਂ ਤੁਰਿਆ ਆਇਆ ਸੀ। ਵੈਸੇ ਵੀ ਮਝੈਲ, ਰਹਿਣ-ਸਹਿਣ, ਬੋਲਣ-ਚਲਣ ਵਿਚ ਬਾਕੀ ਦੇ ਪੰਜਾਬੀਆਂ ਤੋਂ ਅੱਗੇ ਸਨ ਤੇ ਹਨ।

ਜੋ ਕੁਝ ਸਾਡੇ ਸਾਹਮਣੇ ਪਏ ਸਰੋਤਾਂ ਵਿਚ ਮੌਜੂਦ ਹੈ, ਉਹ ਉਵੇਂ ਦਾ ਉਵੇਂ ਪਾਠਕਾਂ ਅੱਗੇ ਨਹੀਂ ਰੱਖਣਾ ਹੁੰਦਾ। ਛਾਣਨੀ ਨਹੀਂ ਤਾਂ ਰੋਟੀਆਂ ਵਿਚ ਕੋਕੜੂ, ਕੰਕਰ ਆਉਣਗੇ ਹੀ ਆਉਣਗੇ। ਸਾਲ 1975 ਵਿਚ ਗੁਰੂ ਤੇਗ ਬਹਾਦਰ ਸਾਹਿਬ ਦੀ ਤਿੰਨ ਸੌ ਸਾਲਾ ਸ਼ਹੀਦੀ ਸ਼ਤਾਬਦੀ ਮਨਾਈ ਗਈ ਸੀ। ਵਿਦਵਾਨਾਂ ਨੇ ਖੋਜ ਪੱਤਰ ਲਿਖੇ, ਪੜ੍ਹੇ।

ਡਾ. ਫੌਜਾ ਸਿੰਘ ਨੇ ਇਕ ਲੇਖ ਵਿਚ ਗੁਲਾਮ ਹੁਸੈਨ ਦਾ ਹਵਾਲਾ ਦੇ ਦਿੱਤਾ ਜਿਸ ਨੇ ਗੁਰੂ ਜੀ ਬਾਰੇ ਲਿਖਿਆ ਸੀ ਕਿ ਉਹ ਲੁੱਟਮਾਰ ਕਰਿਆ ਕਰਦੇ ਸਨ। ਮੂਲ ਫ਼ਾਰਸੀ ਵਾਕ ਦਾ ਅੰਗਰੇਜ਼ੀ ਉਲਥਾ ਸੀ। ਇਸ ਇਕ ਵਾਕ ਨੇ ਫੌਜਾ ਸਿੰਘ ਦੇ ਸਾਰੇ ਕੈਰੀਅਰ ਨੂੰ ਮਿੱਟੀ ਵਿਚ ਮਿਲਾ ਦਿੱਤਾ। ਥਾਂ ਥਾਂ ਲਿਖਤੀ ਤੇ ਜ਼ਬਾਨੀ ਮਾਫ਼ੀਆਂ ਮੰਗਦਾ ਫਿਰਿਆ। ਫੌਜਾ ਸਿੰਘ ਖ਼ਿਲਾਫ਼ ਆਖਰੀ ਸਟੀਕ ਲੇਖ ਕਪੂਰ ਸਿੰਘ ਨੇ ਲਿਖਿਆ, 1977 ਵਿਚ ਪੰਜਾਬੀ ਯੂਨੀਵਰਸਿਟੀ ਵਿਖੇ ਪੜ੍ਹਿਆ। ਜਿਸ ਵਿਚ ਉਨ੍ਹਾਂ ਨੇ ਦੱਸਿਆ ਕਿ ਗੁਲਾਮ ਹੁਸੈਨ ਦਾ ਹਵਾਲਾ ਫੌਜਾ ਸਿੰਘ ਨੇ ਮਨਘੜਤ ਨਹੀਂ ਸੀ ਦਿੱਤਾ, ਮੌਜੂਦ ਹੈ। ਫੌਜਾ ਸਿੰਘ ਨੇ ਉਸ ਦਾ ਵਾਕ ਲਿਖ ਦਿੱਤਾ, ਵਾਕ ਦੀ ਵਜ਼ਾਹਤ ਨਹੀਂ ਕੀਤੀ, ਸਮਝਿਆ ਗਿਆ ਕਿ ਫੌਜਾ ਸਿੰਘ, ਗੁਲਾਮ ਹੁਸੈਨ ਨਾਲ ਸਹਿਮਤ ਹੈ।

ਸਦਾ ਕੌਰ ਆਪਣੇ ਜਵਾਈ ਰਣਜੀਤ ਸਿੰਘ ਨੂੰ ਹਰ ਥਾਂ ਕਾਕਾ ਜੀ ਕਹਿ ਕੇ ਗੱਲ ਕਰਦੀ ਹੈ। ਉਨ੍ਹਾਂ ਦਿਨਾਂ ਵਿਚ ਕੀ, ਪਿਛਲੀ ਵੀਹਵੀਂ ਸਦੀ ਤਕ ਜਵਾਈਆਂ ਨੂੰ ਸਾਊ ਕਿਹਾ ਜਾਂਦਾ ਸੀ ਕਾਕਾ ਜੀ ਨਹੀਂ। ਕਾਕਾ ਜੀ ਪਿਛਲੇ ਤੀਹ ਕੁ ਸਾਲਾਂ ਦੇ ਸਮੇਂ ਵਿਚ ਵਿਕਸਿਤ ਹੋਇਆ ਹੈ। ਪੰਜਾਬੀ ਦੇ ਇਕ ਉੱਘੇ ਨਾਵਲਕਾਰ ਨੇ ਤਾਂ ਲਿਖਤ ਵਿਚ ਗੁਰੂ ਜੀ ਦੇ ਸਾਹਿਬਜ਼ਾਦੇ ਨੂੰ ਵੀ ਕਾਕਾ ਜੀ ਲਿਖ ਦਿੱਤਾ ਸੀ। ਵਡੇਰੀਆਂ ਔਰਤਾਂ ਨੂੰ ਸ਼ਰਾਬਣਾਂ, ਕਬਾਬਣਾਂ ਤੇ ਦੁਰਾਚਾਰਨੀਆਂ ਦਿਖਾ ਕੇ ਚਟਖਾਰੇ ਲਏ ਹਨ। ਲਿਖਿਆ ਹੈ ਜਦੋਂ ਮਹਾਰਾਣੀ ਜਿੰਦਾ ਨਾਲ ਵਿਆਹ ਹੋਇਆ ਉਦੋਂ ਤਾਂ ਰਣਜੀਤ ਸਿੰਘ ਨਪੁੰਸਕ ਹੋ ਚੁੱਕਾ ਸੀ, ਗੱਲਾਂ ਹੋ ਰਹੀਆਂ ਹਨ ਕਿ ਦਲੀਪ ਸਿੰਘ ਮਹਾਰਾਜੇ ਦਾ ਨਹੀਂ ਮਾਸ਼ਕੀ ਦਾ ਬੀਜ ਹੈ। ਇਸੇ ਤਰ੍ਹਾਂ ਰਾਣੀ ਮਹਿਤਾਬ ਕੌਰ ਦੇ ਦੋ ਜੌੜੇ ਬੇਟੇ ਜਨਮ ਲੈਂਦੇ ਹਨ ਤਾਂ ਰਣਜੀਤ ਸਿੰਘ ਨੂੰ ਪਤਾ ਸੀ ਇਕ ਲੜਕਾ ਧੋਬੀ ਦਾ ਹੈ ਦੂਜਾ ਸਦਾ ਕੌਰ ਦੀ ਇਕ ਨੌਕਰਾਣੀ ਦਾ। ਨਮੋਸ਼ੀ ਤੋਂ ਬਚਣ ਲਈ ਰਣਜੀਤ ਸਿੰਘ ਨੇ ਖ਼ੁਸ਼ੀ ਮਨਾਉਣ ਦਾ ਹੁਕਮ ਦਿੱਤਾ। (ਪੰਨਾ 209)

ਹਕੀਮ ਮਹਾਰਾਜਾ ਨੂੰ ਦਵਾਈ ਦੇਣ ਆਇਆ ਤਾਂ ਆਪਣੇ ਜੁਆਨ ਬੇਟੇ ਅਜੀਜ਼ਉਦੀਨ ਨੂੰ ਵੀ ਨਾਲ ਲਿਆਇਆ। ਇਸ ਜੁਆਨ ਦੀ ਜ਼ਬਾਨ ਏਨੀ ਬਾਅਦਬ ਕਿ ਮਹਾਰਾਜੇ ਨੇ ਹਕੀਮ ਨੂੰ ਕਿਹਾ-ਇਹ ਬੇਟਾ ਸਾਡੇ ਮਹਿਲਾਂ ਵਿਚ ਰਹੇਗਾ। ਜਿਸ ਸ਼ਖ਼ਸ ਵਿਚ ਖ਼ੁਦ ਸਲੀਕਾ ਨਾ ਹੋਵੇ ਉਸ ਨੂੰ ਸਲੀਕੇਦਾਰ ਲੋਕ ਚੰਗੇ ਨਹੀਂ ਲੱਗਿਆ ਕਰਦੇ। ਮਹਾਰਾਜਾ ਆਪਣੇ ਤੋਂ ਛੋਟਿਆਂ ਨੂੰ ਵੀ ਤੁਸੀਂ ਕਹਿਕੇ ਬੁਲਾਉਂਦਾ ਹੁੰਦਾ ਸੀ। ਇਸ ਨਾਵਲ ਵਿਚ ਉਹ ਆਪਣੇ ਵਜ਼ੀਰਾਂ ਨਾਲ ਇਕ ਵਚਨ ਵਿਚ ਤੂੰ-ਤੂੰ ਕਹਿਕੇ ਗੱਲ ਕਰਦਾ ਹੈ।

ਸਰਕਾਰ ਖ਼ਾਲਸਾ ਦੀ ਮਾਇਕ ਹਾਲਤ ਏਨੀ ਮਾੜੀ ਹੋ ਗਈ ਕਿ ਮਹਾਰਾਜੇ ਨੇ ਸਾਰੇ ਮੁਲਾਜ਼ਮਾਂ ਨੂੰ ਦੋ ਦੋ ਮਹੀਨੇ ਦੀ ਤਨਖ਼ਾਹ ਜਮ੍ਹਾਂ ਕਰਵਾਉਣ ਲਈ ਕਿਹਾ। ਬਾਕੀ ਤਾਂ ਮੰਨ ਗਏ, ਜਰਨੈਲ ਐਲਾਰਡ ਅਤੇ ਵੈਨਤੂਰਾ ਅੜ ਗਏ, ਤਨਖ਼ਾਹ ਜਮ੍ਹਾਂ ਨਹੀਂ ਕਰਵਾਈ। ਮਹਾਰਾਜੇ ਨੇ ਤਲਬ ਕਰ ਲਏ। ਦਰਬਾਰ ਦੀ ਸਾਰੀ ਮਰਿਆਦਾ ਭਲਾ ਕੇ ਉਨ੍ਹਾਂ ਨੂੰ ਮਾਵਾਂ-ਭੈਣਾਂ ਦੀਆਂ ਗਾਲ੍ਹਾਂ ਕੱਢਣ ਲੱਗਾ। ਖੰਜਰ ਲੈ ਕੇ ਉਨ੍ਹਾਂ ਉੱਪਰ ਝਪਟਿਆ। (ਪੰਨਾ 409)

ਫਕੀਰ ਅਜੀਜ਼ਉਦੀਨ ਹੈਨਰੀ ਕੁਰਟ ਅਤੇ ਅਵੀਤਾਬੇਲ ਨੂੰ ਮਹਾਰਾਜੇ ਅੱਗੇ ਪੇਸ਼ ਕਰਦਿਆਂ ਆਖਦਾ ਹੈ, 'ਮਹਾਰਾਜ ਇਹ ਇਤਾਲਵੀ ਅਵੀਤਾਬੇਲ ਥੋੜ੍ਹਾ ਹਰਾਮੀ ਜਾਪਦਾ ਏ' (ਪੰਨਾ 420)। ਇਹ ਦੋਵੇਂ ਸਰਕਾਰ ਖ਼ਾਲਸਾ ਦੇ ਜਰਨੈਲ ਹਨ। (ਪੰਨਾ 430, 431 ਉੱਪਰ) ਲੈਲੀ ਨੂੰ ਘੋੜਾ ਦੱਸਦਾ ਹੈ ਪਰ (ਪੰਨਾ 594, 595 ਉੱਪਰ) ਲੈਲੀ ਅਚਾਨਕ ਘੋੜੀ ਹੋ ਗਈ। ਘੋੜਿਆਂ ਦੇ ਵਪਾਰੀ ਜੋ ਮੁੱਲ ਮੰਗਦੇ ਹਨ, ਮਹਾਰਾਜੇ ਨੂੰ ਮਨਜ਼ੂਰ ਨਹੀਂ। ਹੁਕਮ ਦਿੰਦਾ ਹੈ, ਵਪਾਰੀਆਂ ਨੂੰ ਕੋੜੇ ਮਾਰੋ। ਕੋੜੇ ਖਾ ਕੇ ਵਪਾਰੀ ਜਿੰਨੇ ਪੈਸੇ ਮਿਲੇ ਲੈ ਕੇ ਤੁਰਨ ਦੀ ਕਰਦੇ ਹਨ (ਪੰਨਾ 431), ਨਪੁੰਸਕ ਰਾਜੇ ਦੀਆਂ ਰਾਣੀਆਂ ਪੁੱਤਰ ਜੰਮਦੀਆਂ ਰਹੀਆਂ, ਉਹ ਖ਼ੁਸ਼ੀਆਂ ਮਨਾਉਂਦਾ ਰਿਹਾ (444)।




ਦੂਤ ਖ਼ੁਸ਼ਖ਼ਬਰੀ ਸੁਣਾਉਂਦਾ ਹੈ, "ਮਹਾਰਾਜ, ਕੁੰਵਰ ਖੜਕ ਸਿੰਘ ਨੇ ਮਿਠਨਕੋਟ 'ਤੇ ਕਬਜ਼ਾ ਕਰ ਲਿਆ ਹੈ। ਹੁਣ ਉਸ ਨੇ ਸ਼ਿਕਾਰਪੁਰ ਉੱਪਰ ਕਬਜ਼ਾ ਕਰਨ ਦੀ ਆਗਿਆ ਮੰਗੀ ਹੈ"। ਦੂਤ ਨੇ ਕੁੰਵਰ ਵਾਸਤੇ ਉਸ ਨੇ ਸ਼ਬਦ ਵਰਤੇ ਹਨ, ਉਨ੍ਹਾਂ ਨੇ ਨਹੀਂ।

ਸਹੂਲਤ ਲਈ ਅਤੇ ਖ਼ੁਦ ਨੂੰ ਖ਼ਤਰਨਾਕ ਖ਼ਿਆਲਾਂ ਤੋਂ ਨਿਰਲੇਪ ਕਰਨ ਲਈ ਲੇਖਕ ਨੇ ਇਕ ਪਾਤਰ ਘੜ ਲਿਆ ਹੈ ਪ੍ਰੋਫੈਸਰ ਕੌਤਕੀ। ਕੌਤਕੀ ਲਫ਼ਜ਼ ਆਪਣੇ ਆਪ ਵਿਚ ਹਲਕਾ ਹੈ, ਜਿਵੇਂ ਮਦਾਰੀ। ਕੌਤਕ ਕੋਈ ਨਹੀਂ ਦਿਖਾਉਂਦਾ, ਮਹਾਰਾਜੇ ਦਾ ਨਿੱਘਰਿਆ ਰੂਪ ਪੇਸ਼ ਕਰਦਾ ਹੈ। ਇਹ ਪਾਤਰ ਸੰਜੀਦਾ ਹੋਣ ਦੀ ਥਾਂ ਰਾਮਲੀਲਾ ਦਾ ਮਖੌਲੀਆ ਵਧੀਕ ਲੱਗਦਾ ਹੈ। ਜਿਸ ਤੋਂ ਵਧੀਕ ਗੰਭੀਰਤਾ ਦੀ ਉਮੀਦ ਸੀ, ਉਹੀ ਵਾਰ-ਵਾਰ ਸੰਜੀਦਗੀ ਵਿਚ ਤ੍ਰੇੜਾਂ ਪਾਉਂਦਾ ਹੈ।

ਇਸ ਨਾਵਲ ਨਾਲ ਨਾ ਇਤਿਹਾਸ ਵਿਚ ਕੋਈ ਵਾਧਾ ਹੋਇਆ ਨਾ ਨਾਵਲਕਾਰੀ ਵਿਚ। ਪਾਠਕਾਂ ਨੂੰ ਤੈਸ਼ ਵਿਚ ਆ ਕੇ ਲੇਖਕ ਵਾਸਤੇ ਅਪਸ਼ਬਦ ਨਹੀਂ ਬੋਲਣੇ ਚਾਹੀਦੇ। ਰਣਜੀਤ ਸਿੰਘ ਸਿੱਖਾਂ ਦਾ ਕੋਈ ਧਾਰਮਿਕ ਨੇਤਾ ਨਹੀਂ ਹੈ। ਸਖ਼ਤ ਦਿਲ ਸਖ਼ਤ ਜਾਨ ਹੈ, ਚਤਰ ਹੈ, ਸਵਾਰਥੀ ਹੈ, ਲੋਭੀ ਹੈ, ਰੋਮਾਂਟਿਕ ਹੈ, ਰਾਜੇ ਇਸੇ ਤਰ੍ਹਾਂ ਦੇ ਹੋਇਆ ਕਰਦੇ ਹਨ। ਦੇਖਣਾ ਇਹ ਹੈ ਕਿ ਹਜ਼ਾਰ ਔਗੁਣਾਂ ਦੇ ਹੁੰਦਿਆਂ ਉਸ ਨੇ ਅੱਧੀ ਸਦੀ ਤਕ 8 ਫ਼ੀਸਦੀ ਸਿੱਖਾਂ ਦਾ ਰਾਜ 92 ਫ਼ੀਸਦੀ ਪਰਜਾ ਉੱਪਰ ਕਰਵਾਇਆ ਜਿਸ ਦੇ ਜਿਉਂਦਿਆਂ ਕਿਸੇ ਨੇ ਗੱਦਾਰੀ ਨਹੀਂ ਕੀਤੀ। ਏਸ਼ੀਆ ਵਿਚ ਮੁਸਲਮਾਨਾਂ ਦੇ ਰਾਜ ਸਮੇਂ ਕੇਵਲ ਰਣਜੀਤ ਸਿੰਘ ਇਹ ਜੁਰਅਤ ਕਰ ਸਕਿਆ ਕਿ ਮੁਸਲਮਾਨ ਦੇਸ਼ਾਂ ਵਿਚਕਾਰ ਘਿਰਿਆ ਹੋਣ ਦੇ ਬਾਵਜੂਦ ਉਸ ਨੇ ਮੁਸਲਮਾਨ ਵਜ਼ੀਰ ਅਤੇ ਜਰਨੈਲ ਰੱਖੇ। ਕਿਸੇ ਮੁਸਲਮਾਨ ਵਜ਼ੀਰ ਜਾਂ ਜਰਨੈਲ ਨੇ ਰਣਜੀਤ ਸਿੰਘ ਦੀ ਮੌਤ ਤੋਂ ਬਾਅਦ ਸਾਜ਼ਿਸ਼ਾਂ ਵਿਚ ਹਿੱਸਾ ਨਹੀਂ ਲਿਆ, ਗ਼ੱਦਾਰੀ ਨਹੀਂ ਕੀਤੀ। ਮਾਖੇ ਖ਼ਾਨ ਅੰਗਰੇਜ਼ਾਂ ਉੱਪਰ ਤੋਪਾਂ ਦੇ ਗੋਲੇ ਦਾਗ਼ਦਾ ਰਿਹਾ। ਅੰਗਰੇਜ਼ਾਂ ਨੂੰ ਤੀਸਰੀ ਜਾਤ ਕਹਿੰਦਿਆਂ ਸ਼ਾਹ ਮੁਹੰਮਦ ਲਿਖਦਾ ਹੈ :

*ਸੁਖੀ ਬਹੁਤ ਵੱਸਣ ਮੁਸਲਮਾਨ ਹਿੰਦੂ,*
*ਸਿਰ ਦੋਹਾਂ ਦੇ ਉੱਤੇ ਆਫ਼ਾਤ ਆਈ।*
*ਸ਼ਾਹ ਮੁਹੰਮਦਾ ਵਿਚ ਪੰਜਾਬ ਦੇ ਜੀ*
*ਕਦੇ ਨਹੀਂ ਸੀ ਤੀਸਰੀ ਜਾਤ ਆਈ। •*

# ਅੰਮ੍ਰਿਤਸਰ BRTS ਪ੍ਰੋਜੈਕਟ ਬੰਦ ਕਰਨ ਦਾ ਫ਼ੈਸਲਾ ਪੰਜਾਬ ਸਰਕਾਰ ਵੱਲੋਂ ਮੁਲਤਵੀ

## 10 ਸਾਲਾਂ ਬਾਅਦ ਕਿਉਂ ਕੀਤਾ ਜਾ ਰਿਹੈ ਬੰਦ’:ਹਾਈ ਕੋਰਟ ਨੇ 600 ਕਰੋੜ ਦੇ ਪ੍ਰੋਜੈਕਟ ’ਤੇ ਮੰਗਿਆ ਸਪੱਸ਼ਟੀਕਰਨ

**ਚੰਡੀਗੜ੍ਹ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਅੰਮ੍ਰਿਤਸਰ ਵਿੱਚ ਬੱਸ ਰੈਪਿਡ ਟਰਾਂਜ਼ਿਟ ਸਿਸਟਮ (BRTS) ਨੂੰ ਬੰਦ ਕਰਨ ਦੀ ਤਜਵੀਜ਼ ’ਤੇ ਫ਼ਿਲਹਾਲ ਰੋਕ ਲਗਾ ਦਿੱਤੀ (ਮੁਲਤਵੀ ਕਰ ਦਿੱਤਾ) ਹੈ। ਸੂਬੇ ਦੇ ਐਡਵੋਕੇਟ ਜਨਰਲ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਸਾਹਮਣੇ ਇਹ ਬਿਆਨ ਦਰਜ ਕਰਵਾਇਆ ਗਿਆ। ਇਸ ਦੇ ਨਾਲ ਹੀ ਹਾਈ ਕੋਰਟ ਨੇ ਸੂਬਾ ਸਰਕਾਰ ਨੂੰ ਸਪੱਸ਼ਟ ਕਰਨ ਲਈ ਕਿਹਾ ਹੈ ਕਿ ਲਗਪਗ 600 ਕਰੋੜ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤੇ ਗਏ ਅੰਮ੍ਰਿਤਸਰ ਦੇ ਇਸ ਪ੍ਰੋਜੈਕਟ ਨੂੰ ਲਗਪਗ 10 ਸਾਲਾਂ ਬਾਅਦ ਕਿਉਂ ਬੰਦ ਕੀਤਾ ਜਾ ਰਿਹਾ ਹੈ। ਅਦਾਲਤ ਨੇ ਇਹ ਵੇਰਵੇ ਵੀ ਮੰਗੇ ਹਨ ਕਿ ਜਦੋਂ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਸੀ ਤਾਂ ਅਸਲ ਵਿੱਚ ਕੀ ਯੋਜਨਾ ਬਣਾਈ ਗਈ ਸੀ, ਇਸ ’ਤੇ ਜਨਤਾ ਦਾ ਕਿੰਨਾ ਪੈਸਾ ਖ਼ਰਚ ਹੋਇਆ ਅਤੇ ਹੁਣ ਸਰਕਾਰ ਤੇ ਹੋਰ ਸਬੰਧਤ ਧਿਰਾਂ ਇਸ ਬਾਰੇ ਕੀ ਕਰਨ ਦੀ ਤਜਵੀਜ਼ ਰੱਖਦੀਆਂ ਹਨ।

ਇਹ ਨਿਰਦੇਸ਼ ‘ਅੰਮ੍ਰਿਤਸਰ ਵਿਕਾਸ ਮੰਚ’ ਵੱਲੋਂ ਦਾਇਰ ਇੱਕ ਜਨਹਿਤ ਪਟੀਸ਼ਨ ’ਤੇ ਆਏ ਹਨ, ਜਿਸ ਵਿੱਚ ਸ਼ਿਕਾਇਤ ਕੀਤੀ ਗਈ ਸੀ ਕਿ ਜਨਤਾ ਦੇ ਵੱਡੇ ਖ਼ਰਚੇ ਦੇ ਬਾਵਜੂਦ ਬੀ.ਆਰ.ਟੀ.ਐੱਸ. ਪ੍ਰੋਜੈਕਟ ਨੂੰ ਬਿਨਾਂ ਕਿਸੇ ਢੁਕਵੇਂ ਕਾਰਨ ਦੇ ਬੰਦ ਕੀਤਾ ਜਾ ਰਿਹਾ ਹੈ।

ਮੁੱਖ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਪਟੀਸ਼ਨਰ ਦੀ ਇਸ ਸ਼ਿਕਾਇਤ ਨੂੰ ਰਿਕਾਰਡ ਕੀਤਾ ਕਿ ਇਹ ਪ੍ਰੋਜੈਕਟ ਲਗਪਗ 600 ਕਰੋੜ ਰੁਪਏ ਦੀ ਲਾਗਤ ਨਾਲ ਲਾਗੂ ਕੀਤਾ ਗਿਆ ਸੀ ਅਤੇ ਇਸ ਨੂੰ ਬਿਨਾਂ ਕਿਸੇ ਵਜ੍ਹਾ ਦੇ ਬੰਦ ਕੀਤਾ ਜਾ ਰਿਹਾ ਹੈ।

ਪਟੀਸ਼ਨਰ ਨੇ ਇਹ ਵੀ ਦਲੀਲ ਦਿੱਤੀ ਕਿ ਪ੍ਰੋਜੈਕਟ ਬੰਦ ਕਰਨ ਨਾਲ ਨਾ ਕੇਵਲ ਜਨਤਾ ਦੇ ਪੈਸੇ ਦੀ ਵੱਡੀ ਬਰਬਾਦੀ ਹੋਵੇਗੀ, ਸਗੋਂ ਆਮ ਲੋਕਾਂ ਨੂੰ ਵੀ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਵੇਗਾ। ਪਟੀਸ਼ਨਰ ਵੱਲੋਂ ਸੀਨੀਅਰ ਵਕੀਲ ਐੱਸ.ਐੱਸ. ਬਹਿਲ, ਵਕੀਲ ਜੀ.ਵੀ.ਐੱਸ. ਬਹਿਲ, ਚੇਤਨ ਜੁਨੇਜਾ, ਰਾਗੇਸ਼ਵਰੀ ਸ਼ਰਮਾ ਅਤੇ ਉਰਵੀ ਸ਼ਰਮਾ ਪੇਸ਼ ਹੋਏ।

ਦਲੀਲਾਂ ਸੁਣਨ ਤੋਂ ਬਾਅਦ ਬੈਂਚ ਨੇ ਜਵਾਬਦੇਹ ਧਿਰਾਂ ਨੂੰ ਹਲਫ਼ਨਾਮਾ ਦਾਇਰ ਕਰਕੇ ਇਹ ਸਪੱਸ਼ਟ ਕਰਨ ਲਈ ਕਿਹਾ ਕਿ ਜਦੋਂ ਅੰਮ੍ਰਿਤਸਰ ਵਿੱਚ ਬੱਸ ਰੈਪਿਡ ਟਰਾਂਜ਼ਿਟ ਸਿਸਟਮ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਸੀ, ਤਾਂ ਅਸਲ ਵਿੱਚ ਕੀ ਯੋਜਨਾ ਉਲੀਕੀ ਗਈ ਸੀ। ਇਹ ਵੀ ਹਦਾਇਤ ਕੀਤੀ ਗਈ ਕਿ ਪ੍ਰੋਜੈਕਟ ’ਤੇ ਖ਼ਰਚ ਕੀਤੀ ਗਈ ਸਰਕਾਰੀ ਰਕਮ ਦਾ ਵੇਰਵਾ ਵੀ ਦਿੱਤਾ ਜਾਵੇ।

ਅਦਾਲਤ ਨੇ ਹਲਫ਼ਨਾਮੇ ਵਿੱਚ ਇਹ ਵੀ ਸਪੱਸ਼ਟ ਕਰਨ ਦੇ ਨਿਰਦੇਸ਼ ਦਿੱਤੇ ਕਿ ਲਗਪਗ 10 ਸਾਲ ਬੀਤਣ ਤੋਂ ਬਾਅਦ ਇਸ ਪ੍ਰੋਜੈਕਟ ਨੂੰ ਕਿਉਂ ਬੰਦ ਕਰਨਾ ਪੈ ਰਿਹਾ ਹੈ ਅਤੇ ਹੁਣ ਸਰਕਾਰ ਅੱਗੇ ਕੀ ਕਰਨ ਦੀ ਯੋਜਨਾ ਬਣਾ ਰਹੀ ਹੈ। ਇਹ ਹਲਫ਼ਨਾਮਾ ਸਬੰਧਤ ਵਿਭਾਗ ਦੇ ਸਕੱਤਰ ਤੋਂ ਹੇਠਲੇ ਰੈਂਕ ਦੇ ਅਧਿਕਾਰੀ ਵੱਲੋਂ ਦਾਇਰ ਨਹੀਂ ਕੀਤਾ ਜਾਣਾ ਚਾਹੀਦਾ। ਅਦਾਲਤ ਨੇ ਇਹ ਵੀ ਹਦਾਇਤ ਕੀਤੀ ਕਿ ਮਾਮਲੇ ਦੀ ਅਗਲੀ ਸੁਣਵਾਈ ਤੋਂ ਘੱਟੋ-ਘੱਟ 24 ਘੰਟੇ ਪਹਿਲਾਂ ਇਹ ਹਲਫ਼ਨਾਮਾ ਪਟੀਸ਼ਨਰ ਨੂੰ ਸੌਂਪਿਆ ਜਾਵੇ।

ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਦੇ ਇਸ ਬਿਆਨ ਨੂੰ ਰਿਕਾਰਡ ਕਰਦਿਆਂ ਕਿ ਯੋਜਨਾ ਨੂੰ ਬੰਦ ਕਰਨ ਦੇ ਫ਼ੈਸਲੇ ’ਤੇ ਫ਼ਿਲਹਾਲ ਰੋਕ ਲਗਾ ਦਿੱਤੀ ਗਈ ਹੈ, ਬੈਂਚ ਨੇ ਸਟੇਅ ਦੀ ਅਰਜ਼ੀ ’ਤੇ ਵਿਚਾਰ ਕਰਨਾ ਅਗਲੀ ਤਾਰੀਖ਼ ਤੱਕ ਲਈ ਟਾਲ ਦਿੱਤਾ।

# ਬੈਂਕ ਤੇ ਏ.ਟੀ.ਐਮ. ਚੋਂ ਲੱਖਾਂ ਰੁਪਏ ਦੀ ਨਗਦੀ ਚੋਰੀ

**ਰਾਜਪੁਰਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਰਾਜਪੁਰਾ ਪਟਿਆਲਾ ਰੋਡ ’ਤੇ ਪੈਂਦੇ ਬੈਂਕ ਦੇ ਏ.ਟੀ.ਐਮ. ਵਿਚੋਂ ਚੋਰ ਲੱਖਾਂ ਰੁਪਏ ਦੀ ਨਗਦੀ ਲੈ ਫਰਾਰ ਹੋ ਗਏ। ਚੋਰ ਬਹੁਤ ਜਿਆਦਾ ਸ਼ਾਤਰ ਦਿਮਾਗ ਦੇ ਵਿਖਾਈ ਦੇਖਦੇ ਸਨ ਕਿਉਂਕਿ ਇਹ ਸਾਰੀ ਕਾਰਵਾਈ ਉਨ੍ਹਾਂ ਨੇ 6-7 ਮਿੰਟ ਦੇ ਦੌਰਾਨ ਕੀਤੀ ਹੈ ਅਤੇ ਜਾਂਦੇ ਹੋਏ ਸੀ.ਸੀ.ਟੀ.ਵੀ. ਕੈਮਰੇ ਦਾ ਸ਼ੀਸ਼ਾ ਵੀ ਬਲਰ ਕਰ ਗਏ।ਆਪਣੇ ਵਲੋਂ ਚੋਰਾਂ ਨੇ ਹਰ ਤਰ੍ਹਾਂ ਦਾ ਸਬੂਤ ਮਿਟਾਉਣ ਦੀ ਕੋਸ਼ਿਸ਼ ਕੀਤੀ। ਇਸ ਸੰਬੰਧ ਦੇ ਵਿਚ ਬੈਂਕ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਸੰਬੰਧ ਦੇ ਵਿਚ ਕੋਈ ਵੀ ਬਿਆਨ ਉੱਚ ਅਧਿਕਾਰੀ ਦੇ ਸਕਦੇ ਹਨ ਉਹ ਕੁਝ ਨਹੀਂ ਕਹਿ ਸਕਦੇ ਇਸ ਮਾਮਲੇ ਦੀ ਖ਼ਬਰ ਦਾ ਪਤਾ ਲੱਗਣ ਸਾਰ ਪੁਲਿਸ ਮੌਕੇ ’ਤੇ ਪਹੁੰਚ ਗਈ ਅਤੇ ਪੁਲਿਸ ਨੇ ਛਾਣਬੀਣ ਸ਼ੁਰੂ ਕਰ ਦਿੱਤੀ ਹੈ। ਚੋਰ ਥਾਣ ਵਿਚ ਸਵਾਰ ਹੋ ਕੇ ਆਏ ਦੱਸੇ ਜਾ ਰਹੇ ਹਨ।

# ਨਕਲੀ ਪੀਸੀਐੱਸ ਅਧਿਕਾਰੀ ਬਣ ਕੇ ‘ਆਪ’ ਦੇ ਚੇਅਰਮੈਨ ਨਾਲ ਕਰਵਾਇਆ ਵਿਆਹ, ਔਰਤ ਖ਼ਿਲਾਫ਼ ਮਾਮਲਾ ਦਰਜ

**ਸ੍ਰੀ ਫਤਹਿਗੜ੍ਹ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਆਸੀ ਹਲਕਿਆਂ ਵਿੱਚ ਹੜਕੰਪ ਮਚਾਉਣ ਵਾਲੇ ਇੱਕ ਚਰਚਿਤ ਮਾਮਲੇ ਵਿੱਚ ਇੱਕ ਔਰਤ ਨੇ ਕਥ ?ਤ ਤੌਰ ’ਤੇ ਆਪਣੇ ਆਪ ਨੂੰ ਪੀਸੀਐੱਸ ਅਧਿਕਾਰੀ ਦੱਸ ਕੇ ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਅਤੇ ਆਪ ਆਗੂ ਐਡਵੋਕੇਟ ਅਮਰਿੰਦਰ ਸਿੰਘ ਮੰਡੋਫਲ ਨਾਲ ਵਿਆਹ ਕਰਵਾ ਲਿਆ।

ਜ਼ਿਲ੍ਹਾ ਪੁਲੀਸ ਨੇ ਹੁਣ ਧੋਖਾਧੜੀ ਦੇ ਦੋਸ਼ਾਂ ਹੇਠ ਉਸ ਔਰਤ, ਉਸ ਦੇ ਭਰਾ, ਮਾਂ ਅਤੇ ਤਿੰਨ ਹੋਰਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਸ਼ਿਕਾਇਤ ਅਨੁਸਾਰ ਮਨਵਿੰਦਰ ਕੌਰ ਨੇ ਮੰਡੋਫਲ ਨਾਲ ਵਿਆਹ ਤੋਂ ਪਹਿਲਾਂ ਅਤੇ ਵਿਆਹ ਦੇ ਸਮੇਂ ਕਥਿਤ ਤੌਰ ’ਤੇ ਆਪਣੇ ਆਪ ਨੂੰ ਇੱਕ ਪੀਸੀਐੱਸ ਅਧਿਕਾਰੀ ਵਜੋਂ ਪੇਸ਼ ਕੀਤਾ ਸੀ। ਇਸ ਵਿਆਹ ਵਿੱਚ ਕਈ ਸੀਨੀਅਰ ‘ਆਪ’ ਆਗੂਆਂ ਅਤੇ ਮੰਤਰੀਆਂ ਨੇ ਸ਼ਿਰਕਤ ਕੀਤੀ ਸੀ, ਜਿਸ ਨਾਲ ਇਹ ਮਾਮਲਾ ਖਾਸ ਤੌਰ ’ਤੇ ਅਹਿਮ ਬਣ ਗਿਆ।

ਮੰਡੋਫਲ ਨੂੰ ਵਿਆਹ ਤੋਂ ਬਾਅਦ ਕਥਿਤ ਤੌਰ ’ਤੇ ਪਤਾ ਲੱਗਾ ਕਿ ਉਕਤ ਔਰਤ ਕੋਈ ਪੀਸੀਐੱਸ ਅਧਿਕਾਰੀ ਨਹੀਂ ਹੈ ਅਤੇ ਉਸ ਦਾ ਪਹਿਲਾਂ ਵੀ ਵਿਆਹ ਹੋ ਚੁੱਕਾ ਹੈ ਅਤੇ ਉਸ ਦਾ ਇੱਕ ਪੁੱਤਰ ਵੀ ਹੈ। ਉਸ ਦੀ ਪਛਾਣ ਅਤੇ ਪਿਛੋਕੜ ਬਾਰੇ ਅਹਿਮ ਤੱਥਾਂ ਨੂੰ ਛੁਪਾਉਣ ਦਾ ਦੋਸ਼ ਲਗਾਉਂਦਿਆਂ, ਉਸਨੇ ਐੱਸਐੱਸਪੀ ਕੋਲ ਪਹੁੰਚ ਕਰਕੇ ਕਾਨੂੰਨੀ ਕਾਰਵਾਈ ਦੀ ਮੰਗ ਕਰਦਿਆਂ ਸ਼ਿਕਾਇਤ ਦਰਜ ਕਰਵਾਈ।

# ਗਿਆਨੇਸ਼ ਕੁਮਾਰ ਖਿਲਾਫ ਧਰਨੇ ’ਤੇ ਬੈਠੇ ਰਾਹੁਲ ਤੇ ਪ੍ਰਿਅੰਕਾ; ਹਿਰਾਸਤ ’ਚ ਲਏ ਕਈ ਆਗੂ

**ਨਵੀਂ ਦਿੱਲੀ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਅੱਜ ਚੋਣ ਕਮਿਸ਼ਨ ਦੇ ਦਫ਼ਤਰ ਵੱਲ ਮਾਰਚ ਕਰ ਰਹੇ ‘ਇੰਡੀਆ’ ਗਠਜੋੜ ਦੇ ਕਈ ਪ੍ਰਮੁੱਖ ਆਗੂਆਂ ਨੂੰ ਦਿੱਲੀ ਪੁਲੀਸ ਨੇ ਹਿਰਾਸਤ ਵਿੱਚ ਲੈ ਲਿਆ। ਹਿਰਾਸਤ ਵਿੱਚ ਲਏ ਗਏ ਆਗੂਆਂ ਵਿੱਚ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ, ਤ੍ਰਿਣਮੂਲ ਕਾਂਗਰਸ ਦੇ ਆਗੂ ਅਭਿਸ਼ੇਕ ਬੈਨਰਜੀ ਅਤੇ ਡੇਰੇਕ ਓ’ਬ੍ਰਾਇਨ ਸ਼ਾਮਲ ਹਨ।

ਸੰਸਦ ਦੇ ਮਕਰ ਦੁਆਰ ਤੋਂ ਚੋਣ ਕਮਿਸ਼ਨ ਦੇ ਦਫ਼ਤਰ ਵੱਲ ਵਧ ਰਹੇ ਮਾਰਚ ਨੂੰ ਪੁਲੀਸ ਨੇ ਨਾਕਾਮ ਕਰ ਦਿੱਤਾ ਅਤੇ ਆਗੂਆਂ ਨੂੰ ਬੱਸਾਂ ਵਿੱਚ ਬਿਠਾ ਕੇ ਲੈ ਗਈ। ਕਾਂਗਰਸ ਨੇ ਦੱਸਿਆ ਕਿ ਇਸ ਤੋਂ ਬਾਅਦ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ, ਕੇ.ਸੀ. ਵੇਣੂਗੋਪਾਲ, ਚਰਨਜੀਤ ਸਿੰਘ ਚੰਨੀ ਅਤੇ ਦੀਪੇਂਦਰ ਹੁੱਡਾ ਸਮੇਤ ਹੋਰ ਕਾਂਗਰਸੀ ਆਗੂਆਂ ਨੇ ਆਕਾਸ਼ਵਾਣੀ ਭਵਨ ਨੇੜੇ ‘ਧਰਨਾ’ ਲਗਾ ਦਿੱਤਾ।

ਇਸ ਤੋਂ ਪਹਿਲਾਂ, ਜਦੋਂ ਪਾਰਲੀਮੈਂਟ ਸਟ੍ਰੀਟ/ਨੀਤੀ ਆਯੋਗ ਨੇੜੇ ‘ਇੰਡੀਆ’ ਗਠਜੋੜ ਦੇ ਮਾਰਚ ਨੂੰ ਰੋਕਿਆ ਗਿਆ ਤਾਂ ਰਾਹੁਲ ਗਾਂਧੀ ਅਤੇ ਅਭਿਸ਼ੇਕ ਬੈਨਰਜੀ ਪੁਲੀਸ ਦੇ ਬੈਰੀਕੇਡਾਂ ਉੱਪਰ ਚੜ੍ਹ ਗਏ।

ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਵੱਲੋਂ ਚੋਣ ਕਮਿਸ਼ਨ ਖ਼ਿਲਾਫ਼ ਨਾਅਰੇਬਾਜ਼ੀ ਦਰਮਿਆਨ ਰਾਹੁਲ ਗਾਂਧੀ ਨੇ ਬੈਰੀਕੇਡ ਤੋਂ ਤਿਰੰਗਾ ਲਹਿਰਾਇਆ।

ਨੀਤੀ ਆਯੋਗ ਖੇਤਰ ਨੇੜੇ ਬੈਰੀਕੇਡ ਲਗਾ ਕੇ ਰਸਤਾ ਰੋਕੇ ਜਾਣ ਤੋਂ ਪਹਿਲਾਂ ਪ੍ਰਦਰਸ਼ਨਕਾਰੀ ਚੋਣ ਕਮਿਸ਼ਨ ਦੇ ਦਫ਼ਤਰ ਤੋਂ 250-300 ਮੀਟਰ ਦੇ ਘੇਰੇ ਤੱਕ ਪਹੁੰਚ ਚੁੱਕੇ ਸਨ। ਰਾਹੁਲ ਗਾਂਧੀ ਨੇ ਮੱਲਿਕਾਰਜੁਨ ਖੜਗੇ, ਪ੍ਰਿਅੰਕਾ ਗਾਂਧੀ, ਅਖਿਲੇਸ਼ ਯਾਦਵ, ਸੁਪ੍ਰਿਆ ਸੁਲੇ ਅਤੇ ਹੋਰ ਵਿਰੋਧੀ ਆਗੂਆਂ ਨਾਲ ਮਿਲ ਕੇ ਮੁੱਖ ਚੋਣ ਕਮਿਸ਼ਨਰ ਨੂੰ ਸੰਬੋਧਨ ਕਰਦਿਆਂ ਨਾਅਰੇਬਾਜ਼ੀ ਕੀਤੀ ਕਿ ਉਨ੍ਹਾਂ ਦਾ ਸਮਾਂ ਪੂਰਾ ਹੋ ਚੁੱਕਾ ਹੈ ਅਤੇ ਉਨ੍ਹਾਂ ਨੂੰ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਰਾਹੁਲ ਨੇ ਕਿਹਾ, ਗਿਆਨੇਸ਼, ਹੁਣ ਬਹੁਤ ਹੋ ਗਿਆ। ਅਸਤੀਫ਼ਾ ਦੇਣ ਦਾ ਸਮਾਂ ਆ ਗਿਆ ਹੈ।

# ਹਰਸਿਮਰਤ ਨੇ ਲਾਏ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਪੰਜਾਬ ਵਿੱਚ ਨਸ਼ਾ ਫੈਲਾਉਣ ਦੇ ਦੋਸ਼

**ਸ੍ਰੀ ਮੁਕਤਸਰ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਮਾਈ ਭਾਗੋ ਮਾਵਾਂ-ਧੀਆਂ ਦੀ ਫੌਜ ਦੀ ਸ਼ੁਰੂਆਤ ਕੀਤੀ ਜੋ ਸੂਬੇ ਭਰ ਵਿਚ ਨਸ਼ਾ ਤਸਕਰਾਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦੀ ਪਛਾਣ ਕਰੇਗੀ ਅਤੇ ਉਹਨਾਂ ਪੰਜਾਬੀਆਂ ਨੂੰ ਭਰੋਸਾ ਦੁਆਇਆ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਔਰਤਾਂ ਵੱਲੋਂ ਪਛਾਣੇ ਗਏ ਇਹਨਾਂ ਗੁਨਾਹਗਾਰਾਂ ਦੇ ਖਿਲਾਫ ਸਖ਼ਤ ਕਾਰਵਾਈ ਕਰੇਗੀ।

ਬਠਿੰਡਾ ਦੇ ਐਮ ਪੀ ਜੋ ਮਾਈ ਭਾਗੋ ਦੀ ਧਰਤੀ (ਸ੍ਰੀ ਮੁਕਤਸਰ ਸਾਹਿਬ) ’ਤੇ ਆਪਣੀ ਨਸ਼ਾ ਵਿਰੋਧੀ ਮੁਹਿੰਮ ਦਾ ਦੂਜਾ ਪੜਾਅ ਸ਼ੁਰੂ ਕਰਨ ਮੌਕੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰ ਰਹੇ ਸਨ, ਨੇ ਕਿਹਾ ਕਿ ਇਸ ਪੜਾਅ ਵਿਚ ਅਸੀਂ ਔਰਤਾਂ ਨੂੰ ਸਸ਼ਕਤ ਬਣਾ ਰਹੇ ਹਾਂ ਜੋ ਤਬਦੀਲੀ ਦੀਆਂ ਸੂਤਰਧਾਰ ਬਣਨਗੀਆਂ। ਉਹਨਾਂ ਨੇ ਇਸ ਮੌਕੇ ਇਸਤਰੀ ਅਕਾਲੀ ਦਲ ਦੇ ਪ੍ਰਧਾਨ ਹਰਗੋਬਿੰਦ ਕੌਰ ਤੇ ਸ੍ਰੀ ਮੁਕਤਸਰ ਸਾਹਿਬ ਦੇ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੇ ਨਾਲ ਮਿਲ ਕੇ ਇਕ ਫਾਰਮ ਜਾਰੀ ਕੀਤਾ ਤੇ ਦੱਸਿਆ ਕਿ ਇਹ ਸੂਬੇ ਭਰ ਵਿਚ ਵੰਡੇ ਜਾਣਗੇ। ਉਹਨਾਂ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਇਹ ਫਾਰਮ ਭਰਨ ਜਾਂ ਜੋ ਕੋਈ ਫਾਰਮ ਨਹੀਂ ਭਰ ਸਕਦੀਆਂ, ਉਹ 8595170170 ’ਤੇ ਮਿਸਡ ਕਾਲ ਦੇ ਕੇ ਵੀ ਮੈਂਬਰ ਬਣਸਕਦੀਆਂ ਹਨ।

ਉਹਨਾਂ ਨੇ ਔਰਤਾਂ ਨੂੰ ਆਖਿਆ ਕਿ ਉਹ ਆਪਣੇ ਆਲੇ ਦੁਆਲੇ ਫਿਰਦੇ ਨਸ਼ਾ ਤਸਕਰਾਂ ਦਾ ਸਾਰਾ ਰਿਕਾਰਡ ਰੱਖਣ ਜਿਹਨਾਂ ਵਿਚ ਨਸ਼ਾ ਤਸਕਰਾਂ ਦੇ ਨਾਮ ਅਤੇ ਉਹਨਾਂ ਦੀ ਪੁਸ਼ਤ ਪਨਾਹੀ ਕਰਨ ਵਾਲਿਆਂ ਦੇ ਨਾਮ ਵੀ ਰਿਕਾਰਡ ਵਿਚ ਰੱਖਣ। ਉਹਨਾਂ ਕਿਹਾ ਕਿ ਇਹ ਫਾਰਮ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਇਕ ਮਹਿਲਾ ਡੀ ਜੀ ਪੀ ਦੀ ਅਗਵਾਈ ਵਾਲੀ ਨਸ਼ਾ ਵਿਰੋਧੀ ਟਾਸਕ ਫੋਰਸ ਨੂੰ ਦਿੱਤੇ ਜਾਣਗੇ ਜੋ ਦੋਸ਼ੀਆਂ ਖਿਲਾਫ ਕਾਰਵਾਈ ਕਰੇਗੀ।

ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਵਾਸਤੇ ਉਹਨਾਂ ਨੂੰ ਹਰ ਔਰਤ ਦੇ ਸਮਰਥਨ ਦੀ ਜ਼ਰੂਰਤ ਪਵੇਗੀ। ਉਹਨਾਂ ਕਿਹਾ ਕਿ ਮੈਨੂੰ ਭਰੋਸਾ ਹੈ ਕਿ ਮਾਵਾਂ ਧੀਆਂ ਦੀ ਲਲਕਾਰ ਬੰਦ ਕਰੇਗੀ ਨਸ਼ੇ ਦਾ ਵਪਾਰ। ਉਹਨਾਂ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਨੂੰ ਸਫਲ ਬਣਾਉਦ ਵਾਸਤੇ ਉਹ ਹਰ ਪਿੰਡ ਤੇ ਮੁਹੱਲੇ ਵਿਚ ਇਕ-ਇਕ ਜੱਥਾ ਬਣਾਉਣ। ਉਹਨਾਂ ਕਿਹਾ ਕਿ ਮੈਂ ਤੁਹਾਨੂੰ ਭਰੋਸਾ ਦਿੰਦੀ ਹਾਂ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਨਸ਼ਾਂ ਦੇ ਹਮੇਸ਼ਾ ਹਮੇਸ਼ਾ ਲਈ ਖ਼ਾਤਮੇ ਵਾਸਤੇ ਨਾ ਸਿਰਫ ਇਸਨੂੰ ਆਧਾਰ ਬਣਾਏਗੀ ਬਲਕਿ ਉਹ ਨਵਾਂ ਕਾਨੂੰਨ ਲਿਆ ਕੇ ਨਸ਼ਾ ਤਸਕਰਾਂ ਨੂੰ 10 ਸਾਲ ਤੱਕ ਜ਼ਮਾਨਤ ਨਾ ਮਿਲਣੀ ਯਕੀਨੀ ਬਣਾਏਗੀ।

ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਪੰਜਾਬ ਦੀਆਂ ਔਰਤਾਂ ਆਪਣੇ ਪਰਿਵਾਰਾਂ ਨੂੰ ਬਚਾਉਣ ਲਈ ਨਾ ਸਿਰਫ ਇਕਜੁੱਟ ਹੋਣਗੀਆਂ ਬਲਕਿ ਆਪਣੀਆਂ ਭਵਿੱਖੀ ਪੀੜੀਆਂ ਦੀ ਵੀ ਰਾਖੀ ਕਰਨਗੀਆਂ। ਉਹਨਾਂ ਨੇ ਮਹਿਲਾਵਾਂ ਨੂੰ ਇਸ ਕੰਮ ਦੀ ਪੂਰਤੀ ਵਾਸਤੇ ਪਾਰਟੀ ਲੀਹਾਂ ਤੋਂ ਉਪਰ ਉਠ ਕੇ ਕੰਮ ਕਰਨ ਦੀ ਅਪੀਲ ਕੀਤੀ।

# ਮਾਨ ਸਰਕਾਰ ਵੱਲੋਂ ਮੱਛੀ ਪਾਲਣ ਸੈਕਟਰ ਨੂੰ ਹੁਲਾਰਾ: ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਭਰਤੀ ਮੁਲਾਜ਼ਮਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਚੰਡੀਗੜ੍ਹ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਨੂੰ ਹੋਰ ਮਜ਼ਬੂਤ ਕਰਨ ਦੀ ਲੜੀ ਤਹਿਤ ਸੂਬੇ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਮੱਛੀ ਪਾਲਣ ਵਿਭਾਗ ਵਿੱਚ ਨਵੇਂ ਭਰਤੀ ਹੋਏ ਦੋ ਉਮੀਦਵਾਰਾਂ, ਜਿਨ੍ਹਾਂ ਵਿੱਚ ਇੱਕ ਮਲਟੀਪਰਪਜ਼ ਫਿਸ਼ਰੀਜ਼ ਸਕਿਲਡ ਵਰਕਰ ਅਤੇ ਇੱਕ ਫਿਸ਼ਰਮੈਨ (ਮੱਛੀ ਪਾਲਕ) ਸ਼ਾਮਲ ਹੈ, ਨੂੰ ਨਿਯੁਕਤੀ ਪੱਤਰ ਸੌਂਪੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਿਯੁਕਤੀਆਂ ਉਸ ਨਿਰੰਤਰ ਭਰਤੀ ਮੁਹਿੰਮ ਦਾ ਹਿੱਸਾ ਹਨ, ਜਿਸ ਤਹਿਤ ਮੱਛੀ ਪਾਲਣ ਵਿਭਾਗ ਵਿੱਚ ਸਾਲ 2022 ਤੋਂ ਲੈ ਕੇ ਹੁਣ ਤੱਕ 55 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਭਰਤੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਵਿਭਾਗ ਦੀ ਪ੍ਰਸ਼ਾਸਕੀ, ਤਕਨੀਕੀ ਅਤੇ ਕਾਰਜਕਾਰੀ ਸਮਰੱਥਾ ਵਿੱਚ ਵੱਡਾ ਵਾਧਾ ਹੋਇਆ ਹੈ। ਇਹ ਕਦਮ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਮੱਛੀ ਪਾਲਣ ਖੇਤਰ ਨੂੰ ਪ੍ਰਫੁੱਲਤ ਕਰਨ ਅਤੇ ਪੰਜਾਬ ਭਰ ਦੇ ਮੱਛੀ ਪਾਲਕਾਂ ਨੂੰ ਪੂਰਨ ਸਹਿਯੋਗ ਦੇਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ਸਾਲ 2022 ਤੋਂ ਲਗਾਤਾਰ ਜਾਰੀ ਭਰਤੀ ਮੁਹਿੰਮ ਤਹਿਤ ਅੱਜ ਇਹ ਨਿਯੁਕਤੀ ਪੱਤਰ ਸੌਂਪੇ ਗਏ ਹਨ, ਜੋ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੱਛੀ ਪਾਲਣ ਵਿਭਾਗ ਦੇ ਆਧੁਨਿਕੀਕਰਨ ਅਤੇ ਮਜ਼ਬੂਤੀਕਰਨ ਪ੍ਰਤੀ ਠੋਸ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਮੱਛੀ ਪਾਲਣ ਅਫ਼ਸਰਾਂ ਤੋਂ ਲੈ ਕੇ ਤਕਨੀਕੀ ਅਮਲੇ ਅਤੇ ਹੁਨਰਮੰਦ ਕਾਮਿਆਂ ਤੱਕ ਦੇ ਵੱਖ-ਵੱਖ ਕਾਡਰਾਂ ਵਿੱਚ ਯੋਗ ਨੌਜਵਾਨਾਂ ਨੂੰ ਸ਼ਾਮਲ ਕਰਕੇ ਅਸੀਂ ਨਾ ਸਿਰਫ਼ ਵਿਭਾਗੀ ਕੰਮਕਾਜ ਨੂੰ ਸੁਚਾਰੂ ਬਣਾ ਰਹੇ ਹਾਂ, ਸਗੋਂ ਆਪਣੇ ਮੱਛੀ ਪਾਲਕਾਂ ਲਈ ਬਿਹਤਰ ਸੇਵਾਵਾਂ ਅਤੇ ਤਕਨੀਕੀ ਸਹਾਇਤਾ ਪ੍ਰਦਾਨ ਕਰਨਾ ਵੀ ਯਕੀਨੀ ਬਣਾ ਰਹੇ ਹਾਂ। ਖੁੱਡੀਆਂ ਨੇ ਦੱਸਿਆ ਕਿ ਵੱਖ-ਵੱਖ ਕਾਡਰਾਂ ਵਿੱਚ ਹੁਨਰਮੰਦ ਪੇਸ਼ੇਵਰਾਂ ਦੀ ਭਰਤੀ ਕਰਕੇ ਵਿਭਾਗ ਨੇ ਆਪਣੇ ਜ਼ਮੀਨੀ ਅਤੇ ਪ੍ਰਸ਼ਾਸਕੀ ਕੰਮਕਾਜ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਵੀਆਂ ਨਿਯੁਕਤੀਆਂ ਦੇ ਨਾਲ ਪੰਜਾਬ ਮੱਛੀ ਪਾਲਣ ਵਿਭਾਗ ਟਿਕਾਊ ਐਕੁਆਕਲਚਰ (ਜਲ-ਖੇਤੀ) ਅਭਿਆਸਾਂ ਨੂੰ ਉਤਸ਼ਾਹਿਤ ਕਰਨ, ਮੱਛੀ ਉਤਪਾਦਨ ਵਧਾਉਣ ਅਤੇ ਸੂਬੇ ਦੇ ਖੇਤੀ ਅਰਥਚਾਰੇ ਵਿੱਚ ਅਹਿਮ ਯੋਗਦਾਨ ਪਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਰਾਹੁਲ ਭੰਡਾਰੀ ਨੇ ਕਿਹਾ ਕਿ ਮੱਛੀ ਪਾਲਣ ਵਿਭਾਗ ਪੰਜਾਬ ਵਿੱਚ ਐਕੁਆਕਲਚਰ ਅਤੇ ਮੱਛੀ ਪਾਲਣ ਦੇ ਟਿਕਾਊ ਵਿਕਾਸ ਤੇ ਪ੍ਰਸਾਰ ਦੇ ਮਿਸ਼ਨ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ।

# ਝੋਨਾ ਵੇਚਣ ਲਈ ਮੰਡੀਆਂ ’ਚ ਆਏ ਕਿਸਾਨ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਤੋਂ ਖੁਸ਼: ਕਟਾਰੂਚੱਕ



**ਪਟਿਆਲਾ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਸੁਰੱਖਿਆ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਹੈ ਕਿ ਪੰਜਾਬ ਦੀਆਂ ਮੰਡੀਆਂ ’ਚ ਝੋਨੇ ਦੀ ਫਸਲ ਵੇਚਣ ਲਈ ਪੁੱਜੇ ਕਿਸਾਨ ਖੁਸ਼ ਹੋ ਕੇ ਵਾਪਸ ਜਾ ਰਹੇ ਹਨ। ਅੱਜ ਪਟਿਆਲਾ ਦੀ ਸਰਹਿੰਦ ਰੋਡ ’ਤੇ ਸਥਿਤ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ ’ਚ ਝੋਨੇ ਦੀ ਖਰੀਦ ਲਈ ਪੁਖ਼ਤਾ ਇੰਤਜਾਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਾਢੇ ਚਾਰ ਸਾਲਾਂ ’ਚ 9 ਸੀਜ਼ਨ ਬਹੁਤ ਵਧੀਆ ਲੰਘੇ ਹਨ ਅਤੇ ਇਹ 10ਵਾਂ ਖਰੀਦ ਸੀਜ਼ਨ ਵੀ ਸੁਚਾਰੂ, ਨਿਰਵਿਘਨ ਤੇ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ।

ਇਸ ਮੌਕੇ ਮੀਡੀਆ ਨਾਲ ਗ਼ੈਰ ਰਸਮੀ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਕੇਂਦਰੀ 42786.68 ਕਰੋੜ ਰੁਪਏ ਦੀ ਨਗ਼ਦ ਕਰਜਾ ਹੱਦ (ਸੀਸੀਐਲ), ਬਾਰਦਾਨੇ ਦੇ ਲੋੜੀਂਦੇ ਪ੍ਰਬੰਧ ਹਨ ਤੇ ਉਹ ਖ਼ੁਦ ਮੰਡੀਆਂ ’ਚ ਜਾ ਰਹੇ ਹਨ ਅਤੇ ਨਾਲ ਹੀ ਅਧਿਕਾਰੀ ਵੀ ਪ੍ਰਬੰਧਾਂ ਦਾ ਜਾਇਜ਼ਾ ਲਗਾਤਾਰ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 6.23 ਲੱਖ ਮੀਟ੍ਰਿਕ ਟਨ ਝੋਨਾ ਮੰਡੀਆਂ ’ਚ ਪੁੱਜਾ ਹੈ ਤੇ ਇਸ ’ਚੋਂ 5.70 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਖਰੀਦੀ ਫ਼ਸਲ ਦੀ ਕੀਮਤ ਐਮ.ਐਸ.ਪੀ ਮੁਤਾਬਕ 781 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ’ਚ ਪਾਈ ਜਾ ਚੁੱਕੀ ਹੈ।

ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬਾ ਕੇਂਦਰੀ ਪੂਲ ਲਈ ਝੋਨੇ ਦੀ ਖਰੀਦ ਲਈ 180 ਲੱਖ ਮੀਟ੍ਰਿਕ ਟਨ ਦੇ ਮਿਲੇ ਟੀਚੇ ਨੂੰ ਪੂਰਾ ਕਰਨ ਵੱਲ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਨੋਟੀਫਾਈ 1887 ਮੰਡੀਆਂ ’ਚ ਕਿਸਾਨਾਂ ਦੀ ਖਰੀਦੀ ਜਿਣਸ ਦਾ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਸਰਕਾਰ ਦੇ ਪ੍ਰਬੰਧਾਂ ਸਦਕਾ ਕਿਸਾਨਾਂ ਦੀ ਦੁਸ਼ਹਿਰਾ ਤੇ ਦਿਵਾਲੀ ਦੇ ਤਿਉਹਾਰ ਮੰਡੀਆਂ ’ਚ ਮਨਾਉਣ ਦੀ ਪੁਰਾਣੀ ਮਿੱਥ ਵੀ ਤੋੜੀ ਗਈ ਹੈ।

# ਹਾਈ ਕੋਰਟ ਵੱਲੋਂ ਮੁੱਖ ਸਕੱਤਰ ਸਿਨਹਾ ਨੂੰ ‘ਸਰਾ-ਸਰ ਝੂਠ’ ਬੋਲਣ ਲਈ ਨੋਟਿਸ ਜਾਰੀ

**ਚੰਡੀਗੜ੍ਹ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਅੱਜ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਟਾਲ-ਮਟੋਲ ਕਰਨ ਲਈ ਗ਼ਲਤ ਤੱਥਾਂ ਦੀ ਪੇਸ਼ਕਾਰੀ ਕਰਨ ਨੂੰ ਲੈ ਕੇ ਪੰਜਾਬ ਦੇ ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਨੂੰ ਅਦਾਲਤੀ ਤੌਹੀਨ ਦਾ ਨੋਟਿਸ ਜਾਰੀ ਕਰ ਦਿੱਤਾ ਹੈ। ਲੰਘੇ ਕੱਲ੍ਹ ਸੁਣਵਾਈ ਦੌਰਾਨ ਵੀ ਹਾਈ ਕੋਰਟ ਮੁੱਖ ਸਕੱਤਰ ਨਾਲ ਸਖ਼ਤੀ ਨਾਲ ਪੇਸ਼ ਆਈ ਸੀ ਅਤੇ ਸੁਪਰੀਮ ਕੋਰਟ ਵਿੱਚ ਦਾਇਰ ਸਪੈਸ਼ਲ ਲੀਵ ਪਟੀਸ਼ਨ ਦੀਆਂ ਤਰੁੱਟੀਆਂ (ਖਾਮੀਆਂ) ਨੂੰ ਦੂਰ ਕਰਨ ਬਾਰੇ ਕੀਤੇ ਗ਼ਲਤ ਦਾਅਵੇ ਦਾ ਸਖ਼ਤ ਨੋਟਿਸ ਲਿਆ ਸੀ।



ਹਾਈਕੋਰਟ ਨੇ ਮੁੱਖ ਸਕੱਤਰ ਦੇ ਹਲਫ਼ਨਾਮੇ ਵਿੱਚ ਪੇਸ਼ ਕੀਤੇ ਤੱਥਾਂ ਨੂੰ ਗਲਤ ਕਰਾਰ ਦਿੱਤਾ ਹੈ। ਬੈਂਚ ਨੇ ਉਨ੍ਹਾਂ ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਹੈ ਕਿ ਅਦਾਲਤ ਨੂੰ ਜਾਣਬੁੱਝ ਕੇ ਗੁੰਮਰਾਹ ਕਰਨ ਲਈ ਉਨ੍ਹਾਂ ਵਿਰੁੱਧ ਕ੍ਰਿਮਿਨਲ ਮਾਣਹਾਨੀ ਦੀ ਕਾਰਵਾਈ ਕਿਉਂ ਨਾ ਸ਼ੁਰੂ ਕੀਤੀ ਜਾਵੇ। ਉਨ੍ਹਾਂ ਨੂੰ ਸ਼ੁੱਕਰਵਾਰ ਨੂੰ ਅਗਲੀ ਸੁਣਵਾਈ ਦੌਰਾਨ ਨਿੱਜੀ ਤੌਰ ’ਤੇ ਹਾਜ਼ਰ ਹੋਣ ਲਈ ਵੀ ਕਿਹਾ ਗਿਆ ਹੈ। ਹਾਈਕੋਰਟ ਵੱਲੋਂ ਸੁਪਰੀਮ ਕੋਰਟ ਦੀ ਰਜਿਸਟਰੀ ਤੋਂ ਪ੍ਰਾਪਤ ਕੀਤੀ ਗਈ ਇੱਕ ਰਿਪੋਰਟ ਤੋਂ ਬਾਅਦ ਸਾਹਮਣੇ ਆਇਆ ਹੈ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਟਿੱਪਣੀ ਕੀਤੀ, ਸੁਪਰੀਮ ਕੋਰਟ ਦੀ ਰਜਿਸਟਰੀ ਦੀ ਰਿਪੋਰਟ ਤੋਂ ਸਾਫ਼ ਹੈ ਕਿ ਕੱਲ੍ਹ ਅਦਾਲਤ ਵਿੱਚ ਝੂਠਾ ਬਿਆਨ ਦਿੱਤਾ ਗਿਆ ਸੀ।

ਮੁੱਖ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ’ਤੇ ਆਧਾਰਿਤ ਡਿਵੀਜ਼ਨ ਬੈਂਚ ਨੇ ਲੰਘੇ ਕੱਲ੍ਹ ਸੁਣਵਾਈ ਦੌਰਾਨ ਹਾਈ ਕੋਰਟ ਦੀ ਰਜਿਸਟਰੀ ਨੂੰ ਸੁਪਰੀਮ ਕੋਰਟ ਦੀ ਰਜਿਸਟਰੀ ਤੋਂ ਪੰਜਾਬ ਸਰਕਾਰ ਦੀ ਅਪੀਲ ਦੀ ਮੌਜੂਦਾ ਸਥਿਤੀ ਜਾਣਨ ਬਾਰੇ ਰਿਪੋਰਟ ਹਾਸਲ ਕਰਨ ਲਈ ਕਿਹਾ ਸੀ। ਮੁੱਖ ਸਕੱਤਰ ਨੂੰ ਮੁੜ ਵਿਅਕਤੀਗਤ ਤੌਰ ’ਤੇ ਅਦਾਲਤ ਵਿੱਚ ਹਾਜ਼ਰ ਰਹਿਣ ਦੇ ਆਦੇਸ਼ ਦਿੱਤੇ ਸਨ। ਹਾਈ ਕੋਰਟ ਨੇ ਬੀਤੇ ਦਿਨ ਸੁਣਵਾਈ ਦੌਰਾਨ ਕਿਹਾ ਸੀ ਕਿ ਪੰਜਾਬ ਸਰਕਾਰ ਅਦਾਲਤ ਨਾਲ ਲੁਕਣ-ਮੀਚੀ ਕਿਉਂ ਖੇਡ ਰਹੀ ਹੈ। ਜੇਕਰ ਪਹਿਲੀ ਸਤੰਬਰ ਨੂੰ ਪੰਜਾਬ ਨੇ ਸੁਪਰੀਮ ਕੋਰਟ ਵਿੱਚ ਅਪੀਲ ਦਾਇਰ ਕਰ ਦਿੱਤੀ ਸੀ ਤਾਂ ਹੁਣ ਤੱਕ ਇਸ ਮਾਮਲੇ ’ਤੇ ਸੁਣਵਾਈ ਹੋ ਜਾਣੀ ਚਾਹੀਦੀ ਸੀ। ਅਦਾਲਤ ਪਹਿਲਾਂ ਹੀ ਪੰਜਾਬ ਸਰਕਾਰ ਨੂੰ ਸੁਪਰੀਮ ਕੋਰਟ ਵਿੱਚ ਚਾਰਾਜੋਈ ਲਈ ਤਿੰਨ ਮੌਕੇ ਦੇ ਚੁੱਕੀ ਹੈ, ਜਿਸ ਕਰਕੇ ਸੁਣਵਾਈ ਵਾਰ-ਵਾਰ ਮੁਲਤਵੀ ਕਰਨੀ ਪਈ। ਅਦਾਲਤ ਨੇ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਕਾਨੂੰਨੀ ਚਾਰਾਜੋਈ ਬਹਾਨੇ ਸਰਕਾਰ ਸਮਾਂ ਲੰਘਾਉਣ ਦੀ ਕੋਸ਼ਿਸ਼ ਕਰ ਰਹੀ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਦੋ ਹੋਰ ਕਰਮਚਾਰੀ ਮੁਅੱਤਲ, ਇੱਕ ਦਾ ਤਬਾਦਲਾ

**ਅੰਮ੍ਰਿਤਸਰ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਹਿਰੀਨ ਵਾਲੀ ਬੀਬੀ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਨੇ ਤਿੰਨ ਹੋਰ ਕਰਮਚਾਰੀਆਂ ਦੇ ਖ਼ਿਲਾਫ਼ ਕਾਰਵਾਈ ਕੀਤੀ ਹੈ। ਜਿਨ੍ਹਾਂ ਵਿੱਚੋਂ ਦੋ ਨੂੰ ਮੁਅੱਤਲ ਕੀਤਾ ਅਤੇ ਇੱਕ ਦਾ ਤਬਾਦਲਾ ਕੀਤਾ ਹੈ। ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ ਸਨ ਅਤੇ ਇੱਕ ਡਰਾਈਵਰ ਨੂੰ ਮੁਅੱਤਲ ਕੀਤਾ ਗਿਆ ਸੀ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਜਾਣਕਾਰੀ ਦਿੱਤੀ ਹੈ ਕਿ ਸ੍ਰੀ ਆਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗਠਤ ਕੀਤੀ ਪੜਤਾਲੀਆ ਕਮੇਟੀ ਦੀ ਸਿਫ਼ਾਰਸ਼ ’ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜ਼ਿੰਮੇਵਾਰੀ ’ਚ ਕੁਤਾਹੀ ਕਰਨ ਦੇ ਦੋਸ਼ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਮੈਨੇਜਰ ਮਲਕੀਤ ਸਿੰਘ ਅਤੇ ਰਜਿਸਟਰਾਂ ਵਿਚ ਛੇੜਛਾੜ ਕਰਕੇ ਗ਼ਲਤ ਇੰਦਰਾਜ ਦਰਜ ਕਰਨ ਵਾਲੇ ਸਰਾਂ ਦੇ ਇੰਚਾਰਜ ਅਮਰੀਕ ਸਿੰਘ ਨੂੰ ਡਿਊਟੀ ਤੋਂ ਮੁਅੱਤਲ ਕਰ ਦਿੱਤਾ ਹੈ। ਇਸ ਦੇ ਨਾਲ ਹੀ ਸਰਾਂ ਵਿਚ ਹੈਲਪਰ ਵਜੋਂ ਡਿਊਟੀ ਨਿਭਾ ਰਹੇ ਪ੍ਰਭਜੋਤ ਸਿੰਘ ਦੀ ਵੀ ਤਬਦੀਲੀ ਕੀਤੀ ਗਈ ਹੈ। ਇਸ ਮਾਮਲੇ ਵਿਚ ਅੱਗੋਂ ਵਿਭਾਗੀ ਪੜਤਾਲ ਜਾਰੀ ਰੱਖਣ ਦਾ ਵੀ ਆਦੇਸ਼ ਕੀਤਾ ਗਿਆ ਹੈ।

# ਐਸ.ਜੀ.ਪੀ.ਸੀ. ਦੇ ਮੁੱਖ ਸਕੱਤਰ ਦੇ ਓ.ਐਸ.ਡੀ. ਤੋਂ ਚਾਰ ਘੰਟੇ ਪੁੱਛਗਿੱਛ

**ਸ੍ਰੀ ਅਨੰਦਪੁਰ ਸਾਹਿਬ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਦਰਜ ਜਿਨਸੀ ਸ਼ੋਸ਼ਣ ਦੇ ਮਾਮਲੇ ਦੀ ਜਾਂਚ ਨੂੰ ਅੱਗੇ ਵਧਾਉਂਦਿਆਂ ਸ੍ਰੀ ਆਨੰਦਪੁਰ ਸਾਹਿਬ ਪੁਲੀਸ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਨਾਲ ਸਬੰਧਤ ਅਧਿਕਾਰੀਆਂ ਅਤੇ ਮੁਲਾਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸੇ ਤਹਿਤ ਪੁਲੀਸ ਵੱਲੋਂ ਐੱਸ.ਜੀ.ਪੀ.ਸੀ. ਦੇ ਮੁੱਖ ਸਕੱਤਰ ਦੇ ਓ.ਐੱਸ.ਡੀ. ਸਤਬੀਰ ਸਿੰਘ ਤੋਂ ਕਰੀਬ ਚਾਰ ਘੰਟੇ ਤੱਕ ਪੁੱਛਗਿੱਛ ਕੀਤੀ ਗਈ।

ਡੀ.ਐੱਸ.ਪੀ. ਸ੍ਰੀ ਆਨੰਦਪੁਰ ਸਾਹਿਬ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ 21 ਅਗਸਤ 2026 ਨੂੰ ਐੱਫ.ਆਈ.ਆਰ. ਨੰਬਰ 149 ਦਰਜ ਕੀਤੀ ਗਈ ਸੀ। ਮਾਮਲੇ ਦੀ ਤਫ਼ਤੀਸ਼ ਦੌਰਾਨ ਪੁਲੀਸ ਵੱਲੋਂ ਵੱਖ-ਵੱਖ ਪੱਖਾਂ ਤੋਂ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਐੱਸ.ਜੀ.ਪੀ.ਸੀ. ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਅਤੇ ਇਸ ਵੇਲੇ ਮੁੱਖ ਸਕੱਤਰ ਕੁਲਵੰਤ ਸਿੰਘ ਦੇ ਓ.ਐੱਸ.ਡੀ. ਵਜੋਂ ਤਾਇਨਾਤ ਸਤਬੀਰ ਸਿੰਘ ਤੋਂ ਸਰਾਵਾਂ ਦੇ ਪ੍ਰਬੰਧਾਂ ਅਤੇ ਨਿਯਮਾਂ ਸਬੰਧੀ ਪੁੱਛਗਿੱਛ ਕੀਤੀ ਗਈ ਹੈ। ਡੀ.ਐੱਸ.ਪੀ. ਅਨੁਸਾਰ ਪੁਲੀਸ ਵੱਲੋਂ ਇਹ ਜਾਣਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਸਰਾਵਾਂ ਵਿੱਚ ਸ਼ਰਧਾਲੂਆਂ ਦੀ ਐਂਟਰੀ ਕਿਸ ਪ੍ਰਕਿਰਿਆ ਤਹਿਤ ਹੁੰਦੀ ਹੈ, ਉਹਨਾਂ ਦੇ ਠਹਿਰਨ ਸਬੰਧੀ ਕੀ ਨਿਯਮ ਹਨ ਅਤੇ ਸਬੰਧਤ ਰਿਕਾਰਡ ਕਿਵੇਂ ਦਰਜ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਸ਼ਿਕਾਇਤਕਰਤਾ ਔਰਤ ਦੇ ਸਰਾਵਾਂ ਵਿੱਚ ਠਹਿਰਨ ਨਾਲ ਸਬੰਧਤ ਰਿਕਾਰਡ ਅਤੇ ਉਸ ਨੂੰ ਉੱਥੇ ਮਿਲੀਆਂ ਸਹੂਲਤਾਂ ਸਬੰਧੀ ਵੀ ਤੱਥ ਇਕੱਠੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੁਲੀਸ ਇਹ ਵੀ ਜਾਂਚ ਕਰ ਰਹੀ ਹੈ ਕਿ ਸ਼ਿਕਾਇਤਕਰਤਾ ਕਿਹੜੇ ਹਾਲਾਤ ਵਿੱਚ ਸ੍ਰੀ ਆਨੰਦਪੁਰ ਸਾਹਿਬ ਪਹੁੰਚੀ ਅਤੇ ਉਸ ਦੇ ਠਹਿਰਨ ਦੌਰਾਨ ਕੀ ਕੁਝ ਵਾਪਰਿਆ। ਜਾਂਚ ਦੌਰਾਨ ਕਿਸੇ ਵਿਅਕਤੀ ਵੱਲੋਂ ਉਸ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਰੋਕ ਕੇ ਰੱਖਣ ਜਾਂ ਕਿਸੇ ਹੋਰ ਤਰ੍ਹਾਂ ਦੀ ਗਤੀਵਿਧੀ ਦੇ ਦੋਸ਼ ਸਾਹਮਣੇ ਆਉਂਦੇ ਹਨ ਜਾਂ ਨਹੀਂ, ਇਸ ਪੱਖ ਤੋਂ ਵੀ ਜਾਂਚ ਕੀਤੀ ਜਾ ਰਹੀ ਹੈ।

ਡੀ.ਐੱਸ.ਪੀ. ਜਸ਼ਨਦੀਪ ਸਿੰਘ ਨੇ ਦੱਸਿਆ ਕਿ ਮਾਮਲੇ ਵਿੱਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਤਾਇਨਾਤ ਕੁਝ ਮੁਲਾਜ਼ਮਾਂ, ਸ਼ਿਕਾਇਤਕਰਤਾ ਦੇ ਬਿਆਨਾਂ ਵਿੱਚ ਨਾਮਜ਼ਦ ਵਿਅਕਤੀਆਂ ਅਤੇ ਮੁੱਖ ਮੁਲਜ਼ਮ ਦੇ ਪਰਿਵਾਰਕ ਮੈਂਬਰਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਚੁੱਕੀ ਹੈ। ਪੁਲੀਸ ਵੱਲੋਂ ਮੁਲਜ਼ਮ ਦੇ ਠਹਿਰਨ ਅਤੇ ਆਉਣ-ਜਾਣ ਨਾਲ ਸਬੰਧਤ ਜਾਣਕਾਰੀ ਇਕੱਠੀ ਕਰਨ ਦੇ ਨਾਲ-ਨਾਲ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਮਾਮਲੇ ਵਿੱਚ ਕਿਸੇ ਹੋਰ ਵਿਅਕਤੀ ਦੀ ਭੂਮਿਕਾ ਜਾਂ ਸਾਜ਼ਿਸ਼ ਤਾਂ ਨਹੀਂ। ਉਹਨਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਠਹਿਰਨ ਨਾਲ ਸਬੰਧਤ ਐੱਸ.ਜੀ.ਪੀ.ਸੀ. ਦਾ ਰਿਕਾਰਡ ਹਾਸਲ ਕਰਨ ਲਈ ਕਮੇਟੀ ਨੂੰ ਬਕਾਇਦਾ ਪੱਤਰ ਵੀ ਜਾਰੀ ਕੀਤਾ ਗਿਆ ਹੈ। ਪੁਲੀਸ ਵੱਲੋਂ ਉਪਲੱਬਧ ਦਸਤਾਵੇਜ਼ਾਂ, ਬਿਆਨਾਂ ਅਤੇ ਹੋਰ ਤੱਥਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਡੀ.ਐੱਸ.ਪੀ. ਨੇ ਕਿਹਾ ਕਿ ਪੁਲੀਸ ਵੱਲੋਂ ਮਾਮਲੇ ਦੀ ਜਾਂਚ ਕਾਨੂੰਨ ਅਨੁਸਾਰ ਕੀਤੀ ਜਾ ਰਹੀ ਹੈ ਅਤੇ ਜਿਨਸੀ ਅਪਰਾਧਾਂ ਨਾਲ ਸਬੰਧਤ ਮਾਮਲਿਆਂ ਵਿੱਚ ਲਾਗੂ ਕਾਨੂੰਨੀ ਪ੍ਰਬੰਧਾਂ ਅਤੇ ਅਦਾਲਤੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਿਰਧਾਰਤ ਸਮੇਂ ਅੰਦਰ ਤਫ਼ਤੀਸ਼ ਮੁਕੰਮਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਸਾਰੇ ਤੱਥਾਂ ਦੀ ਤਸਦੀਕ ਕਰਨ ਉਪਰੰਤ ਪੁਲੀਸ ਰਿਪੋਰਟ (ਚਲਾਨ) ਜਲਦ ਅਦਾਲਤ ਵਿੱਚ ਪੇਸ਼ ਕੀਤੀ ਜਾਵੇਗੀ। ਇਸ ਮੌਕੇ ਥਾਣਾ ਮੁਖੀ ਜਤਿਨ ਕਪੂਰ, ਸਿਟੀ ਇੰਚਾਰਜ ਜਸਮੇਰ ਸਿੰਘ ਵੀ ਮੌਜੂਦ ਸਨ।

# ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਭਾਰਤ ਯਾਤਰਾ ਦੀ ਮਿਲੀ ਮਨਜ਼ੂਰੀ; ਏਅਰਪੋਰਟ ’ਤੇ ਰੋਕਣ ਤੋਂ ਬਾਅਦ ਮਾਮਲਾ ਸੁਲਝਿਆ

**ਨਵੀਂ ਦਿੱਲੀ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪਾਕਿਸਤਾਨ ਤੋਂ ਭਾਰਤ ਆਉਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨੀ ਅਧਿਕਾਰੀਆਂ ਨੇ ਅਖ਼ੀਰ ਯਾਤਰਾ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਤੋਂ ਪਹਿਲਾਂ ਉਹਨਾਂ ਨੂੰ ਹਵਾਈ ਅੱਡੇ ’ਤੇ ਚੜ੍ਹਨ ਤੋਂ ਰੋਕ ਦਿੱਤਾ ਗਿਆ ਸੀ। ਹੁਣ 49 ਮੈਂਬਰੀ ਜਥਾ ਤਾਸ਼ਕੰਦ ਰਸਤੇ 8 ਅਕਤੂਬਰ ਨੂੰ ਨਵੀਂ ਦਿੱਲੀ ਪਹੁੰਚੇਗਾ, ਜੋ ਭਾਰਤ ਦੇ ਪ੍ਰਮੁੱਖ ਸਿੱਖ ਧਾਰਮਿਕ ਅਸਥਾਨਾਂ ਦੇ ਇੱਕ ਮਹੀਨੇ ਦੇ ਯਾਤਰਾ ਦੌਰੇ ’ਤੇ ਰਹੇਗਾ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਲਾਹਕਾਰ ਪਰਮਜੀਤ ਸਿੰਘ ਚੰਢੋਕ ਨੇ ਦੱਸਿਆ ਕਿ ਪਾਕਿਸਤਾਨ ਦੇ ਗ੍ਰਹਿ ਮੰਤਰਾਲੇ ਨੇ ਫੈਸਲਾਬਾਦ ਏਅਰਪੋਰਟ ’ਤੇ ਸ਼ਰਧਾਲੂਆਂ ਨੂੰ ਰੋਕੇ ਜਾਣ ਦੇ ਮਾਮਲੇ ਦੀ ਸਮੀਖਿਆ ਤੋਂ ਬਾਅਦ ਇਹ ਮਨਜ਼ੂਰੀ ਦਿੱਤੀ ਹੈ। ਯਾਤਰੀਆਂ ਕੋਲ 30 ਅਕਤੂਬਰ ਤੱਕ ਦਾ ਵੈਧ ਭਾਰਤੀ ਵੀਜ਼ਾ ਹੈ ਅਤੇ ਉਹ ਦਿੱਲੀ ਤੋਂ ਹੀ ਵਾਪਸ ਉਡਾਣ ਭਰਨਗੇ।

ਯਾਤਰਾ ਦੌਰਾਨ ਇਹ ਜਥਾ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ—ਬੰਗਲਾ ਸਾਹਿਬ, ਰਕਾਬ ਗੰਜ ਸਾਹਿਬ, ਨਾਨਕ ਪਿਆਓ, ਦਮਦਮਾ ਸਾਹਿਬ, ਸੀਸ ਗੰਜ ਸਾਹਿਬ, ਬਾਬਾ ਬੰਦਾ ਸਿੰਘ ਬਹਾਦਰ ਅਤੇ ਬਾਲਾ ਸਾਹਿਬ ਦੇ ਦਰਸ਼ਨ ਕਰੇਗਾ। ਇਸ ਤੋਂ ਬਾਅਦ ਜਥਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਅਤੇ ਸ੍ਰੀ ਹਰਿਮੰਦਰ ਸਾਹਿਬ (ਅੰਮ੍ਰਿਤਸਰ) ਵਿਖੇ ਨਤਮਸਤਕ ਹੋਵੇਗਾ। ਖ਼ਰਾਬ ਮੌਸਮ ਕਾਰਨ 10 ਅਕਤੂਬਰ ਨੂੰ ਉੱਤਰਾਖੰਡ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਬੰਦ ਹੋ ਰਹੇ ਹਨ, ਜਿਸ ਕਾਰਨ ਸ਼ਰਧਾਲੂਆਂ ਦੇ ਉੱਥੇ ਜਾਣ ਦੀ ਸੰਭਾਵਨਾ ਬਹੁਤ ਘੱਟ ਹੈ। ਭਾਵੇਂ ਅਧਿਕਾਰੀਆਂ ਨਾਲ ਗੱਲਬਾਤ ਚੱਲ ਰਹੀ ਹੈ, ਪਰ ਮੌਸਮ ਵਿਭਾਗ ਵੱਲੋਂ ਜਾਰੀ ‘ਯੈਲੋ ਅਲਰਟ’ ਕਾਰਨ ਉੱਥੇ ਜਾਣਾ ਮੁਸ਼ਕਲ ਜਾਪਦਾ ਹੈ। ਜ਼ਿਕਰਯੋਗ ਹੈ ਕਿ ਇਹ ਜਥਾ ਪਹਿਲਾਂ 11 ਸਤੰਬਰ ਨੂੰ ਰਵਾਨਾ ਹੋਣਾ ਸੀ। ਪੇਸ਼ਾਵਰ, ਪੰਜਾ ਸਾਹਿਬ, ਲਾਹੌਰ ਅਤੇ ਨਨਕਾਣਾ ਸਾਹਿਬ ਦੇ 104 ਸ਼ਰਧਾਲੂਆਂ ਨੂੰ ਵੀਜ਼ਾ ਮਿਲਿਆ ਸੀ, ਪਰ ਫੈਸਲਾਬਾਦ ਹਵਾਈ ਅੱਡੇ ’ਤੇ 94 ਜਣਿਆਂ ਨੂੰ ਵਾਪਸੀ ਦੀਆਂ ਟਿਕਟਾਂ ਅਤੇ ©®3 ਨਾ ਹੋਣ ਦੇ ਬਹਾਨੇ ਰੋਕ ਦਿੱਤਾ ਗਿਆ ਸੀ। ਇਸ ਕਾਰਨ ਪੁਰਾਣੀਆਂ ਟਿਕਟਾਂ ਦੇ ਪੈਸੇ ਬਰਬਾਦ ਹੋ ਗਏ ਅਤੇ ਸ਼ਰਧਾਲੂਆਂ ਨੂੰ ਨਵੀਆਂ ਟਿਕਟਾਂ ਖ਼ਰੀਦਣੀਆਂ ਪਈਆਂ। ਪਾਕਿਸਤਾਨ ਪੰਜਾਬ ਦੇ ਸਾਬਕਾ ਮੰਤਰੀ ਮਹਿੰਦਰਪਾਲ ਸਿੰਘ ਨੇ ਇਸ ਘਟਨਾ ਦੀ ਨਿਖੇਧੀ ਕਰਦਿਆਂ ਉੱਚ ਪੱਧਰੀ ਜਾਂਚ ਅਤੇ ਜਵਾਬਦੇਹੀ ਦੀ ਮੰਗ ਕੀਤੀ ਸੀ।

# ‘ਅਰਬਨ ਅੱਡਾ 2026’ ਵਿੱਚ ਡਾ. ਸਤਬੀਰ ਸਿੰਘ ਕਾਦੀਆਨ ਵੱਲੋਂ ਮਜ਼ਬੂਤ ਨੀਤੀਗਤ ਢਾਂਚਾ ਅਪਣਾਉਣ ’ਤੇ ਜ਼ੋਰ

**ਚੰਡੀਗੜ੍ਹ, 7 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨਵੀਂ ਦਿੱਲੀ ਸਥਿਤ ਇੰਡੀਆ ਹੈਬੀਟੇਟ ਸੈਂਟਰ ਦੇ ਜੈਕਾਰੰਡਾ ਹਾਲ ਵਿੱਚ ਗੁਰੂਜਲ ਵੱਲੋਂ ‘ਅਰਬਨ ਅੱਡਾ 2026’ ਦਾ ਆਯੋਜਨ ਕੀਤਾ ਗਿਆ। ਪਾਣੀ ਦੀ ਸੁਰੱਖਿਆ ਲਈ ਸਰਕੂਲਰਿਟੀ ਵਿਸ਼ੇ ’ਤੇ ਆਯੋਜਿਤ ਇਸ ਪ੍ਰੋਗਰਾਮ ਵਿੱਚ ਇਸ ਗੱਲ ’ਤੇ ਡੂੰਘੀ ਵਿਚਾਰ-ਚਰਚਾ ਹੋਈ ਕਿ ਭਾਰਤੀ ਸ਼ਹਿਰ ਪਾਣੀ ਨੂੰ ਸਿਰਫ਼ ਇੱਕ ਸਹੂਲਤ ਦੀ ਬਜਾਏ ਇੱਕ ਚੱਕਰਵਾਤੀ ਸਾਧਨ (ਸਰਕੂਲਰ ਵਾਟਰ) ਵਜੋਂ ਕਿਵੇਂ ਪ੍ਰਬੰਧਿਤ ਕਰ ਸਕਦੇ ਹਨ, ਜਿਸ ਨਾਲ ਪਾਣੀ ਦੀ ਸੰਭਾਲ, ਘੱਟ ਖਪਤ, ਵਧੇਰੇ ਮੁੜ-ਵਰਤੋਂ ਅਤੇ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਨੂੰ ਹੁਲਾਰਾ ਦੇ ਕੇ ਪਾਣੀ ਦੇ ਸੰਕਟ ਅਤੇ ਹੜ੍ਹ ਵਰਗੀਆਂ ਸਥਿਤੀਆਂ ਨਾਲ ਨਜਿੱਠਿਆ ਜਾ ਸਕੇ।

ਇਸ ਪ੍ਰੋਗਰਾਮ ਦੌਰਾਨ HIRMI ਦੇ ਈ.ਆਈ.ਸੀ.-ਸਹਿ-ਪ੍ਰਧਾਨ ਡਾਇਰੈਕਟਰ ਡਾ. ਸਤਬੀਰ ਸਿੰਘ ਕਾਦੀਆਨ ਨੇ ਦੇਸ਼ ਨੂੰ ਅਨਿਯੰਤਿਰਤ ਪਾਣੀ ਦੀ ਦੁਹਰਾਈ ਤੋਂ ਚੱਕਰਵਾਤੀ ਪਾਣੀ ਦੀ ਵਰਤੋਂ ਵੱਲ ਲਿਜਾਣ ਲਈ ਕਈ ਮਹੱਤਵਪੂਰਨ ਸੁਝਾਅ ਰੱਖੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਭੂਗੋਲਿਕ ਖੇਤਰਾਂ ਵਿੱਚ ਪਾਣੀ ਦੀ ਸਥਿਤੀ ਵੱਖ-ਵੱਖ ਹੁੰਦੀ ਹੈ, ਜਿਵੇਂ ਕਿ ਗੁਰੂਗ੍ਰਾਮ ਦੀ ਉਦਾਹਰਣ ਦੱਸਦੀ ਹੈ ਜਿੱਥੇ ਇੱਕ ਹੀ ਸਾਲ ਵਿੱਚ ਸ਼ਹਿਰੀ ਥਾਵਾਂ ’ਤੇ ਧਰਤੀ ਹੇਠਲੇ ਪਾਣੀ ਦਾ ਪੱਧਰ 0.08 ਮੀਟਰ ਤੋਂ 2.34 ਮੀਟਰ ਤੱਕ ਡਿੱਗ ਗਿਆ। ਇਸ ਲਈ ਰੈਗੂਲੇਟਰ ਇੱਕੋ ਦੇਸ਼ ਵਿਆਪੀ ਮਾਡਲ ’ਤੇ ਨਿਰਭਰ ਨਹੀਂ ਰਹਿ ਸਕਦੇ, ਸਗੋਂ ਉਨ੍ਹਾਂ ਨੂੰ ਤਿੰਨ ਮੁੱਖ ਢਾਂਚਾਗਤ ਪਹਿਲੂਆਂ ’ਤੇ ਕੰਮ ਕਰਨਾ ਪਵੇਗਾ।

ਡਾ. ਕਾਦੀਆਨ ਨੇ ਪਹਿਲਾ ਮੁੱਦਾ ਆਰਥਿਕ ਸੰਕੇਤਾਂ ਅਤੇ ਪ੍ਰੋਤਸਾਹਨਾਂ ਦੀ ਰੀ-ਇੰਜੀਨੀਅਰਿੰਗ ਦਾ ਉਠਾਇਆ। ਉਨ੍ਹਾਂ ਦੱਸਿਆ ਕਿ ਜਦੋਂ ਤੱਕ ਤਾਜ਼ਾ ਧਰਤੀ ਹੇਠਲਾ ਪਾਣੀ ਕੱਢਣਾ ਸਸਤਾ ਰਹੇਗਾ ਅਤੇ ਸਾਫ਼ ਕੀਤੇ ਗਏ ਗੰਦੇ ਪਾਣੀ ’ਤੇ ਉੱਚ ਇਲਾਜ ਅਤੇ ਢੋਆ-ਢੁਆਈ ਦੀ ਲਾਗਤ ਦਾ ਬੋਝ ਰਹੇਗਾ, ਤਦ ਤੱਕ ਚੱਕਰਵਾਤੀ ਪਾਣੀ ਦੀ ਵਰਤੋਂ ਡਿਫਾਲਟ ਵਿਕਲਪ ਨਹੀਂ ਬਣ ਸਕੇਗੀ। ਇਸ ਲਈ ਵਪਾਰਕ ਅਤੇ ਉਦਯੋਗਿਕ ਪਾਣੀ ਦੀ ਨਿਕਾਸੀ ’ਤੇ ਟੈਰਿਫ਼ ਅਤੇ ਧਰਤੀ ਹੇਠਲੇ ਪਾਣੀ ਦੇ ਸੈੱਸ ਅਤੇ ਭੂਜਲ ਉਪਕਰ ਨੂੰ ਵਧਾਉਣ ਦੀ ਲੋੜ ਹੈ। ਨਾਲ ਹੀ, ਸਾਰੇ ਕੰਮਾਂ ਲਈ ਮਹਿੰਗੇ ਤ੍ਰਤੀਯਕ ਇਲਾਜ ਮਾਪਦੰਡਾਂ ਨੂੰ ਲਾਜ਼ਮੀ ਬਣਾਉਣ ਤੋਂ ਬਚਦੇ ਹੋਏ ਉਦੇਸ਼ ਦੇ ਅਨੁਕੂਲ (Fit-for-Purpose) ਗੁਣਵੱਤਾ ਮਾਪਦੰਡਾਂ ਨੂੰ ਅਪਣਾਉਣਾ ਚਾਹੀਦਾ ਹੈ ਤਾਂ ਜੋ ਸ਼ਹਿਰੀ ਹਰੇ ਖੇਤਰਾਂ, ਨਿਰਮਾਣ, ਅਖਾਦ ਫ਼ਸਲਾਂ ਦੀ ਸਿੰਜਾਈ ਅਤੇ ਝੀਲਾਂ ਦੇ ਪੁਨਰ-ਸੁਰਜੀਤੀ ਵਿੱਚ ਸੈਕੰਡਰੀ-ਸਾਫ਼ ਕੀਤੇ ਪਾਣੀ ਦੀ ਵਰਤੋਂ ਵਧਾਈ ਜਾ ਸਕੇ।

ਇਸ ਤੋਂ ਇਲਾਵਾ ਢੋਆ-ਢੁਆਈ ਪਾਈਪਲਾਈਨਾਂ ਲਈ ਵਾਇਬਿਲਿਟੀ ਗੈਪ ਫੰਡਿੰਗ (VGF) ਅਤੇ ਪ੍ਰਥਮਕਿਤਾ ਵਾਲੇ ਕਰਜ਼ੇ ਵਰਗੇ ਉਪ ਉਪਾਅ ਕੀਤੇ ਜਾਣੇ ਚਾਹੀਦੇ ਹਨ। ਦੂਜੇ ਪਹਿਲੂ ਵਿੱਚ ਉਨ੍ਹਾਂ ਵੱਖ-ਵੱਖ ਰਾਜਾਂ ਦੇ ਸਫਲ ਮਾਡਲਾਂ ਤੋਂ ਸਿੱਖਣ ਦੀ ਗੱਲ ਕਹੀ।

ਨਾਗਪੁਰ ਅਤੇ ਚੇਨਈ ਦੇ ਪੀ.ਪੀ.ਪੀ. ਐਂਕਰ-ਆਫਟੇਕਰ ਮਾਡਲ ਨੇ ਦਿਖਾਇਆ ਹੈ ਕਿ ਉਦਯੋਗਿਕ ਮੰਗ ਦੀ ਵਰਤੋਂ ਕਰਕੇ ਸੀਵਰੇਜ ਨੂੰ ਨਗਰਪਾਲਿਕਾ ਦੇ ਮਾਲੀਏ (ਰੈਵੇਨਿਊ) ਦਾ ਸਰੋਤ ਬਣਾਇਆ ਜਾ ਸਕਦਾ ਹੈ।

ਪੰਜਾਬ ਦੀਆਂ ਮੁੱਖ ਫ਼ਸਲਾਂ 1

# ਬੱਲੀਏ ਕਣਕ ਦੀਏ



*ਪੰਜਾਬ 'ਚ ਕਣਕ ਸਭ ਤੋਂ ਵਧ ਰਕਬੇ 'ਚ ਬੀਜੀ ਜਾਂਦੀ ਹੈ। ਦੂਜਾ ਸਥਾਨ ਝੋਨੇ ਦਾ, ਤੀਜਾ ਕਪਾਹ-ਨਰਮੇ ਦਾ ਹੈ। ਚੌਥਾ ਗੰਨੇ ਦਾ, ਪੰਜਵਾਂ ਮੱਕੀ ਤੇ ਛੇਵਾਂ ਬਾਜਰੇ ਦਾ ਹੈ। ਆਓ, ਕਣਕ ਬਾਰੇ ਬੁਨਿਆਦੀ ਜਾਣਕਾਰੀ ਪ੍ਰਾਪਤ ਕਰੀਏ...*

• ਡਾ. ਰਣਜੀਤ ਸਿੰਘ

ਪੰਜਾਬ ਇਕ ਖੇਤੀ ਪ੍ਰਧਾਨ ਸੂਬਾ ਹੈ। ਇਥੋਂ ਦੇ ਲੋਕਾਂ ਦਾ ਮੁੱਖ ਕਿੱਤਾ ਖੇਤੀ ਹੈ। ਇਥੋਂ ਦੀ ਲਗਭਗ ਸਾਰੀ ਧਰਤੀ ਹੀ ਸੇਂਜੂ ਹੈ ਤੇ ਇਥੇ ਕੁਦਰਤ ਦੇ ਸਾਰੇ ਮੌਸਮਾਂ ਦਾ ਆਗਮਨ ਹੁੰਦਾ ਹੈ। ਪੰਜਾਬ ਦੀ ਸਾਰੀ ਧਰਤੀ ਦੋ ਫ਼ਸਲੀ ਹੈ, ਭਾਵ ਇਕ ਖੇਤ ਵਿੱਚੋਂ ਸਾਲ 'ਚ ਘੱਟੋ ਘੱਟ ਦੋ ਫ਼ਸਲਾਂ ਲਈਆਂ ਜਾਂਦੀਆਂ ਹਨ। ਇਸ ਫ਼ਸਲ ਚੱਕਰ ਨੂੰ ਦੋ ਖੇਤੀ ਮੌਸਮਾਂ ਵਿਚ ਵੰਡਿਆ ਗਿਆ ਹੈ-ਸਾਉਣੀ ਅਤੇ ਹਾੜ੍ਹੀ। ਹਾੜ੍ਹੀ ਦੀ ਬਿਜਾਈ ਅਕਤੂਬਰ-ਨਵੰਬਰ 'ਚ ਕੀਤੀ ਜਾਂਦੀ ਹੈ ਤੇ ਸਾਉਣੀ ਦੀਆਂ ਫ਼ਸਲਾਂ ਦੀ ਬਿਜਾਈ ਜੂਨ-ਜੁਲਾਈ 'ਚ ਕੀਤੀ ਜਾਂਦੀ ਹੈ। ਕਾਸ਼ਤ ਹੇਠ ਰਕਬੇ ਦੇ ਹਿਸਾਬ ਨਾਲ ਪੰਜਾਬ ਵਿਚ ਕਣਕ ਸਭ ਤੋਂ ਵੱਧ ਰਕਬੇ ਵਿਚ ਬੀਜੀ ਜਾਂਦੀ ਹੈ

ਕਣਕ ਪੰਜਾਬ ਦੀ ਮੁੱਖ ਫ਼ਸਲ ਹੈ। ਪੰਜਾਬ ਵਿਚ ਕਣਕ ਹੇਠ ਲਗਪਗ 35 ਲੱਖ ਹੈਕਟਰ ਰਕਬਾ ਹੈ। ਪੰਜਾਬ ਵਿਚ 1950-51 ਦੌਰਾਨ ਸਿਰਫ਼ 10 ਲੱਖ ਟਨ ਕਣਕ ਪੈਦਾ ਹੁੰਦੀ ਸੀ, ਜੋ ਪਿਛਲੇ ਸਾਲ 51 ਲੱਖ ਟਨ ਪੈਦਾ ਹੋਈ ਸੀ। ਦੇਸ਼ ਵਿਚ ਅਨਾਜ ਦੀ ਥੁੜ੍ਹ ਨੂੰ ਵੇਖਦਿਆਂ ਇਸ ਉੱਤੇ ਖੋਜ ਕਾਰਜ ਸ਼ੁਰੂ ਕੀਤੇ ਗਏ। ਸਭ ਤੋਂ ਪਹਿਲੀ ਸੁਧਰੀ ਕਿਸਮ ਸੀ-591 ਸੀ, ਜਿਹੜੀ ਚੌਧਰੀ ਰਾਮ ਧੰਨ ਸਿੰਘ ਨੇ ਵਿਕਸਤ ਕੀਤੀ ਸੀ। ਇਸ ਨੂੰ ਲੋਕਾਂ ਵੱਲੋਂ ਬਹੁਤ ਪਸੰਦ ਕੀਤਾ ਗਿਆ ਤੇ ਇਸ ਨੂੰ ਫਾਰਮੀ ਕਣਕ ਵੀ ਆਖਿਆ ਜਾਣ ਲੱਗਾ। ਕਣਕ ਦੀ ਪੈਦਾਵਾਰ 'ਚ ਚਮਤਕਾਰੀ ਵਾਧਾ ਉਦੋਂ ਹੋਇਆ, ਜਦੋਂ ਮੈਕਸੀਕੋ ਸਥਿਤ ਅੰਤਰਰਾਸ਼ਟਰੀ ਖੋਜ ਕੇਂਦਰ ਵਿਖੇ ਵੱਧ ਝਾੜ ਦੇਣ ਵਾਲੀਆਂ ਮਧਰੀਆਂ ਕਿਸਮਾਂ ਵਿਕਸਤ ਕੀਤੀਆਂ ਗਈਆਂ। ਇਕ ਦਹਾਕੇ ਵਿਚ ਹੀ ਕਣਕ ਦੀ ਪੈਦਾਵਾਰ ਦੁੱਗਣੀ ਤੋਂ ਵਧ ਗਈ ਤੇ ਇਸ ਨੂੰ 'ਹਰੇ ਇਨਕਲਾਬ' ਦਾ ਨਾਂ ਦਿੱਤਾ ਗਿਆ। ਪਹਿਲੀਆਂ ਕਿਸਮਾਂ ਦੇ ਦਾਣੇ ਲਾਲ ਤੇ ਆਕਾਰ ਛੋਟਾ ਸੀ, ਜਿਸ ਨੂੰ ਬਹੁਤਾ ਪਸੰਦ ਨਹੀਂ ਕੀਤਾ ਗਿਆ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਵਿਗਿਆਨੀ ਡਾ. ਦਿਲਬਾਗ ਸਿੰਘ ਅਟਵਾਲ ਨੇ ਇਸ ਵਿਚ ਸੁਧਾਰ ਕਰ ਕੇ 'ਕਲਿਆਣ ਸੋਨਾ' ਨਾਂ ਦੀ ਕਿਸਮ ਵਿਕਸਤ ਕੀਤੀ, ਜਿਸ ਨੂੰ ਕਿਸਾਨਾਂ ਨੇ ਤੇਜ਼ੀ ਨਾਲ ਅਪਣਾਇਆ। ਜਦੋਂ ਇਹ ਕਿਸਮ ਕਮਜ਼ੋਰ ਪੈਣ ਲਗੀ ਤਾਂ ਡਾ. ਖੇਮ ਸਿੰਘ ਗਿੱਲ ਨੇ ਇਕ ਨਵੀਂ ਕਿਸਮ ਪੀਬੀਡਬਲਿਊ 711 ਵਿਕਸਤ ਕੀਤੀ। ਇਸ ਦੀ ਕਾਸ਼ਤ ਕੇਵਲ ਭਾਰਤ 'ਚ ਹੀ ਨਹੀਂ ਸਗੋਂ ਗੁਆਂਢੀ ਦੇਸ਼ਾਂ ਵਿਚ ਵੀ ਕੀਤੀ ਗਈ। ਖੇਤੀ ਖੋਜ ਨੂੰ ਉਤਸ਼ਾਹਿਤ ਕਰਨ ਲਈ ਉਦੋਂ ਦੇ ਵਾਈਸ ਚਾਂਸਲਰ ਡਾ. ਮਹਿੰਦਰ ਸਿੰਘ ਰੰਧਾਵਾ ਨੂੰ ਸਰਕਾਰ ਵੱਲੋਂ 'ਪਦਮ ਭੂਸ਼ਣ' ਨਾਲ ਸਨਮਾਨਿਆ ਗਿਆ। ਇਸ ਖੋਜ ਨੂੰ ਕਿਸਾਨਾਂ ਤਕ ਪਹੁੰਚਾਉਣ ਲਈ ਉਦੋਂ ਦੇ ਡਾਇਰੈਕਟਰ ਪਸਾਰ ਸਿੱਖਿਆ ਡਾ. ਕੇ ਕ੍ਰਿਪਾਲ ਸਿੰਘ ਨੂੰ 'ਪਦਮਸ਼੍ਰੀ' ਨਾਮ ਸਨਮਾਨਿਤ ਕੀਤਾ ਗਿਆ। ਕਣਕ ਦੀ ਉਪਜ ਨੂੰ ਅਗਲਾ ਮੋੜ ਡਾ. ਗੋਵਿੰਦਰ ਸਿੰਘ ਨੰਦਾ ਵੱਲੋਂ ਵਿਕਸਤ ਕੀਤੀ ਕਿਸਮ ਪੀਬੀਡਬਲਿਊ 343 ਨੇ ਦਿੱਤਾ। ਉਸ ਪਿੱਛੋਂ ਕੁਝ ਸਮੇਂ ਲਈ ਖੋਜ ਵਿਚ ਢਿੱਲ ਆਈ ਤੇ ਕਿਸਾਨਾਂ ਨੇ ਗੈਰ-ਪ੍ਰਮਾਣਿਤ ਕਿਸਮਾਂ ਦੀ ਬਿਜਾਈ ਸ਼ੁਰੂ ਕਰ ਦਿੱਤੀ। ਇਸ ਨਾਲ ਉਨ੍ਹਾਂ ਨੂੰ ਨੁਕਸਾਨ ਵੀ ਝੱਲਣਾ ਪਿਆ। ਪਿਛਲੇ ਵਰ੍ਹੇ ਕਣਕ ਦੀਆਂ ਨਵੀਆਂ ਕਿਸਮਾਂ ਪੀਬੀਡਬਲਿਈ 677 ਤੇ ਪੀਬੀਡਬਲਿਊ 725 ਦਿੱਤੀਆਂ ਗਈਆਂ ਹਨ।

ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਦੇਵ ਸਿੰਘ ਢਿੱਲੋਂ ਦੇ ਯਤਨਾਂ ਸਦਕਾ ਕਿਸਾਨ ਹੁਣ ਪ੍ਰਮਾਣਿਤ ਕਿਸਮਾਂ ਦੀ ਕਾਸ਼ਤ ਵੱਲ ਮੁੜੇ ਹਨ। ਪਿਛਲੇ ਚਾਰ ਦਹਾਕਿਆਂ ਤੋਂ ਪੰਜਾਬ ਦੇਸ਼ ਦੇ ਅੰਨ ਭੰਡਾਰ ਵਿਚ ਕਣਕ ਦਾ 60 ਫ਼ੀਸਦੀ ਹਿੱਸਾ ਪਾ ਰਿਹਾ ਹੈ ਤੇ ਦੇਸ਼ ਦਾ ਅੰਨਦਾਤਾ ਕਹਾਉਂਦਾ ਹੈ। ਇਸ ਲਈ ਭਾਵੇਂ ਪੰਜਾਬ ਨੂੰ ਆਪਣੇ ਪਾਣੀ ਤੇ ਧਰਤੀ ਦੀ ਕੁਰਬਾਨੀ ਦੇਣੀ ਪਈ ਹੈ। ਕਿਸਾਨ ਵਿਸਾਖ ਮਹੀਨੇ ਦੇ ਪਹਿਲੇ ਦਿਨ ਨੂੰ ਵਿਸਾਖੀ ਦੇ ਨਾਂ ਹੇਠ ਤਿਉਹਾਰ ਦੇ ਰੂਪ 'ਚ ਮਨਾਉਂਦੇ ਹਨ ਤੇ ਆਪਣੀ ਫ਼ਸਲ ਨੂੰ ਦਾਤੀ ਲਗਾਉਂਦੇ ਹਨ। ਹੁਣ ਭਾਵੇਂ ਕਣਕ ਦੀ ਵਾਢੀ ਕੰਬਾਈਨ ਨਾਲ ਹੋਣ ਲੱਗ ਪਈ ਹੈ ਪਰ ਦਾਤੀ ਲਗਾਉਣ ਨੂੰ ਸ਼ੁੱਭ ਸ਼ਗਨ ਮੰਨਿਆ ਜਾਂਦਾ ਹੈ।ਇਸੇ ਲਈ ਵਿਸਾਖੀ ਨੂੰ ਸ਼ੁੱਭ ਤਿਉਹਾਰ ਮੰਨਿਆ ਜਾਂਦਾ ਹੈ। •

***ਮੋਬਾਈਲ 94170-87328***

# ਕਿਉਂ ਜ਼ਰੂਰੀ ਹੈ ਬੀਟੀ ਸਰ੍ਹੋਂ ਦਾ ਵਿਰੋਧ ?



• ਡਾ. ਅਜੀਤ ਪਾਲ ਸਿੰਘ ਐੱਮਡੀ

ਦੇਸ਼ ਅੰਦਰ ਜਿਨਸੀ ਸੋਧ (ਜੈਨੇਟੀਕੀਲੀ ਮੋਡੀਫਾਈਡ) ਜ਼ਰੀਏ ਤਿਆਰ ਕੀਤੀ ਗਈ ਬੀਟੀ ਸਰ੍ਹੋਂ ਦੀ ਵਪਾਰਕ ਖੇਤੀ ਲਈ ਰਾਹ ਪੱਧਰਾ ਹੋ ਗਿਆ ਹੈ। ਦਿੱਲੀ ਦੇ ਇਕ ਅਦਾਰੇ ਵਲੋਂ ਜੈਨੇਟੀਕਲੀ ਮੋਡੀਫਾਈਡ ਬੀਟੀ ਸਰ੍ਹੋਂ ਦੀ ਵਪਾਰਕ ਪੈਦਾਵਾਰ ਖਾਤਰ ਅਰਜ਼ੀ ਨੂੰ ਜੀਈਏਸੀ (ਜੈਨੇਟਿਕ ਇੰਜਨੀਰਿੰਗ ਅਪ੍ਰੇਜ਼ਲ ਕਮੇਟੀ) ਵੱਲੋਂ 11 ਮਈ ਨੂੰ ਮੰਜ਼ੂਰੀ ਦੇ ਦਿੱਤੀ ਗਈ ਹੈ। ਜੀਈਏਸੀ ਜੈਵ ਤਕਨੀਕ ਸਬੰਧੀ ਅਤੇ ਜੈਵ ਪ੍ਰੀਵਰਤਿਤ ਜੀਵਾਂ ਸਬੰਧੀ ਦੇਸ਼ ਦੀ ਸਭ ਤੋਂ ਵੱਡੀ ਰੈਗੂਲੇਟਰੀ ਸੰਸਥਾ ਹੈ। ਇਹ ਸੰਸਥਾ ਦੇਸ਼ ਵਿਚ ਵਾਤਾਵਰਨ ਮੰਤਰਾਲੇ ਅਧੀਨ ਕੰਮ ਕਰਦੀ ਹੈ।

## ਮਾਰੂ ਬਿਮਾਰੀਆਂ ਨੂੰ ਸੱਦਾ

ਇਨ੍ਹਾਂ ਫ਼ਸਲਾਂ ਦੇ ਪਸ਼ੂਆਂ ਅਤੇ ਹੋਰ ਜੀਵਾਂ ਉੱਪਰ ਕੀਤੇ ਗਏ ਤਜਰਬੇ ਤਸੱਲੀਬਖ਼ਸ਼ ਰਹਿਣੇ ਤਾਂ ਦੂਰ, ਬਲਕਿ ਗੰਭੀਰ ਰੂਪ 'ਚ ਹਾਨੀਕਾਰਕ ਸਿੱਧ ਹੋਏ ਹਨ। ਇਨ੍ਹਾਂ ਫ਼ਸਲਾਂ ਦੇ ਚੂਹਿਆਂ ਉੱਪਰ ਕੀਤੇ ਗਏ ਤਜ਼ਰਬਿਆਂ ਵਿਚ ਗੁਰਦੇ, ਜਿਗਰ ਦੇ ਖ਼ਰਾਬ ਹੋਣ ਕਰਕੇ ਹਾਰਮੋਨ ਸੰਤੁਲਨ ਵਿਗੜਨ ਤੇ ਟਿਊਮਰ ਕੈਂਸਰ ਵਰਗੀਆਂ ਬਿਮਾਰੀਆਂ ਪ੍ਰਗਟ ਹੋਈਆਂ ਹਨ। ਸੂਰਾਂ ਵਿਚ ਬੱਚੇਦਾਨੀ ਦਾ ਵਾਧਾ ਦਰਜ ਕੀਤਾ ਗਿਆ ਹੈ। ਇਨ੍ਹਾਂ ਫ਼ਸਲਾਂ ਦੇ ਨਾਲ ਰਸਾਇਣਾਂ ਕਰਕੇ ਕੈਂਸਰ ਤੇ ਅਲਜਾਈਮਰ ਵਰਗੀਆਂ ਮਾਰੂ ਬਿਮਾਰੀਆਂ 'ਚ ਵਾਧਾ ਹੋਇਆ ਹੈ।

ਭਾਰਤ ਵਿਚ ਬੀਟੀ ਸਰ੍ਹੋਂ ਸਮੇਤ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਵਿਰੁੱਧ ਜੋ ਘੋਲ ਚੱਲ ਰਿਹਾ ਹੈ, ਉਸ ਵਿਚ ਨਾ ਸਿਰਫ ਸਰਗਰਮ ਸਮਾਜਕ ਕਾਰਕੁੰਨ ਸ਼ਾਮਲ ਹਨ ਬਲਕਿ ਵੱਡੀ ਪੱਧਰ 'ਤੇ ਵਿਗਿਆਨੀ ਅਤੇ ਬੁੱਧੀਜੀਵੀ ਵੀ ਸ਼ਾਮਲ ਹਨ। ਇਥੋਂ ਤਕ ਕਿ ਜੈਵ ਪ੍ਰੀਵਰਤਿਤ ਖੇਤ ਦਾ ਰਾਹ ਪੱਧਰਾ ਕਰਨ ਵਾਲੀ ਭਾਜਪਾ ਸਰਕਾਰ ਦੇ ਕੁਝ ਸਹਿਯੋਗੀ ਸੰਗਠਨ ਵੀ ਇਸਦਾ ਵਿਰੋਧ ਕਰ ਰਹੇ ਹਨ। ਸੰਘ ਪਰਿਵਾਰ ਦਾ ਇਹ ਦੋਗਲਾਪਨ ਕਾਰਪੋਰੇਟ ਹਿੱਤਾਂ ਅਤੇ ਲੋਕ ਭਾਵਨਾ ਦਰਮਿਆਨ ਆਪਣੀ ਬਾਜ਼ੀਗਰੀ ਨਾਲ ਲੋਕ-ਰੋਹ ਨੂੰ ਆਪਣੇ ਪਿੱਛੇ ਲਾਮਬੱਧ ਕਰ ਕੇ ਠੰਢਾ ਛਿੜਕਣ ਅਤੇ ਹੌਲੀ-ਹੌਲੀ ਬੇਅਸਰ ਕਰਨ ਲਈ ਹੀ ਹੈ।

## ਵਾਤਾਵਰਨ ਲਈ ਗੰਭੀਰ ਖ਼ਤਰੇ

ਬੀਟੀ ਕੌਟਨ ਅਤੇ ਬੀਟੀ ਸਰ੍ਹੋਂ ਵਰਗੀਆਂ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਬਾਰੇ ਦੇਸ਼ ਅੰਦਰ ਵੱਡੇ ਪੱਧਰ 'ਤੇ ਜ਼ੋਰਦਾਰ ਢੰਗ ਨਾਲ ਵਿਰੋਧ ਕੀਤਾ ਜਾ ਰਿਹਾ ਹੈ। ਇਸ ਵਿਰੋਧ ਦਾ ਮੁੱਖ ਕਾਰਨ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਦੇ ਮਨੁੱਖੀ ਸਿਹਤ ਉੱਪਰ ਪੈਣ ਵਾਲੇ ਮਾੜੇ ਅਸਰ ਹਨ। ਦੁਨੀਆਂ ਵਿਚ ਫਰਾਂਸ, ਜਰਮਨੀ, ਨੀਦਰਲੈਂਡ, ਗਰੀਸ ਸਮੇਤ ਯੂਰਪ ਦੇ 28 ਦੇਸ਼ਾਂ ਅਤੇ ਏਸ਼ੀਆ, ਅਫ਼ਰੀਕਾ ਤੇ ਲਾਤੀਨੀ ਅਮਰੀਕਾ ਸਮੇਤ ਦੁਨੀਆਂ ਦੇ 38 ਦੇਸ਼ਾਂ ਵਿਚ ਜੈਵ ਪ੍ਰੀਵਰਤਿਤ (ਜੀਐੱਮ) ਫ਼ਸਲਾਂ ਦੇ ਮਨੁੱਖ ਸਮੇਤ ਜੀਵਗਤ ਪਾਰਸਿਥਿਤਕ ਤਾਣੇ-ਬਾਣੇ (ਈਕੋ ਸਿਸਟਮ) ਸਮੇਤ ਵਾਤਾਵਰਨ 'ਤੇ ਪੈਣ ਵਾਲੇ ਗੰਭੀਰ ਅਸਰ ਰਹੇ ਹਨ।

## ਤਬਾਹੀ ਦਾ ਸੁਨਹਿਰੀ ਜਾਲ

ਭਾਰਤ ਵਿਚ ਬੀਟੀ ਕੌਟਨ ਕਾਰਨ ਕ੍ਰਿਸ਼ਨਾ-ਗੋਦਾਵਰੀ ਬੇਸਿਨ ਤੋਂ ਲੈ ਕੇ ਵਿਦਰਭ ਤਕ ਲੱਖਾਂ ਕਿਸਾਨਾਂ ਨੇ ਪਿਛਲੇ 2-3 ਦਹਾਕਿਆਂ ਦੌਰਾਨ ਆਤਮ ਹੱਤਿਆਵਾਂ ਕੀਤੀਆਂ ਹਨ। ਜੀਐੱਮ ਫ਼ਸਲਾਂ ਭਾਰਤ ਦੇ ਗ਼ਰੀਬ ਕਿਸਾਨਾਂ ਲਈ ਬ੍ਰਿਟਿਸ਼ ਕਾਲ ਵਿਚ 'ਨੀਲ ਦੀ ਖੇਤੀ' ਵਰਗੀ ਭਿਆਨਕ ਤ੍ਰਾਸਦੀ ਸਾਬਤ ਹੋਈ ਹੈ। ਜੀਐੱਮ ਖੇਤੀ ਤੋਂ ਫ਼ਾਇਦਾ ਸਿਰਫ ਵੱਡੇ ਵਪਾਰੀਆਂ, ਵੱਡੇ ਕਿਸਾਨਾਂ ਤੇ ਬਹੁਕੌਮੀ ਨਿਗਮਾ ਨੂੰ ਹੋਣਾ ਹੈ। ਗ਼ਰੀਬ ਕਿਸਾਨਾਂ ਲਈ ਤਾਂ ਇਹ ਮੌਤ ਤੇ ਤਬਾਹੀ ਦਾ ਸੁਨਹਿਰੀ ਜਾਲ ਹੈ।

ਅੱਜ ਸਾਮਰਾਜੀ ਦੇਸ਼ਾਂ ਦੇ ਪੱਖੀ ਨਿਗਮਾਂ ਵੱਲੋਂ ਪੱਛੜੇ ਮੁਲਕਾਂ ਦੇ ਜੈਵਿਕ ਵਸੀਲਿਆਂ, ਫ਼ਸਲਾਂ ਤੇ ਬੀਜਾਂ ਨੂੰ ਆਪਣੇ ਏਜੰਡੇ ਤਹਿਤ ਕੰਟਰੋਲ ਕਰਨ, ਮੁਨਾਫ਼ਾ ਵੱਟਣ ਤੇ ਉਨ੍ਹਾਂ ਉੱਪਰ ਕਬਜ਼ਾ ਕਰਨ ਲਈ ਅਨੁਵਾਂਸ਼ਿਕ ਵਿਗਿਆਨ (ਜੈਨੇਟਿਕ ਸਾਇੰਸ) ਦੀ ਵਰਤੋਂ ਵੱਡੀ ਪੱਧਰ 'ਤੇ ਕੀਤੀ ਜਾ ਰਹੀ ਹੈ। ਇਸ ਘਟਨਾਕ੍ਰਮ ਨੂੰ 'ਜੈਵ ਸਾਮਰਾਜਵਾਦ' ਦਾ ਨਾਂ ਦਿੱਤਾ ਜਾ ਸਕਦਾ ਹੈ। ਅਜਿਹੇ ਵਿਚ ਆਪਣੇ ਦੇਸ਼ 'ਚ ਜੈਵ ਵਸੀਲਿਆਂ ਦੀ ਰਾਖੀ ਦੇ ਨਾਲ ਗ਼ਰੀਬ ਤੇ ਛੋਟੇ ਕਿਸਾਨਾਂ ਨੂੰ ਭਿਆਨਕ ਤਬਾਹੀ ਦਾ ਸਬੱਬ ਬਣਨ ਵਾਲੀ ਜੀਐੱਮ ਖੇਤੀ ਦਾ ਵਿਰੋਧ ਕਰਨ ਬੇਹੱਦ ਜ਼ਰੂਰੀ ਹੈ। •

***ਮੋਬਾਈਲ 98156-29301***




### ਜੀਐੱਮ ਸਰ੍ਹੋਂ ਨੂੰ ਮੰਜ਼ੂਰੀ ਆਖ਼ਰੀ ਪੜਾਅ 'ਤੇ

*ਬੀਟੀ ਸਰ੍ਹੋਂ ਦੀ ਇਸ ਜੈਵ ਪ੍ਰੀਵਰਤਿਤ (ਜੀਐੱਮ) ਪ੍ਰਜਾਤੀ ਦਾ ਨਾਂ ਡੀਐੱਮਐੱਚ-11 ਹੈ। ਇਸ ਦਾ ਵਿਕਾਸ ਦਿੱਲੀ ਯੂਨੀਵਰਸਿਟੀ ਅਧੀਨ ਆਉਣ ਵਾਲੇ 'ਸੈਂਟਰ ਫਾਰ ਜੈਨੇਟਿਕ ਮੈਨੀਪੁਲੇਸ਼ਨ ਆਫ ਕਰੋਪ ਪਲਾਂਟ' ਨੇ ਕੀਤਾ ਹੈ। ਬੀਟੀ ਸਰ੍ਹੋਂ ਨੂੰ ਵਪਾਰਕ ਪੈਦਾਵਾਰ ਲਈ ਆਖ਼ਰੀ ਮੰਜ਼ੂਰੀ ਵਾਤਾਵਰਨ ਤੋਂ ਮਿਲਣੀ ਹੈ ਅਤੇ ਇਸ ਸਬੰਧੀ ਜੀਈਏਸੀ ਦੀਆਂ ਸਿਫਾਰਸ਼ਾਂ ਵਾਤਾਵਰਣ ਮੰਤਰੀ ਅਨਿਲ ਮਾਧਵ ਦਵੇ ਕੋਲ ਪਹੁੰਚ ਚੁਕੀਆਂ ਹਨ। ਇਸ ਤਰ੍ਹਾਂ ਬੀਟੀ ਸਰ੍ਹੋਂ ਪੈਦਾਵਾਰ ਦੀ ਮੰਜ਼ੂਰੀ ਦੇ ਆਖ਼ਰੀ ਪੜਾਅ ਵਿਚ ਹੈ ਅਤੇ ਇਹ ਪ੍ਰਕਿਰਿਆ ਉਸ ਪੜਾਅ 'ਤੇ ਪਹੁੰਚ ਗਈ ਹੈ ਜਿੱਥੇ 7 ਸਾਲ ਪਹਿਲਾਂ ਬੀਟੀ ਬੈਂਗਣ ਸੀ। ਬੀਟੀ ਬੈਂਗਣ ਨੂੰ ਮੰਜ਼ੂਰੀ ਦੇ ਆਖ਼ਰੀ ਪੜਾਅ 'ਚ ਉਸ ਵੇਲੇ ਦੇ ਵਾਤਾਵਰਨ ਮੰਤਰੀ ਰਮੇਸ਼ ਵਲੋਂ ਖਾਰਜ ਕਰ ਦਿੱਤਾ ਗਿਆ ਸੀ ਪਰ ਬੀਟੀ ਸਰ੍ਹੋਂ ਦੇ ਮਾਮਲੇ 'ਚ ਰਸਤਾ ਪੱਧਰਾ ਮੰਨਿਆ ਜਾ ਰਿਹਾ ਹੈ ਕਿਉਂਕਿ ਭਾਜਪਾ ਸਰਕਾਰ ਇਸ ਨੂੰ ਮੰਜ਼ੂਰੀ ਦੇਣ ਦੇ ਮੂਡ ਵਿਚ ਵਿਖਾਈ ਦੇ ਰਹੀ ਹੈ।*



### ਖੇਤੀ ਖੇਤਰ ਦੀ ਬੇਕਿਰਕ ਲੁੱਟ

*ਸਿਹਤ ਕਾਰਨਾਂ ਤੋਂ ਵੀ ਵੱਧ ਬੀਟੀ ਬੈਂਗਣ, ਬੀਟੀ, ਕੌਟਨ ਤੇ ਬੀਟੀ ਸਰ੍ਹੋਂ ਸਮੇਤ ਜੈਵ ਪ੍ਰੀਵਰਤਿਤ (ਜੀਐੱਮ) ਖੇਤੀ ਦੀ ਬੁਨਿਆਦ ਵਿਚ ਮੁੱਖ ਮਕਸਦ ਦੇਸੀ-ਵਿਦੇਸ਼ੀ ਪੂੰਜੀ ਵੱਲੋਂ ਖੇਤੀ ਖੇਤਰ ਦੀ ਬੇਕਿਰਕ ਲੁੱਟ ਲਈ ਰਾਹ ਖੋਲ੍ਹਣਾ ਹੈ। ਇਹ ਫ਼ਸਲਾਂ ਵੱਧ ਲਾਗਤ ਮੁੱਲ ਦੀ ਮੰਗ ਕਰਦੀਆਂ ਹਨ। ਵੱਧ ਪੈਦਾਵਾਰ ਦੇ ਲਾਲਚ ਵਿਚ ਕਿਸਾਨ ਇਨ੍ਹਾਂ ਫ਼ਸਲਾਂ ਦੇ ਬੀਜਾਂ ਦੇ ਚੱਕਰ 'ਚ ਪਏ ਰਹਿੰਦੇ ਹਨ। ਇਸ ਨਾਲ ਇਨ੍ਹਾਂ 'ਤੇ ਲਗਣ ਵਾਲੇ ਕੀੜਿਆਂ ਤੇ ਨਾਲ ਹੀ ਪੈਦਾ ਹੋਣ ਵਾਲੇ ਨਦੀਨਾਂ ਨੂੰ ਨਸ਼ਟ ਕਰਨ ਲਈ ਗ਼ਰੀਬ ਕਿਸਾਨਾਂ ਨੂੰ ਬਹੁਕੌਮੀ ਕੰਪਨੀਆਂ ਦੇ ਮਹਿੰਗੇ ਕੀਟ ਨਾਸ਼ਕ ਤੇ ਨਦੀਨ ਨਾਸ਼ਕ ਲੈਣੇ ਪੈਂਦੇ ਹਨ। ਇਸ ਨਾਲ ਇਨ੍ਹਾਂ ਫ਼ਸਲਾਂ 'ਤੇ ਹੱਲਾ ਕਰਨ ਵਾਲੇ ਕੀੜਿਆਂ ਨੂੰ ਨਸ਼ਟ ਕਰਨ ਲਈ ਆਉਂਦੇ ਖ਼ਰਚ ਕਰਨ ਫ਼ਸਲਾਂ ਦੀ ਲਾਗਤ ਲਗਾਤਾਰ ਵੱਧਦੀ ਜਾਂਦੀ ਹੈ। ਪਿੱਛੋਂ ਕਿਸਾਨਾਂ ਲਈ ਇਸ ਮਹਿੰਗੀ ਫ਼ਸਲ ਨੂੰ ਵੇਚਣਾ ਵੀ ਵੱਡੀ ਸਿਰਦਰਦੀ ਬਣ ਜਾਂਦਾ ਹੈ ਅਤੇ ਕਈ ਵਾਰ ਲਾਗਤ ਤੋਂ ਘੱਟ ਫ਼ਸਲਾਂ ਵੇਚਣ, ਕੀੜੇ ਲਗਣ ਅਤੇ ਫ਼ਸਲਾਂ ਖ਼ਰਾਬ ਹੋਣ ਕਰਕੇ ਗ਼ਰੀਬ ਕਿਸਾਨ ਕਰਜ਼ੇ ਵਿਚ ਡੁੱਬ ਕੇ ਨਿਰਾਸ਼ਾ ਵੱਸ ਖ਼ੁਦਕੁਸ਼ੀ ਲਈ ਮਜ਼ਬੂਰ ਹੁੰਦੇ ਹਨ।*

# ਗਾਜਰ ਬੂਟੀ ਖ਼ਤਰਨਾਕ ਨਦੀਨ ਦਾ ਕਿਵੇਂ ਕਰੀਏ ਖ਼ਾਤਮਾ

*ਗਾਜਰ ਬੂਟੀ ਬੇਹੱਦ ਘਾਤਕ ਨਦੀਨ ਹੈ। ਇਸ ਦੇ ਪਰਾਗ ਕਣ ਤੇ ਜ਼ਹਿਰੀਲਾ ਮਾਦਾ ਜਿੱਥੇ ਮਨੁੱਖੀ ਅਤੇ ਪਸ਼ੂਆਂ ਦੀ ਸਿਹਤ ਉੱਪਰ ਮਾੜਾ ਅਸਰ ਪਾਉਂਦਾ ਹੈ, ਉੱਥੇ ਇਹ ਨਦੀਨ ਦੂਸਰੀਆਂ ਫ਼ਸਲਾਂ ਦੀ ਪੈਦਾਵਾਰ ਵਿਚ ਵੀ ਵੱਡੀਆਂ ਅੜਚਨਾਂ ਖੜ੍ਹੀਆਂ ਕਰਦਾ ਹੈ...*



• ਡਾ. ਪ੍ਰਦੀਪ ਕੁਮਾਰ

ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿਚ ਗਾਜਰ ਬੂਟੀ ਜਾਂ ਕਾਂਗਰਸ ਘਾਹ ਨਾਂ ਦੇ ਭੈੜੇ ਨਦੀਨ ਨੇ ਵਿਹਲੀਆਂ ਥਾਵਾਂ 'ਤੇ ਕਾਫੀ ਰਕਬਾ ਮੱਲ ਲਿਆ ਹੈ। ਕਾਂਗਰਸ ਘਾਹ ਦਾ ਤਕਨੀਕੀ ਨਾਂ ਪਾਰਥੀਨੀਅਮ ਹਿਸਟੈਰੋਫੋਰਸ ਹੈ। ਇਹ ਨਦੀਨ ਦੱਖਣੀ ਅਮਰੀਕਾ ਤੋਂ ਭਾਰਤ 'ਚ ਆਇਆ। ਇਹ ਸਭ ਤੋਂ ਪਹਿਲਾਂ ਮੈਕਸੀਕੋ ਤੋਂ ਆਉਣ ਵਾਲੀ ਕਣਕ ਨਾਲ ਮਿਲ ਕੇ ਸਾਡੇ ਦੇਸ਼ ਵਿਚ ਆਇਆ।

ਦੇਸ਼ ਵਿਚ ਇਹ ਸਭ ਤੋਂ ਪਹਿਲਾਂ ਪੂਨਾ (ਮਹਾਂਰਾਸ਼ਟਰ) ਵਿਖੇ ਵਿਹਲੀਆਂ ਥਾਵਾਂ 'ਤੇ ਪਾਇਆ ਗਿਆ। ਇਸ ਤੋਂ ਬਾਅਦ ਇਹ ਨਦੀਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਤੇਜ਼ੀ ਨਾਲ ਫ਼ੈਲਿਆ। ਅੱਜ ਕੱਲ੍ਹ ਇਹ ਨਦੀਨ ਭਾਰਤ ਦੇ ਪਹਾੜੀ ਇਲਾਕਿਆਂ ਨੂੰ ਛੱਡ ਕੇ ਸਾਰੇ ਸੂਬਿਆਂ ਵਿਚ ਪਾਇਆ ਜਾਂਦਾ ਹੈ ਅਤੇ ਮਨੁੱਖ ਤੇ ਪਸ਼ੂਆਂ ਦੀ ਸਿਹਤ ਲਈ ਗੰਭੀਰ ਖ਼ਤਰਾ ਬਣ ਗਿਆ ਹੈ।

## ਗਾਜਰ ਬੂਟੀ ਦੀ ਪਛਾਣ

ਗਾਜਰ ਬੂਟੀ ਇਕ ਲੰਬਾ, ਡੂੰਘੀਆਂ ਜੜ੍ਹਾਂ ਵਾਲਾ ਤੇ ਤੇਜ਼ੀ ਨਾਲ ਫ਼ੈਲਣ ਵਾਲਾ ਨਦੀਨ ਹੈ, ਜੋ ਫੁੱਲਾਂ ਵਾਲੀ ਅਵਸਥਾ ਵਿਚ ਇਕ ਮੀਟਰ ਤਕ ਉੱਚਾ ਹੋ ਜਾਂਦਾ ਹੈ। ਇਸ ਨੂੰ ਛੋਟੇ-ਛੋਟੇ ਚਿੱਟੇ ਰੰਗ ਦੇ ਫੁੱਲ ਲਗਦੇ ਹਨ, ਜੋ ਪੱਕਣ ਉਪਰੰਤ ਖੁੱਲ੍ਹ ਕੇ ਹਜ਼ਾਰਾਂ ਬੀਜਾਂ ਨੂੰ ਹਵਾ 'ਚ ਖਿਲਾਰ ਦਿੰਦੇ ਹਨ। ਇਹ ਬੀਜ ਹਵਾ ਦੇ ਵਹਾਅ ਨਾਲ ਵੱਡੇ ਰਕਬੇ 'ਚ ਫ਼ੈਲ ਜਾਂਦੇ ਹਨ। ਇਸ ਦੇ ਬੂਟੇ ਪ੍ਰਤੀ ਵਰਗ ਮੀਟਰ ਵਿਚ ਕਰੀਬ 1,54,000 ਬੀਜ ਪੈਦਾ ਕਰਦੇ ਹਨ, ਜਦਕਿ ਇਕ ਬੂਟਾ ਕਰੀਬ 15,000 ਤੋਂ 25,000 ਬੀਜ ਪੈਦਾ ਕਰਦਾ ਹੈ। ਇਹ ਬੀਜ ਵਜ਼ਨ ਵਿਚ ਹਲਕੇ ਹੁੰਦੇ ਹਨ, ਜੋ ਪਾਣੀ, ਹਵਾ ਜਾਂ ਕਿਸੇ ਵੀ ਹੋਰ ਹਲਚਲ ਨਾਲ ਅੱਗੇ ਫ਼ੈਲ ਜਾਂਦੇ ਹਨ। ਇਹ ਨਦੀਨ ਆਪਣੇ ਕੱਟੇ-ਵੱਢੇ ਹਿੱਸਿਆਂ ਤੋਂ ਵੀ ਅੱਗੇ ਫ਼ੈਲ ਜਾਂਦਾ ਹੈ। ਇਸ ਨੂੰ ਅਵਾਰਾ ਜਾਨਵਰ ਵੀ ਨਹੀਂ ਚਰਦੇ ਅਤੇ ਇਸ ਉੱਪਰ ਕੀੜਿਆਂ ਤੇ ਬਿਮਾਰੀਆਂ ਦਾ ਹਮਲਾ ਵੀ ਨਾਮਾਤਰ ਹੀ ਹੁੰਦਾ ਹੈ।

## ਗਾਜਰ ਬੂਟੀ ਦਾ ਫ਼ੈਲਾਅ

ਗਾਜਰ ਬੂਟੀ ਬਹੁਤ ਹੀ ਹਮਲਾਵਰ ਤੇ ਤਕੜਾ ਨਦੀਨ ਹੈ, ਜੋ ਸੜਕਾਂ, ਨਹਿਰਾਂ, ਰੇਲਵੇ ਪਟੜੀਆਂ ਦੇ ਨਾਲ-ਨਾਲ, ਸੂਏ-ਕੱਸੀਆਂ ਦੇ ਨਾਲ ਵਿਹਲੀਆਂ ਥਾਵਾਂ ਅਤੇ ਕਈ ਵਾਰੀ ਖੇਤਾਂ ਵਿਚ ਵੀ ਪਾਇਆ ਜਾਂਦਾ ਹੈ। ਕਾਂਗਰਸ ਘਾਹ ਜਿੱਥੇ ਵੀ ਉੱਗਦਾ ਹੈ ਉੱਥੇ ਕਿਸੇ ਹੋਰ ਬੂਟੇ ਨੂੰ ਨਹੀਂ ਉੱਗਣ ਦਿੰਦਾ ਕਿਉਂਕਿ ਇਸ ਦੀਆਂ ਜੜ੍ਹਾਂ ਵਿੱਚੋਂ ਮਿੱਟੀ 'ਚ ਇਕ ਖ਼ਤਰਨਾਕ ਰਸਾਇਣ ਦਾ ਰਿਸਾਅ ਹੁੰਦਾ ਹੈ, ਜੋ ਦੂਜੇ ਬੂਟਿਆਂ ਨੂੰ ਉੱਗਣ ਨਹੀਂ ਦਿੰਦਾ।

ਇਸ ਦਾ ਵਾਧਾ ਫਰਵਰੀ ਅਖ਼ੀਰ ਤੋਂ ਸ਼ੁਰੂ ਹੋ ਕੇ ਅਕਤੂਬਰ ਦੇ ਅੰਤ ਤਕ ਹੁੰਦਾ ਰਹਿੰਦਾ ਹੈ। ਸਭ ਤੋਂ ਤੇਜ਼ ਵਾਧਾ ਜੁਲਾਈ-ਅਗਸਤ ਵਿਚ ਹੁੰਦਾ ਹੈ। ਠੰਢ ਸ਼ੁਰੂ ਹੋਣ ਨਾਲ ਇਸ ਦਾ ਵਾਧਾ ਰੁਕ ਜਾਂਦਾ ਹੈ। •

***ਸੰਪਰਕ 01822-232543***

### ਨੁਕਸਾਨ

*ਇਸ ਨਦੀਨ ਦੇ ਮਨੁੱਖੀ ਅਤੇ ਪਸ਼ੂਆਂ ਦੀ ਸਿਹਤ 'ਤੇ ਬਹੁਤ ਮਾੜੇ ਪ੍ਰਭਾਵ ਪੈਂਦੇ ਹਨ। ਇਸ ਬੂਟੀ ਵਿਚ ਪਾਰਥੈਨਿਨ ਤੇ ਐਂਬਰੋਸਿਨ ਨਾਂ ਦੇ ਖ਼ਤਰਨਾਕ ਰਸਾਇਣ ਹੁੰਦੇ ਹਨ, ਇਸ ਲਈ ਇਸ ਦੇ ਪਰਾਗ ਕਣਾਂ ਦੇ ਸਾਹ ਰਾਹੀਂ ਫ਼ੇਫੜਿਆਂ ਵਿਚ ਜਾਣ ਨਾਲ ਇਨਸਾਨਾਂ ਵਿਚ ਸਾਹ ਨਲੀ ਦੀ ਸੋਜ਼ਿਸ਼, ਦਮਾਂ, ਜ਼ੁਕਾਮ, ਗਰਦਨ ਵਿਚ ਦਰਦ ਅਤੇ ਚਿੰਤਾ ਰੋਗ ਆਦਿ ਬਿਮਾਰੀਆਂ ਹੋ ਸਕਦੀਆਂ ਹਨ। ਇਸ ਨਦੀਨ ਦੇ ਲਗਾਤਾਰ ਸੰਪਰਕ ਵਿਚ ਆਉਣ ਨਾਲ ਚਮੜੀ ਸਬੰਧੀ ਗੰਭੀਰ ਰੋਗ ਹੋ ਸਕਦੇ ਹਨ। ਇਹ ਨਦੀਨ ਦੁਧਾਰੂ ਪਸ਼ੂਆਂ ਲਈ ਵੀ ਬਹੁਤ ਘਾਤਕ ਹੈ, ਜਿਸ ਦੇ ਮਾੜੇ ਅਸਰ ਨਾਲ ਦੁਧਾਰੂ ਪਸ਼ੂਆਂ ਨੂੰ ਚਮੜੀ ਦੀ ਖਾਰਿਸ਼, ਥਣਾਂ ਦੀ ਸੋਜ਼ ਤੇ ਵਾਲ ਝੜਨ ਵਰਗੀਆਂ ਬਿਮਾਰੀਆਂ ਹੋ ਜਾਂਦੀਆਂ ਹਨ। ਇਹ ਨਦੀਨ ਦਾਲਾਂ ਵਾਲੀਆਂ ਫ਼ਸਲਾਂ ਦੀ ਮਿੱਟੀ ਵਿਚ ਨਾਈਟਰੋਜਨ ਜਮ੍ਹਾਂ ਕਰਨ ਦੀ ਸ਼ਕਤੀ 'ਤੇ 60 ਫ਼ੀਸਦੀ ਤਕ ਮੰਦਾ ਅਸਰ ਪਾਉਂਦਾ ਹੈ। ਇਸ ਦੇ ਪਰਾਗ ਕਣ ਬੈਂਗਣ, ਟਮਾਟਰ, ਮਿਰਚਾਂ ਅਤੇ ਮੱਕੀ ਦਾ ਪਰ-ਪਰਾਗਣ ਘਟਾ ਦਿੰਦੇ ਹਨ। ਇਸ ਨਦੀਨ ਦੇ ਬੇਤਹਾਸ਼ਾ ਵਾਧੇ ਦੇ ਨਾਲ ਪਾਰਕਾਂ, ਬਾਗ਼ਾਂ ਤੇ ਰਿਹਾਇਸ਼ੀ ਕਲੋਨੀਆਂ ਦੇ ਰਾਹ ਮੱਲਣ ਕਾਰਨ ਆਉਣ-ਜਾਣ 'ਚ ਪਰੇਸ਼ਾਨੀ ਹੁੰਦੀ ਹੈ।*

### ਰੋਕਥਾਮ

*ਇਸ ਨਦੀਨ ਦੀ ਰਸਾਇਣਕ ਤਰੀਕੇ ਨਾਲ ਰੋਕਥਾਮ 1.5 ਕਿੱਲੋ ਐਟਰਾਜ਼ੀਨ ਜਾਂ ਇਕ ਲਿਟਰ ਗਲਾਈਫੋਸੇਟ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾਅ ਕਰ ਕੇ ਕੀਤੀ ਜਾ ਸਕਦੀ ਹੈ। ਕੇਸੀਆ ਜਾਤੀ ਦੇ ਬੂਟੇ ਲਗਾਉਣ ਨਾਲ ਵੀ ਇਸ ਨਦੀਨ ਦਾ ਵਾਧਾ ਘੱਟ ਹੁੰਦਾ ਹੈ। ਕਾਂਗਰਸ ਘਾਹ ਨੂੰ ਖ਼ਤਮ ਕਰਨ ਲਈ ਖੇਤਾਂ ਨੂੰ ਜੂਨ ਮਹੀਨੇ ਵਿਚ ਫੁੱਲ ਪੈਣ ਤੋਂ ਪਹਿਲਾਂ ਵਾਹ ਦੇਣਾ ਚਾਹੀਦਾ ਹੈ। ਇਸ ਦੇ ਬੂਟਿਆਂ ਨੂੰ ਹੱਥਾਂ ਉੱਪਰ ਦਸਤਾਨੇ ਜਾਂ ਲਿਫ਼ਾਫ਼ੇ ਚੜ੍ਹਾ ਕੇ ਕਹੀ ਨਾਲ ਜੜ੍ਹੋਂ ਪੁੱਟ ਕੇ ਡੂੰਘੇ ਦੱਬ ਦੇਣਾ ਚਾਹੀਦਾ ਹੈ, ਜਿਸ ਦੀ ਡੇਢ ਮਹੀਨੇ ਬਾਅਦ ਗਲਣ ਉਪਰੰਤ ਕੰਪੋਸਟ ਖਾਦ ਬਣ ਜਾਂਦੀ ਹੈ। ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਬੂ ਕਰਨ ਲਈ ਦੱਖਣੀ ਅਮਰੀਕਾ ਤੋਂ ਭਾਰਤ ਵਿਚ 1984 'ਚਜਾਈਗੋਗਰਾਮਾ ਬਾਈਕਲੋਰੇਟਾ ਨਾਂ ਦੇ ਕੀੜੇ ਨੂੰ ਲਿਆਂਦਾ ਗਿਆ ਸੀ। ਇਸ ਕੀੜੇ ਦੀਆਂ ਸੁੰਡੀਆਂ ਅਤੇ ਬਾਲਗ ਕਾਂਗਰਸ ਘਾਹ ਨੂੰ ਖਾ ਕੇ ਖ਼ਤਮ ਕਰ ਦਿੰਦੇ ਹਨ।*



# ਵੈਟਰਨਰੀ ਯੂਨੀਵਰਸਿਟੀ ਦਾ ਪਸ਼ੂ ਪਾਲਣ ਮੇਲਾ

*ਗਡਵਾਸੂ ਵੱਲੋਂ ਲਗਾਏ ਜਾਂਦੇ ਸਾਲਾਨਾ ਮੇਲੇ ਪਸ਼ੂ-ਪਾਲਕਾਂ ਅਤੇ ਯੂਨੀਵਰਸਿਟੀ ਦਰਮਿਆਨ ਪੁਲ ਦੀ ਭੂਮਿਕਾ ਨਿਭਾਉਂਦੇ ਹਨ। ਇਨ੍ਹਾਂ ਮੇਲਿਆਂ 'ਚ ਸ਼ਾਮਲ ਹੋ ਕੇ ਪਸ਼ੂ-ਪਾਲਕ ਜਿੱਥੇ ਡੇਅਰੀ ਫਾਰਮਿੰਗ ਤੇ ਹੋਰ ਸਹਾਇਕ ਧੰਦਿਆਂ ਬਾਰੇ ਬੁਨਿਆਦੀ ਜਾਣਕਾਰੀ ਪ੍ਰਾਪਤ ਕਰਦੇ ਹਨ, ਉੱਥੇ ਇਹ ਮੇਲੇ ਉਨ੍ਹਾਂ ਦੀ ਕਿੱਤਾਮੁਖੀ ਅਗਵਾਈ ਵੀ ਕਰਦੇ ਹਨ। ਇਸ ਵਾਰ ਯੂਨੀਵਰਸਿਟੀ ਵੱਲੋਂ 22-23 ਸਤੰਬਰ ਨੂੰ ਪਸ਼ੂ ਪਾਲਣ ਮੇਲਾ ਲਗਾਇਆ ਜਾ ਰਿਹਾ ਹੈ...*

• ਡਾ. ਹਰੀਸ਼ ਕੁਮਾਰ ਵਰਮਾ

ਗੁਰੂ ਅੰਗਦ ਦੇਵ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਲੁਧਿਆਣਾ ਵਿਖੇ 22-23 ਸਤੰਬਰ 2017 ਨੂੰ ਪਸ਼ੂ ਪਾਲਣ ਮੇਲਾ ਲਗਾਇਆ ਜਾ ਰਿਹਾ ਹੈ। ਯੂਨੀਵਰਸਿਟੀ ਵੱਲੋਂ ਸਾਲ 'ਚ ਦੋ ਵਾਰ ਲੁਧਿਆਣਾ ਕੈਂਪਸ ਵਿਖੇ ਮਾਰਚ ਅਤੇ ਸਤੰਬਰ ਵਿਚ 'ਪਸ਼ੂ ਪਾਲਣ ਮੇਲਾ' ਲਗਾਇਆ ਜਾਂਦਾ ਹੈ। ਇਸ ਵਾਰ ਇਹ ਮੇਲਾ 22-23 ਸਤੰਬਰ ਨੂੰ ਲਗਾਇਆ ਜਾ ਰਿਹਾ ਹੈ।

## ਪ੍ਰਦਰਸ਼ਨੀਆਂ

ਇਸ ਮੇਲੇ ਵਿਚ ਵਧੀਆ ਨਸਲ ਦੇ ਜਾਨਵਰਾਂ ਜਿਵੇਂ ਮੱਝਾਂ, ਗਾਵਾਂ, ਬੱਕਰੀਆਂ, ਸੂਰ, ਖਰਗੋਸ਼, ਬਰਾਇਲਰ, ਬਟੇਰੇ, ਮੁਰਗੀਆਂ ਤੇ ਮੱਛੀਆਂ ਆਦਿ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। ਇਸ ਤੋਂ ਇਲਾਵਾ ਮੱਝਾਂ, ਵਲਾਇਤੀ ਗਾਵਾਂ, ਬੀਟਲ ਬੱਕਰੀਆਂ, ਸਤਲੁਜ ਮੁਰਗੀਆਂ, ਆਈਬੀਐੱਲ 80 ਬਰਾਇਲਰ, ਪੰਜਾਬ ਬਟੇਰ ਆਦਿ ਵੀ ਪ੍ਰਦਰਸ਼ਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਮਿਆਰੀ ਨਸਲ ਦੇ ਸਾਨ੍ਹਾਂ, ਝੋਟਿਆਂ, ਬੱਕਰਿਆਂ ਆਦਿ ਦੀ ਵੀ ਨੁਮਾਇਸ਼ ਲਗਾਈ ਜਾਏਗੀ। ਮਸਨੂਈ ਗਰਭਦਾਨ ਤੇ ਭਰੂਣ ਤਬਾਦਲੇ ਦੀ ਵਿਧੀ ਬਾਰੇ ਕਿਸਾਨਾਂ ਤੇ ਪਸ਼ੂ-ਪਾਲਕਾਂ ਨੂੰ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਵੱਖ-ਵੱਖ ਕਿਸਮ ਦੇ ਪਸ਼ੂਆਂ ਲਈ ਮਿਆਰੀ ਤੇ ਸਸਤੇ ਸ਼ੈੱਡ ਬਣਾਉਣ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਮਿਆਰੀ ਦੁੱਧ ਦੀ ਪੈਦਾਵਾਰ, ਚੁਆਈ ਦੇ ਸਹੀ ਤਰੀਕਿਆਂ ਤੇ ਮਸ਼ੀਨੀ ਚੁਆਈ ਬਾਰੇ ਦੱਸਿਆ ਜਾਵੇਗਾ। ਕਟੜੂ/ਵਛੜੂਆਂ ਦੇ ਸੁਚੱਜਾ ਪ੍ਰਬੰਧ ਕਰਨ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਜਾਨਵਰਾਂ ਦੀ ਸਾਂਭ ਸੰਭਾਲ ਦੇ ਤਰੀਕਿਆਂ ਤੇ ਸੰਤੁਲਿਤ ਵੰਡ-ਦਾਣਾ ਬਣਾਉਣ ਦੀਆਂ ਤਕਨੀਕਾਂ ਬਾਰੇ ਦੱਸਿਆ ਜਾਵੇਗਾ। ਪਸ਼ੂ ਖ਼ੁਰਾਕ ਵਿਚ ਧਾਤਾਂ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਜਾਵੇਗਾ। ਦੁਧਾਰੂਆਂ ਲਈ ਧਾਤਾਂ ਦਾ ਮਿਸ਼ਰਣ ਸਸਤੀ ਕੀਮਤ 'ਤੇ ਉਪਲਬਧ ਹੋਵੇਗਾ। ਪਸ਼ੂ-ਪਾਲਕਾਂ ਨੂੰ 'ਯੂਰੋਮਿਨ ਚਾਟ' ਤੇ 'ਸੂਬਾਬੂਲ ਚਾਟ' ਬਣਾਉਣ ਦੀ ਵਿਧੀ ਬਾਰੇ ਵੀ ਦੱਸਿਆ ਜਾਵੇਗਾ।

## ਪਸ਼ੂ ਖ਼ੁਰਾਕ ਬਾਰੇ ਜਾਣਕਾਰੀ

ਤੂੜੀ ਅਤੇ ਪਰਾਲੀ ਦੀ ਯੂਰੀਏ ਨਾਲ ਸੋਧ ਕਰਨ ਦੀ ਵਿਧੀ ਦੱਸੀ ਜਾਵੇਗੀ। ਪਸ਼ੂ ਪਾਲਣ 'ਚ ਹਰੇ ਚਾਰੇ ਦੀ ਮਹੱਤਤਾ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਏਗਾ। ਵਾਧੂ ਹਰੇ ਚਾਰੇ ਨੂੰ ਲੰਬੇ ਅਰਸੇ ਤਕ ਸੰਭਾਲਣ ਦੇ ਤਰੀਕੇ ਅਤੇ ਅਚਾਰ/ਸਾਈਲੇਜ ਬਣਾਉਣ ਬਾਰੇ ਪ੍ਰਦਰਸ਼ਨੀ ਵੀ ਲਗਾਈ ਜਾਏਗੀ। ਪਸ਼ੂ ਖ਼ੁਰਾਕ ਤੇ ਖ਼ੁਰਾਕੀ ਵਸਤਾਂ ਨੂੰ ਪ੍ਰਯੋਗਸ਼ਾਲਾ ਰਾਹੀਂ ਪਰਖਣ ਦੀ ਸਹੂਲਤ ਵੀ ਮੇਲੇ ਵਿਚ ਮੁਹੱਈਆ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਪਸ਼ੂਆਂ ਦੀਆਂ ਸਿਹਤ ਸਬੰਧੀ ਸਮੱਸਿਆਵਾਂ ਅਤੇ ਇਨ੍ਹਾਂ ਦੀ ਮੁੱਢਲੀ ਸਹਾਇਤਾ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ।

## ਪਸ਼ੂਆਂ ਦੀ ਸਿਹਤ ਸੰਭਾਲ

ਪਸ਼ੂਆਂ ਦੀਆਂ ਸਿਹਤ ਸਮੱਸਿਆਵਾਂ ਜਿਵੇਂ ਅਫਾਰਾ, ਮੋਕ, ਲੰਙ ਮਾਰਨਾ, ਖੁਰ ਵਧਣੇ, ਲੇਵੇ ਦੀ ਸੋਜ਼ਿਸ਼, ਲਹੂ ਮੂਤਣ, ਧਾਤਾਂ ਦੀ ਘਾਟ ਤੋਂ ਬਚਾਅ ਅਤੇ ਰੋਕਥਾਮ ਬਾਰੇ ਵੀ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਮਲੱਪਾਂ ਅਤੇ ਚਿੱਚੜਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਛੁਟਕਾਰੇ ਦੇ ਉਪਾਅ ਵੀ ਦੱਸੇ ਜਾਣਗੇ। ਆਪ੍ਰੇਸ਼ਨ ਰਾਹੀਂ ਪਸ਼ੂਆਂ ਦੇ ਇਲਾਜਯੋਗ ਰੋਗਾਂ ਦੇ ਇਲਾਜ ਦੀਆਂ ਸਹੂਲਤਾਂ ਜਿਵੇਂ ਰਸੌਲੀ, ਸਰਨ, ਟੁੱਟੀ ਹੱਡੀ, ਬੰਨ੍ਹ ਪੈਣ, ਹਰਨੀਆਂ, ਪਿਸ਼ਾਬ ਦਾ ਬੰਨ੍ਹ, ਥਣ ਦਾ ਬੰਦ ਹੋਣਾ ਬਾਰੇ ਡਾਕਟਰ ਮੌਕੇ 'ਤੇ ਹੀ ਇਲਾਜ ਦੱਸਣਗੇ। ਪ੍ਰਜਨਣ ਸਬੰਧੀ ਸਮੱਸਿਆਵਾਂ ਜਿਵੇਂ ਗੂੰਗਾ ਹੇਹਾ, ਹੇਹੇ ਵਿਚ ਨਾ ਆਉਣਾ, ਵਾਰ ਵਾਰ ਫਿਰਨਾ, ਪਿੱਛਾ ਮਾਰਨਾ, ਔਖੀ ਸੁਆਈ, ਜ਼ੇਰ ਨਾ ਪੈਣਾ, ਬੱਚੇਦਾਨੀ ਦਾ ਵਲੇਵਾਂ ਆਦਿ ਦੇ ਬਚਾਅ ਤੇ ਇਲਾਜ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਪਸ਼ੂਆਂ ਨੂੰ ਸਿਹਤਮੰਦ ਰੱਖਣ ਲਈ ਕਿਰਮ ਰਹਿਤ ਕਰਨ ਦੀ ਵਿਧੀ, ਬਿਮਾਰੀਆਂ ਦੇ ਬਚਾਅ ਲਈ ਟੀਕਾਕਰਣ ਦੇ ਢੰਗ ਤਰੀਕਿਆਂ ਅਤੇ ਸਮਾਂ ਸਾਰਣੀ ਬਾਰੇ ਜਾਗਰੂਕ ਕੀਤਾ ਜਾਏਗਾ।

ਪਸ਼ੂਆਂ ਦੀਆਂ ਬਿਮਾਰੀਆਂ ਦਾ ਕਾਰਨ ਲੱਭਣ ਲਈ ਦੁੱਧ, ਗੋਹਾ, ਖ਼ੂਨ, ਪਿਸ਼ਾਬ ਆਦਿ ਦੀ ਮੌਕੇ 'ਤੇ ਹੀ ਜਾਂਚ ਕੀਤੀ ਜਾਵੇਗੀ। ਯੂਨੀਵਰਸਿਟੀ ਦੇ ਪਸ਼ੂ ਹਸਪਤਾਲ ਵਿਚ ਮੌਜੂਦ ਇਲਾਜ, ਐਕਸਰੇ, ਅਲਟਰਾਸਾਊਂਡ, ਪ੍ਰਯੋਗਸ਼ਾਲਾ, ਪੋਸਟ ਮਾਰਟਮ ਆਦਿ ਸੇਵਾਵਾਂ ਬਾਰੇ ਚਾਨਣਾ ਪਾਇਆ ਜਾਏਗਾ। ਪਸ਼ੂਆਂ ਤੋਂ ਇਨਸਾਨਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਹਲਕਾਅ, ਤਪਦਿਕ, ਆਦਿ ਦੀ ਜਾਂਚ ਤੇ ਬਚਾਅ ਬਾਰੇ ਸੁਚੇਤ ਕੀਤਾ ਜਾਵੇਗਾ। ਚਾਰਿਆਂ ਦੇ ਜ਼ਹਿਰਬਾਦ ਤੇ ਹੋਰ ਜ਼ਹਿਰਾਂ ਤੋਂ ਬਚਾਅ ਦੀਆਂ ਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

## ਪਸ਼ੂ ਤੇ ਮਨੁੱਖੀ ਬਿਮਾਰੀਆਂ ਬਾਰੇ ਗਿਆਨ

ਜਾਨਵਰਾਂ ਵਿਚ ਕੀਟਨਾਸ਼ਕ ਵਰਤਣ ਦੇ ਸਹੀ ਢੰਗ ਤਰੀਕੇ ਤੇ ਸਾਵਧਾਨੀਆਂ ਬਾਰੇ ਪਸ਼ੂ ਪਾਲਕਾਂ ਨੂੰ ਤਕਨੀਕਾਂ ਦੱਸੀਆਂ ਜਾਣਗੀਆਂ। ਨਵੀਆਂ ਬਿਮਾਰੀਆਂ ਜਿਵੇਂ ਸਵਾਈਨ ਫਲੂ, ਮੈਡ ਕਾਉ ਆਦਿ ਬਾਰੇ ਗਿਆਨ ਦਿੱਤਾ ਜਾਏਗਾ। ਉੱਲੀ ਰੋਗਾਂ ਤੋਂ ਬਚਾਅ ਤੇ ਛੁਟਕਾਰੇ ਦੇ ਉਪਾਅ ਦੱਸੇ ਜਾਣਗੇ। ਮੁਰਗੀਆਂ ਦੀਆਂ ਬਿਮਾਰੀਆਂ, ਖ਼ਾਸ ਕਰਕੇ ਬਰਡ ਫਲੂ ਬਾਰੇ ਚਾਨਣਾ ਪਾਇਆ ਜਾਏਗਾ। ਦੁੱਧ, ਆਂਡਿਆਂ ਤੇ ਮਾਸ ਦੇ ਪਦਾਰਥ ਬਣਾਉਣ ਬਾਰੇ ਗਿਆਨ ਦਿੱਤਾ ਜਾਵੇਗਾ। ਵੱਖ-ਵੱਖ ਤਕਨੀਕਾਂ ਜਿਵੇਂ ਥਣਾਂ ਨੂੰ ਡੋਬਾ ਦੇਣਾ, ਦੁੱਧ ਦੀ ਸਹੀ ਚੁਆਈ, ਖੁਰਾਂ ਦੀ ਕਟਾਈ ਆਦਿ ਬਾਰੇ ਪ੍ਰਦਰਸ਼ਨੀ ਲਗਾਈ ਜਾਏਗੀ। ਐਮਰਜੈਂਸੀ ਲਈ ਯੂਨੀਵਰਸਿਟੀ ਤੋਂ ਉਪਲੱਬਧ ਸਹਾਇਤਾ ਤੇ ਐਂਬੂਲੈਂਸ ਦੀ ਸਹੂਲਤ ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ।

## ਨਵੀਆਂ ਤਕਨੀਕਾਂ ਦੇ ਰੂ-ਬ-ਰੂ

ਮੇਲੇ ਵਿੱਚ ਆਏ ਪਸ਼ੂ ਪਾਲਕਾਂ ਦੀਆਂ ਸਮੱਸਿਆਵਾਂ ਸਬੰਧੀ ਪੁੱਛੇ ਸਵਾਲਾਂ ਦੇ ਜੁਵਾਬ ਦੇਣ ਲਈ ਵੱਖਰੇ ਸਵਾਲ-ਜੁਆਬ ਸੈਸ਼ਨ ਦਾ ਪ੍ਰਬੰਧ ਕੀਤਾ ਗਿਆ ਹੈ। ਪਸ਼ੂਧਨ ਨਾਲ ਸਬੰਧਤ ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਪਸ਼ੂ ਪਾਲਣ ਵਿਭਾਗ, ਡੇਅਰੀ ਵਿਕਾਸ ਵਿਭਾਗ, ਮੱਛੀ ਪਾਲਣ ਵਿਭਾਗ, ਮਿਲਕਫੈੱਡ, ਮਾਰਕਫੈੱਡ ਵੀ ਆਪਣੇ ਵਿਭਾਗਾਂ ਦੀਆਂ ਸਹੂਲਤਾਂ ਬਾਰੇ ਦੱਸਣਗੇ। ਨੁਮਾਇਸ਼ ਵਿੱਚ ਦਵਾਈਆਂ, ਖ਼ੁਰਾਕ ਤੇ ਮਸ਼ੀਨਾਂ ਬਣਾਉਣ ਵਾਲੀਆਂ ਕੰਪਨੀਆਂ ਆਪੋ ਆਪਣੇ ਉਤਪਾਦਾਂ ਬਾਰੇ ਜਾਣਕਾਰੀ ਦੇਣਗੀਆਂ। ਯੂਨੀਵਰਸਿਟੀ ਦੇ ਸਹਿਯੋਗ ਅਧੀਨ ਕੰਮ ਕਰਦੀਆਂ ਪਸ਼ੂ ਪਾਲਕਾਂ ਦੀਆਂ ਜਥੇਬੰਦੀਆਂ ਵੀ ਮੇਲੇ ਵਿਚ ਆਪਣੇ ਸਟਾਲ ਸਜਾਉਣਗੀਆਂ। ਯੂਨੀਵਰਸਿਟੀ ਵਿਚ ਪੜ੍ਹਾਈ ਕਰਨ ਅਤੇ ਦਾਖ਼ਲੇ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ। •



### ਪਸ਼ੂ ਪਾਲਣ ਤੇ ਸਹਾਇਕ ਧੰਦਿਆਂ ਬਾਰੇ ਜਾਣਕਾਰੀ

*ਮੇਲੇ ਵਿਚ ਪਸ਼ੂ ਪਾਲਣ, ਮੱਛੀ ਪਾਲਣ, ਝੀਂਗਾ ਮੱਛੀ ਤੇ ਸਜਾਵਟੀ ਮੱਛੀਆਂ ਦੀ ਸਾਂਭ ਸੰਭਾਲ, ਬਿਮਾਰੀਆਂ ਤੇ ਕਿੱਤਾ ਕਰਨ ਬਾਰੇ ਮਾਹਿਰਾਂ ਵੱਲੋਂ ਜਾਣਕਾਰੀ ਦਿੱਤੀ ਜਾਵੇਗੀ। ਪਾਲਤੂ ਜਾਨਵਰਾਂ ਕੁੱਤੇ, ਬਿੱਲੀਆਂ ਆਦਿ ਨੂੰ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਜਾਏਗੀ। ਪਸ਼ੂ ਪਾਲਣ, ਬੱਕਰੀ ਪਾਲਣ, ਸੂਰ ਪਾਲਣ, ਮੁਰਗੀ, ਬਟੇਰ, ਬਰਾਇਲਰ ਪਾਲਣ ਤੇ ਮੱਛੀ ਪਾਲਣ ਆਦਿ ਧੰਦਿਆਂ ਬਾਰੇ ਲਗਾਏ ਜਾਣ ਵਾਲੇ ਸਿਖਲਾਈ ਕੋਰਸਾਂ 'ਚ ਦਾਖ਼ਲੇ ਬਾਰੇ ਵੀ ਸੂਚਿਤ ਕੀਤਾ ਜਾਵੇਗਾ। ਪਸ਼ੂ ਪਾਲਣ ਧੰਦਿਆਂ ਨੂੰ ਵਿਗਿਆਨਕ ਤਰੀਕੇ ਨਾਲ ਕਰਨ ਲਈ ਕਿਤਾਬਾਂ ਤੇ ਰਸਾਲੇ ਸਸਤੀ ਕੀਮਤ 'ਤੇ ਉਪਲੱਬਧ ਹੋਣਗੇ।*



# ਪੰਜਾਬ ’ਚ ਵਰਦੀ ਸੁਰੱਖਿਅਤ ਨਹੀਂ ਤਾਂ ਆਮ ਆਦਮੀ ਕਿਵੇਂ ਸੁਰੱਖਿਅਤ ਰਹੇਗਾ : ਤਰੁਣ ਚੁੱਘ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ/ਜਲੰਧਰ 7 ਅਕਤੂਬਰ। ਇਹ ਕੋਈ ਪਹਿਲੀ ਘਟਨਾ ਨਹੀਂ ਹੈ, ਮਜੀਠਾ ’ਚ ਪਹਿਲਾਂ ਘਟਨਾ ਹੋਈ, ਪਠਾਨਕੋਟ ’ਚ ਪੁਲਸ ਚੌਕੀ ’ਚ ਘਟਨਾ ਹੋਈ ਹੈ। ਏ. ਐੱਸ. ਆਈ. ਹਰਜੀਤ ਸਿੰਘ ਡਿਊਟੀ ’ਤੇ ਸਨ, ਵਰਦੀ ’ਚ ਸਨ ਅਤੇ ਉਨ੍ਹਾਂ ਨੂੰ ਦਿਨ-ਦਿਹਾੜੇ ਗੋਲੀ ਮਾਰ ਦਿੱਤੀ ਗਈ। ਇਹ ਇਕ ਪਰਿਵਾਰ ਦੀ ਤ੍ਰਾਸਦੀ ਹੈ, ਪਰ ਇਸ ਤੋਂ ਵੱਡੀ ਗੱਲ ਇਹ ਹੈ ਕਿ ਇਹ ਪੂਰੇ ਸੂਬੇ ਦੀ ਕਾਨੂੰਨ-ਵਿਵਸਥਾ ਤੰਤਰ ਨੂੰ ਦਿੱਤੀ ਗਈ ਖੁੱਲ੍ਹੀ ਚੁਣੌਤੀ ਹੈ। ਜਿਸ ਸੂਬੇ ’ਚ ਵਰਦੀ ਸੁਰੱਖਿਅਤ ਨਹੀਂ ਹੈ, ਉੱਥੇ ਆਮ ਆਦਮੀ ਕਿਵੇਂ ਸੁਰੱਖਿਅਤ ਰਹੇਗਾ? ਜੋ ਪੁਲਸ ਮੁਲਾਜ਼ਮ ਦੂਜਿਆਂ ਦੀ ਰੱਖਿਆ ਲਈ ਤਾਇਨਾਤ ਹਨ, ਜੇਕਰ ਉਨ੍ਹਾਂ ਦੀ ਹੀ ਰੱਖਿਆ ਨਹੀਂ ਹੋ ਸਕਦੀ ਤਾਂ ਸਰਕਾਰ ਨੂੰ ਇਹ ਦੱਸਣਾ ਪਵੇਗਾ ਕਿ ਸੂਬੇ ’ਚ ਕਾਨੂੰਨ ਦਾ ਸ਼ਾਸਨ ਹੈ ਜਾਂ ਅਪਰਾਧੀਆਂ ਦਾ ਮਨੋਬਲ। ਮੈਂ ਸ਼ਹੀਦ ਏ. ਐੱਸ. ਆਈ. ਹਰਜੀਤ ਸਿੰਘ ਦੇ ਪਰਿਵਾਰ ਦੇ ਨਾਲ ਪੂਰੀ ਹਮਦਰਦੀ ਰੱਖਦਾ ਹਾਂ ਅਤੇ ਮੰਗ ਕਰਦਾ ਹਾਂ ਕਿ ਇਸ ਮਾਮਲੇ ਦੀ ਪੂਰੀ ਸੱਚਾਈ ਜਨਤਾ ਦੇ ਸਾਹਮਣੇ ਲਿਆਂਦੀ ਜਾਵੇ ਅਤੇ ਦੋਸ਼ੀਆਂ ’ਤੇ ਕਾਰਵਾਈ ਕੀਤੀ ਜਾਵੇ। ਸੋਚੋ, ਸਰਹੱਦ ’ਤੇ ਬੈਠਾ ਇਕ ਆਦਮੀ ਪੰਜਾਬ ਦੇ ਨੌਜਵਾਨਾਂ ਨੂੰ ਇਹ ਨਿਰਦੇਸ਼ ਦੇ ਰਿਹਾ ਹੈ ਕਿ ਕਿਸੇ ਇਕੱਲੇ ਪੁਲਸ ਮੁਲਾਜ਼ਮ ਨੂੰ ਚੁਣੋ, ਉਸ ਨੂੰ ਮਾਰੋ ਅਤੇ ਉਸ ਦਾ ਵੀਡੀਓ ਭੇਜੋ, ਉਦੋਂ ਤੁਹਾਨੂੰ ਨਸ਼ੇ ਦੇ ਧੰਦੇ ’ਚ ਜਗ?ਹਾ ਮਿਲੇਗੀ। ਇਹ ਸਿਰਫ ਅਪਰਾਧ ਹੀ ਨਹੀਂ ਹੈ, ਇਹ ਨਸ਼ਾ ਅਤੇ ਅੱਤਵਾਦ ਦਾ ਗਠਜੋੜ ਹੈ, ਜਿਸ ਨੂੰ ਪੰਜਾਬ ਦੀ ਜ਼ਮੀਨ ’ਤੇ ਕੰਮ ਕਰਨ ਦੀ ਖੁੱਲ੍ਹੀ ਛੁੱਟੀ ਮਿਲ ਗਈ ਹੈ। ਇਹ ਮੇਰਾ ਸਵਾਲ ਹੈ-ਜੇਕਰ ਨਸ਼ੇ ਦਾ ਨੈੱਟਵਰਕ ਇੰਨਾ ਤਾਕਤਵਰ ਹੋ ਗਿਆ ਹੈ ਕਿ ਉਹ ਪੰਜਾਬ ਪੁਲਸ ਦੇ ਜਵਾਨ ਦੇ ਕਤਲ ਦਾ ਹੁਕਮ ਦੇ ਸਕਦਾ ਹੈ ਤਾਂ ਪਿਛਲੇ ਸਾਢੇ ਚਾਰ ਸਾਲ ’ਚ ਸਰਕਾਰ ਨੇ ਇਸ ਨੈੱਟਵਰਕ ਨੂੰ ਤੋੜਨ ਲਈ ਅਸਲ ’ਚ ਕੀ ਕੀਤਾ? ਇਹ ਸਥਿਤੀ ਪੰਜਾਬ ਦੇ ਇਤਿਹਾਸ ’ਚ ਸ਼ਰਮਨਾਕ ਅਧਿਆਏ ਹੈ। ਪੰਜਾਬ ਪੁਲਸ ਜਿਸ ਨੇ ਅੱਤਵਾਦ ਦੇ ਸਭ ਤੋਂ ਮੁਸ਼ਕਲ ਦੌਰ ’ਚ ਦੇਸ਼ ਲਈ ਸਰਵਉੱਚ ਬਲੀਦਾਨ ਦਿੱਤੇ, ਅੱਜ ਉਸੇ ਪੁਲਸ ਦੇ ਜਵਾਨ ਨੂੰ ਇਹ ਸਲਾਹ ਦਿੱਤੀ ਜਾ ਰਹੀ ਹੈ ਕਿ ਉਹ ਵਰਦੀ ਪਾ ਕੇ ਬਾਹਰ ਨਾ ਨਿਕਲੇ। ਵਰਦੀ ਦਾ ਖ਼ੌਫ ਅਪਰਾਧੀਆਂ ’ਚ ਹੋਣਾ ਚਾਹੀਦਾ ਹੈ ਨਾ ਕਿ ਵਰਦੀ ਨੂੰ ਖ਼ੌਫ ’ਚ ਉਤਾਰ ਦੇਣ ਦੀ ਕਵਾਇਦ। ਜਿਸ ਦਿਨ ਰੱਖਿਅਕ ਨੂੰ ਲੁਕਣ ਦੀ ਸਲਾਹ ਦਿੱਤੀ ਜਾਂਦੀ ਹੈ, ਉਸ ਦਿਨ ਅਪਰਾਧੀ ਨੂੰ ਖੁੱਲ੍ਹਾ ਘੁੰਮਣ ਦਾ ਲਾਇਸੈਂਸ ਮਿਲ ਜਾਂਦਾ ਹੈ। ਮੈਂ ਪੰਜਾਬ ਸਰਕਾਰ ਨੂੰ ਪੁੱਛਦਾ ਹਾਂ ਕਿ ਤੁਸੀਂ ਆਪਣੇ ਜਵਾਨਾਂ ਨੂੰ ਸੁਰੱਖਿਆ ਦੇਵੋਗੇ ਜਾਂ ਸਿਰਫ ਸਲਾਹ ਦੇਵੋਗੇ? ਪੁਲਸ ਨੂੰ ਬੁਲਟ ਪਰੂਫ ਸੁਰੱਖਿਆ, ਆਧੁਨਿਕ ਤਕਨੀਕ, ਨਿਗਰਾਨੀ ਤੰਤਰ ਅਤੇ ਸਿਆਸੀ ਦਬਾਅ ਤੋਂ ਮੁਕਤ ਵਾਤਾਵਰਣ ਚਾਹੀਦਾ ਹੈ, ਨਾ ਕਿ ਸਲਾਹ ਪੱਤਰ। ਪੰਜਾਬ ’ਚ 23 ਪੁਲਸ ਥਾਣਿਆਂ ’ਤੇ ਗ੍ਰਨੇਡ ਸੁੱਟੇ ਗਏ, ਭਾਜਪਾ ਦਫ਼ਤਰ ਨੂੰ ਨਿਸ਼ਾਨਾ ਬਣਾਇਆ ਗਿਆ ਅਤੇ ਪੁਲਸ ਮੁੱਖ ਦਫ਼ਤਰ ’ਤੇ ਰਾਕੇਟ ਲਾਂਚਰ ਨਾਲ ਹਮਲੇ ਦੀ ਘਟਨਾ ਸਾਹਮਣੇ ਆਈ। ਦੁਨੀਆ ’ਚ ਕਿਤੇ ਵੀ ਥਾਣਾ ਸੁਰੱਖਿਆ ਪ੍ਰਤੀਤ ਹੁੰਦਾ ਹੈ। ਪੰਜਾਬ ’ਚ ਥਾਣਾ ਖ਼ੁਦ ਅਸੁਰੱਖਿਅਤ ਹੋ ਗਿਆ ਹੈ ਅਤੇ ਇਸ ਤੋਂ ਵੀ ਵੱਡੀ ਚਿੰਤਾ ਇਹ ਹੈ ਕਿ ਅਪਰਾਧੀ ਗੋਲੀ ਚਲਾਉਂਦੇ ਹਨ ਅਤੇ ਵੀਡੀਓ ਬਣਾਉਂਦੇ ਹਨ, ਸੋਸ਼ਲ ਮੀਡੀਆ ’ਤੇ ਪਾਉਂਦੇ ਹਨ ਅਤੇ ਸਰਕਾਰ ਦੇ ਬੁਲਾਰੇ ਟੀ. ਵੀ. ’ਤੇ ਬੈਠ ਕੇ ਕਹਿੰਦੇ ਹਨ ਕਿ ਸਭ ਠੀਕ ਹੈ। ਇਹ ਇਨਕਾਰ ਦੀ ਸਿਆਸਤ ਪੰਜਾਬ ਨੂੰ ਬਹੁਤ ਮਹਿੰਗੀ ਪੈ ਰਹੀ ਹੈ। ਇਹ ਬਹੁਤ ਹੀ ਗੰਭੀਰ ਬੀਮਾਰੀ ਹੈ। ਇਸ ਦਾ ਇਲਾਜ ਹੋਣਾ ਚਾਹੀਦਾ ਹੈ ਨਾ ਕਿ ਬੀਮਾਰੀ ਲੁਕਾਈ ਜਾਣੀ ਚਾਹੀਦੀ ਹੈ। ਜਿਨ੍ਹਾਂ ਮਾਵਾਂ ਨੇ ਆਪਣੇ ਪੁੱਤ ਨਸ਼ਿਆਂ ਕਾਰਨ ਖੋਹੇ ਹਨ, ਉਨ੍ਹਾਂ ਲਈ ਇਹ ਡਰਾਮਾ ਨਹੀਂ, ਜ਼ਿੰਦਗੀ ਅਤੇ ਮੌਤ ਦਾ ਸਵਾਲ ਹੈ। ਖੁੱਲ੍ਹੇਆਮ ਆਮ ਟੌਫ਼ੀਆਂ ਦੀ ਤਰ੍ਹਾਂ ਵਿਕ ਰਿਹਾ ਨਸ਼ਾ ਪੂਰੀ ਪੀੜ੍ਹੀ ਨੂੰ ਦਾਨਵ ਦੀ ਤਰ੍ਹਾਂ ਖਾ ਰਿਹਾ ਹੈ। ਇਹ ਯਾਤਰਾ 18 ਸਤੰਬਰ ਨੂੰ



ਪਠਾਨਕੋਟ ਤੋਂ ਸ਼ੁਰੂ ਹੋਈ ਹੈ, 13 ਦਿਨਾਂ ’ਚ ਕਰੀਬ 4,000 ਕਿਲੋਮੀਟਰ ਤੈਅ ਕਰਦੇ ਹੋਏ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਤੱਕ ਪਹੁੰਚੇਗੀ ਅਤੇ 7 ਅਕਤੂਬਰ ਨੂੰ ਜਲੰਧਰ ’ਚ ਇਸ ਦੀ ਸਮਾਪਤੀ ਹੋਵੇਗੀ। ਸਾਡਾ ਟੀਚਾ ਪੰਜਾਬ ਨੂੰ ਨਸ਼ਾ, ਫ਼?ਰੌਤੀ, ਗੈਂਗਸਟਰਵਾਦ ਅਤੇ ਭੈਅ-ਇਨ੍ਹਾਂ ਚਾਰਾਂ ਤੋਂ ਮੁਕਤ ਕਰਨਾ ਹੈ। ਮੈਂ ‘ਆਪ’ ਤੋਂ ਪੁੱਛਦਾ ਹਾਂ ਕਿ ਜੇਕਰ ਇਹ ਡਰਾਮਾ ਹੈ ਤਾਂ ਤੁਸੀਂ ਵੀ ਨਾਲ ਚੱਲੋ। ਇਕ ਹੀ ਮੰਚ ’ਤੇ ਆਓ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਦੱਸੋ ਕਿ ਚਿੱਟਾ ਕਿੱਥੋਂ ਆ ਰਿਹਾ ਹੈ। ਅਸੀਂ ਸਵਾਗਤ ਕਰਾਂਗੇ। ਜੋ ਲੋਕ ਨਸ਼ੇ ਦੇ ਖ਼?ਲਾਫ਼ ਨਿਕਲੀ ਯਾਤਰਾ ਨੂੰ ਡਰਾਮਾ ਕਹਿੰਦੇ ਹਨ, ਉਹ ਅਸਲ ’ਚ ਨਸ਼ੇ ਕਾਰਨ ਤਬਾਹ ਹੋਏ ਪਰਿਵਾਰਾਂ ਦਾ ਅਪਮਾਨ ਕਰਦੇ ਹਨ। ਲੋਕਤੰਤਰ ’ਚ ਵਿਰੋਧ ਦਾ ਅਧਿਕਾਰ ਸਭ ਨੂੰ ਹੈ। ਕਾਲੇ ਝੰਡੇ ਦਿਖਾਉਣਾ, ਨਾਅਰੇ ਲਾਉਣਾ, ਵਿਰੋਧ ਪ੍ਰਦਰਸ਼ਨ ਕਰਨਾ-ਇਹ ਸਭ ਸਿਆਸਤ ਦਾ ਹਿੱਸਾ ਹੈ ਅਤੇ ਸਾਨੂੰ ਇਸ ਤੋਂ ਕੋਈ ਇਤਰਾਜ਼ ਨਹੀਂ ਪਰ ਪੱਥਰ ਸੁੱਟਣਾ, ਆਂਡੇ ਸੁੱਟਣਾ, ਕਾਫ਼ਲਿਆਂ ’ਤੇ ਹਮਲਾ ਕਰਨਾ ਅਤੇ ਆਗੂਆਂ ਨਾਲ ਬਦਸਲੂਕੀ ਕਰਨਾ ਵਿਰੋਧ ਨਹੀਂ, ਗੁੰਡਾਗਰਦੀ ਹੈ। ਇਹ ਗੱਲ ਧਿਆਨ ਦੇਣ ਯੋਗ ਹੈ ਕਿ ਇਹ ਹਮਲਾ ਉਸ ਯਾਤਰਾ ’ਤੇ ਹੋਇਆ, ਜੋ ਨਸ਼ਿਆਂ ਖ਼?ਲਾਫ਼ ਨਿਕਲੀ ਸੀ। ਜਦੋਂ ਨਸ਼ਿਆਂ ਖ਼?ਲਾਫ਼ ਬੋਲਣ ਵਾਲਿਆਂ ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਹੁੰਦੀ ਹੈ ਤਾਂ ਜਨਤਾ ਸਮਝ ਜਾਂਦੀ ਹੈ ਕਿ ਕਿਸਦਾ ਹਿੱਤ ਕਿੱਥੇ ਜੁੜਿਆ ਹੈ। ਯਾਤਰਾ ਦਾ ਵਿਰੋਧ ਮਾਫ਼ੀਆ ਦੇ ਇਸ਼ਾਰੇ ’ਤੇ ਜਾਣ-ਬੁੱਝ ਕੇ ਭਾਜਪਾ ਨੂੰ ਡਰਾਉਣ ਲਈ ਕੀਤਾ ਜਾ ਰਿਹਾ ਹੈ। ਇਹੀ ਤਾਂ ਪੂਰੀ ਕਹਾਣੀ ਹੈ। ਇਸ ਸਰਕਾਰ ਦੀ ਦਿੱਕਤ ਨਸ਼ਾ ਨਹੀਂ, ਨਸ਼ੇ ’ਤੇ ਪੁੱਛਿਆ ਗਿਆ ਸਵਾਲ ਹੈ। ਜੋ ਸਰਕਾਰ ਆਪਣੀ ਹੀ ਸੂਬੇ ਦੇ ਇਕ ਆਮ ਨਾਗਰਿਕ ਦਾ ਚਿੱਟੇ ’ਤੇ ਪੁੱਛਿਆ ਗਿਆ ਸਵਾਲ ਬਰਦਾਸ਼ਤ ਨਹੀਂ ਕਰ ਸਕਦੀ, ਉਸ ਤੋਂ ਨਸ਼ੇ ਦੇ ਅੰਤਰਰਾਸ਼ਟਰੀ ਨੈੱਟਵਰਕ ਨਾਲ ਲੜਨ ਦੀ ਉਮੀਦ ਕਿਵੇਂ ਕੀਤੀ ਜਾਵੇ? ਲੋਕਤੰਤਰ ’ਚ ਸਵਾਲ ਪੁੱਛਣ ਵਾਲਾ ਦੁਸ਼ਮਣ ਨਹੀਂ ਹੁੰਦਾ। ਜਿਸ ਦਿਨ ਸਰਕਾਰ ਸਵਾਲ ਪੁੱਛਣ ਵਾਲਿਆਂ ਨੂੰ ਦੁਸ਼ਮਣ ਮੰਨ ਲੈਂਦੀ ਹੈ, ਉਸ ਦੀ ਉਹ ਜਨਤਾ ਤੋਂ ਕੱਟ ਜਾਂਦੀ ਹੈ। ਗਿਣਤੀ ਪ੍ਰਭਾਵਸ਼ਾਲੀ ਹੈ, ਨਤੀਜਾ ਨਹੀਂ ਅਤੇ ਇਹੀ ਅਸਲੀ ਸਵਾਲ ਸ਼ੁਰੂ ਹੁੰਦਾ ਹੈ। ਜੇਕਰ 77,000 ਹਜ਼ਾਰ ਤੋਂ ਜ਼ਿਆਦਾ ਗ੍ਰਿਫ਼ਤਾਰੀਆਂ ਹੋਈਆਂ ਤਾਂ ਪੰਜਾਬ ’ਚ ਚਿੱਟਾ ਅੱਜ ਵੀ ਓਨੀ ਹੀ ਆਸਾਨੀ ਨਾਲ ਕਿਵੇਂ ਉਪਲੱਬਧ ਹੈ? ਸਰਕਾਰ ਦੱਸੇ- ਇਨ੍ਹਾਂ ’ਚੋਂ ਕਿੰਨੇ ਵੱਡੇ ਸਰਗਨਾ ਸਨ ਅਤੇ ਕਿੰਨੇ ਆਖ਼ਰੀ ਕੜੀ ਦੇ ਗਰੀਬ ਪੀੜਤ? ਕਿੰਨਿਆਂ ਨੂੰ ਸਜ਼ਾ ਮਿਲੀ ਅਤੇ ਕਿੰਨੇ ਜ਼ਮਾਨਤ ’ਤੇ ਬਾਹਰ ਹਨ? ਕਿੰਨੀ ਜਾਇਦਾਦ ਜ਼ਬਤ ਹੋਈ? ਨਸ਼ਿਆਂ ਖ਼?ਲਾਫ਼ ਲੜਾਈ ਗ੍ਰਿਫ਼ਤਾਰੀਆਂ ਦੀ ਗਿਣਤੀ ਤੋਂ ਨਹੀਂ, ਸਪਲਾਈ ਚੇਨ ਦੇ ਟੁੱਟਣ ਨਾਲ ਜਿੱਤੀ ਜਾਂਦੀ ਹੈ। ਜਦੋਂ ਤੱਕ ਪੈਸੇ ਦਾ ਰਾਹ ਨਹੀਂ ਕੱਟਿਆ ਜਾਵੇਗਾ, ਤਸਕਰ ਫੜੇ ਜਾਂਦੇ ਰਹਿਣਗੇ ਅਤੇ ਨਸ਼ਾ ਵਿਕਦਾ ਰਹੇਗਾ। ਚਾਰ ਪੜਾਵਾਂ ’ਤੇ ਇਕੱਠੇ ਕੰਮ ਕਰਨਾ ਪਵੇਗਾ। ਪਹਿਲਾ-ਸਪਲਾਈ ’ਤੇ ਪਰਹਾਰ, ਇੰਟੈਲੀਜੈਂਸ ਬੇਸਡ ਕਾਰਵਾਈ, ਈ. ਡੀ. ਅਤੇ ਐੱਨ. ਸੀ. ਬੀ. ਵਰਗੀਆਂ ਏਜੰਸੀਆਂ ਨਾਲ ਤਾਲਮੇਲ ਅਤੇ ਜਾਇਦਾਦ ਜ਼ਬਤੀ। ਦੂਜਾ- ਨਸ਼ੇ ਦੇ ਧੰਦੇ ਨੂੰ ਸਿਆਸਤ ਅਤੇ ਪ੍ਰਸ਼ਾਸਨਿਕ ਸੁਰੱਖਿਆ ਦੇਣ ਵਾਲਿਆਂ ’ਤੇ ਬਿਨਾਂ ਭੇਦਭਾਵ ਕਾਰਵਾਈ। ਤੀਜਾ- ਹਰ ਜ਼ਿਲ੍ਹੇ ’ਚ ਗੁਣਵੱਤਾਪੂਰਨ, ਮੁਫ਼ਤ ਅਤੇ ਸਨਮਾਨਜਨਕ ਨਸ਼ਾ ਛੁਡਾਊ ਕੇਂਦਰ ਕਿਉਂਕਿ ਨਸ਼ੇ ਦਾ ਸ਼ਿਕਾਰ ਨੌਜਵਾਨ ਅਪਰਾਧੀ ਨਹੀਂ, ਮਰੀਜ਼ ਹੈ। ਚੌਥਾ-ਰੁਜ਼ਗਾਰ, ਕੌਸ਼ਲ ਅਤੇ ਸਿੱਖਿਆ ਕਿਉਂਕਿ ਖ਼ਾਲੀ ਹੱਥ ਅਤੇ ਖ਼ਾਲੀ ਮਨ ਹੀ ਨਸ਼ੇ ਦੀ ਸਭ ਤੋਂ ਵੱਡੀ ਮੰਡੀ ਹੈ। ਬਿਲਕੁਲ, ਕਾਨੂੰਨ ਦਾ ਸ਼ਾਸਨ ਉਦੋਂ ਹੀ ਮਜ਼ਬੂਤ ਹੋਵੇਗਾ, ਜਦੋਂ ਪੁਲਸ ਨੂੰ ਸਪੱਸ਼ਟ ਅਕਾਊਂਟੀਬਿਲਟੀ ਨਾਲ ਆਜ਼ਾਦੀ ਮਿਲੇ। ਸਰਕਾਰ ਦਾ ਕੰਮ ਪੁਲਸ ਨੂੰ ਸਿਆਸੀ ਤੌਰ ’ਤੇ ਇਸਤੇਮਾਲ ਕਰਨਾ ਨਹੀਂ, ਸਗੋਂ ਪੁਲਸ ਨੂੰ ਸੰਸਾਧਨ, ਆਧੁਨਿਕ ਤਕਨੀਕ ਅਤੇ ਆਜ਼ਾਦ ਵਾਤਾਵਰਣ ਦੇਣਾ ਹੈ। ਅੱਜ ਪੰਜਾਬ ਦੇ ਹਜ਼ਾਰਾਂ ਪੁਲਸ ਮੁਲਾਜ਼ਮ ਵੀ. ਆਈ. ਪੀ. ਸੁਰੱਖਿਆ ’ਚ ਲੱਗੇ ਹਨ ਅਤੇ ਥਾਣੇ ਖ਼ਾਲੀ ਪਏ ਹਨ। ਪੰਜਾਬ ਨੂੰ ਵੀ. ਆਈ. ਪੀ. ਪੁਲਸਿੰਗ ਨਹੀਂ, ਸਿਟੀਜ਼ਨ ਸੈਂਟਰਿਕ ਪੁਲਸਿੰਗ ਚਾਹੀਦੀ ਹੈ। ਪੁਲਸ ਦਾ ਮਨੋਬਲ ਉੱਚਾ ਹੋਵੇਗਾ ਤਾਂ ਅਪਰਾਧੀ ਦਾ ਮਨੋਬਲ ਖ਼ੁਦ ਹੇਠਾਂ ਹੋ ਜਾਵੇਗਾ। ਮੈਂ ਸਿਆਸੀ ਸਨਸਨੀ ਲਈ ਸ਼ਬਦਾਂ ਦਾ ਇਸਤੇਮਾਲ ਨਹੀਂ ਕਰਾਂਗਾ ਪਰ ਇੰਨਾ ਜ਼ਰੂਰ ਕਹਾਂਗਾ ਕਿ ਪੰਜਾਬ ਦੀ ਮਾਲੀ ਸਥਿਤੀ ਗੰਭੀਰ ਆਤਮ ਮੰਥਨ ਮੰਗਦੀ ਹੈ। ਕਰਜ਼ਾ, ਵਿਆਜ, ਤਨਖ਼ਾਹਾਂ-ਪੈਨਸ਼ਨ ਅਤੇ ਵਿਕਾਸ ਖ਼ਰਚ ਵਿਚਾਲੇ ਸੰਤੁਲਨ ਜ਼ਰੂਰੀ ਹੈ।

## ਸਾਵਧਾਨ !ਪੀ.ਜੀ. ਮਾਲਕਾਂ ਲਈ ਜਾਰੀ ਹੋ ਗਏ ਨਵੇਂ ਦਿਸ਼ਾ-ਨਿਰਦੇਸ਼, ਹੁੱਲੜਬਾਜ਼ੀ ਕਰਨ ਵਾਲਿਆਂ ’ਤੇ ਹੋਵੇਗੀ ਸਖ਼ਤ ਕਾਰਵਾਈ

ਕਿਸ਼ਨਗੜ੍ਹ 7 ਅਕਤੂਬਰ। ਜਲੰਧਰ ਪੁਲਿਸ ਦਿਹਾਤੀ ਦੇ ਥਾਣਾ ਕਰਤਾਰਪੁਰ ਅਧੀਨ ਆਉਂਦੀ ਪੁਲਿਸ ਚੌਕੀ ਕਿਸ਼ਨਗੜ੍ਹ ਦੇ ਇੰਚਾਰਜ ਹਰਦੀਪ ਸਿੰਘ ਵੱਲੋਂ ਇਲਾਕੇ ਦੇ ਪੀ.ਜੀ. (ਪੇਇੰਗ ਗੈਸਟ) ਮਾਲਕਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਨੂੰ ਬਣਾਏ ਰੱਖਣ ਲਈ ਜ਼ਰੂਰੀ ਗਾਈਡਲਾਈਨਜ਼ ਅਤੇ ਹਦਾਇਤਾਂ ਸਮਝਾਈਆਂ ਗਈਆਂ। ਇਸ ਮੀਟਿੰਗ ਦੌਰਾਨ ਪੁਲਸ ਪ੍ਰਸ਼ਾਸਨ ਵੱਲੋਂ ਪੀ.ਜੀ. ਮਾਲਕਾਂ ਨੂੰ ਹਫ਼ਤਾਵਾਰੀ ਚੈਕਿੰਗ ਅਤੇ ਰਹਿਣ ਵਾਲੇ ਵਿਦਿਆਰਥੀਆਂ ਦੀ ਸੁਰੱਖਿਆ ਸਬੰਧੀ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ। ਚੌਂਕੀ ਇੰਚਾਰਜ ਹਰਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਹਫਤੇ ਪੁਲਿਸ ਵੱਲੋਂ ਕਿਸ਼ਨਗੜ੍ਹ ਵਿਖੇ ਸਥਿਤ ਸਾਰੇ ਪੀ.ਜੀ. ਦੀ ਚੈਕਿੰਗ ਕੀਤੀ ਜਾਵੇਗੀ। ਕੁੜੀਆਂ ਦੇ ਪੀ.ਜੀ. ਵਿੱਚ ਲੇਡੀਜ਼ ਪੁਲਸ ਕਰਮਚਾਰੀ ਅਤੇ ਮੁੰਡਿਆਂ ਦੇ ਪੀ.ਜੀ. ਵਿੱਚ ਜੈਂਟਸ ਪੁਲਸ ਮੁਲਾਜ਼ਮ ਚੈਕਿੰਗ ਕਰਨਗੇ। ਇਸ ਤੋਂ ਇਲਾਵਾ ਹਰ



ਇੱਕ ਪੀ.ਜੀ. ਦੇ ਅੰਦਰ ਜ਼ਰੂਰੀ ਨਿਯਮਾਂ ਦਾ ਨੋਟਿਸ ਲਗਾਇਆ ਜਾਵੇਗਾ। ਨਵੇਂ ਨਿਯਮਾਂ ਮੁਤਾਬਕ ਰਾਤ 9:30 ਵਜੇ ਤੋਂ ਬਾਅਦ ਕੁੜੀਆਂ ਅਤੇ ਰਾਤ 10:00 ਵਜੇ ਤੋਂ ਬਾਅਦ ਮੁੰਡਿਆਂ ਦੇ ਬਾਹਰ ਘੁੰਮਣ ’ਤੇ ਪਾਬੰਦੀ ਹੋਵੇਗੀ। ਜੇਕਰ ਕੋਈ ਵਿਦਿਆਰਥੀ ਜਾਂ ਕਿਰਾਏਦਾਰ ਬੀਮਾਰ ਹੁੰਦਾ ਹੈ, ਤਾਂ ਉਸ ਨੂੰ ਪਹਿਲਾਂ ਸੂਚਿਤ ਕਰਕੇ ਹੀ ਬਾਹਰ ਜਾਣ ਦੀ ਇਜਾਜ਼ਤ ਮਿਲੇਗੀ। ਇਸ ਤੋਂ ਇਲਾਵਾ, ਪੀ.ਜੀ. ਵਿੱਚ ਰਹਿ ਰਹੇ ਸਾਰੇ ਕਿਰਾਏਦਾਰਾਂ ਅਤ ਦੀ ਪਿੱਛੋਂ ਦੀ ਪੁਲਿਸ ਵੈਰੀਫਿਕੇਸ਼ਨ ਕਰਵਾਉਣੀ ਲਾਜ਼ਮੀ ਕੀਤੀ ਗਈ ਹੈ। ਪੀ.ਜੀ. ਮਾਲਕਾਂ ਨੂੰ ਆਧਾਰ ਕਾਰਡ ਅਤੇ ਹੋਰ ਦਸਤਾਵੇਜ਼ਾਂ ਦੇ ਆਧਾਰ ’ਤੇ ਪ੍ਰੋਪਰ ਰਜਿਸਟਰ ਤਿਆਰ ਕਰਨ ਦੇ ਹੁਕਮ ਦਿੱਤੇ ਗਏ ਹਨ। ਨਾਲ ਹੀ, ਰਹਿਣ ਵਾਲਿਆਂ ਦੀਆਂ ਗੱਡੀਆਂ, ਕਾਰਾਂ ਅਤੇ ਐਕਟਿਵਾ ਆਦਿ ਦੇ ਰਜਿਸਟ?ਰੇਸ਼ਨ ਨੰਬਰ ਅਤੇ ਕਾਗਜ਼ਾਤ ਵੀ ਪੂਰੀ ਤਰ੍ਹਾਂ ਵੈਰੀਫਾਈ ਕੀਤੇ ਜਾਣਗੇ। ਮੀਟਿੰਗ ਦੇ ਅਖੀਰ ਵਿੱਚ ਚੌਂਕੀ ਇੰਚਾਰਜ ਨੇ ਪੀ.ਜੀ. ਮਾਲਕਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਰਾਤ 10 ਵਜੇ ਤੋਂ ਬਾਅਦ ਜੇਕਰ ਕੋਈ ਵੀ ਵਿਅਕਤੀ ਬਾਹਰ ਹੁੱਲੜਬਾਜ਼ੀ ਕਰਦਾ ਫੜਿਆ ਗਿਆ, ਤਾਂ ਉਸ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰਦਿਆਂ ਪਰਚਾ ਦਰਜ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸਭ ਲਈ ਸਬੰਧਤ ਪੀ.ਜੀ. ਮਾਲਕ ਹੀ ਖ਼ੁਦ ਜ਼ਿੰਮੇਵਾਰ ਅਤੇ ਜਵਾਬਦੇਹ ਹੋਵੇਗਾ। ਪੁਲਿਸ ਵੱਲੋਂ ਕੀਤੇ ਗਏ ਇਸ ਵੱਡੇ ਉਪਰਾਲੇ ਨਾਲ ਇਲਾਕਾ ਨਿਵਾਸੀਆਂ ਨੇ ਚੌਂਕੀ ਇੰਚਾਰਜ ਕਿਸ਼ਨਗੜ੍ਹ ਏਐਸਆਈ ਹਰਦੀਪ ਸਿੰਘ ਅਤੇ ਐਸਐਸਪੀ ਜਲੰਧਰ ਦਿਹਾਤੀ ਦਾ ਧੰਨਵਾਦ ਕੀਤਾ।

## ਨਿੱਜੀ ਸਕੂਲਾਂ ’ਚ ਕਮਜ਼ੋਰ ਤੇ ਵਾਂਝੇ ਵਰਗਾਂ ਲਈ 25 ਫੀਸਦੀ ਸੀਟਾਂ ਰਾਖਵੀਆਂ

**ਕੌਮੀ ਪਤ੍ਰਿਕਾ**

ਕਪੂਰਥਲਾ 7 ਅਕਤੂਬਰ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਅੱਜ ਜ਼ਿਲ੍ਹੇ ਦੇ ਰਾਈਟ ਟੂ ਐਜੂਕੇਸ਼ਨ (ਆਰਟੀਈ) ਐਕਟ, 2009 ਦੇ ਦਾਇਰੇ ਵਿੱਚ ਆਉਂਦੇ ਸਾਰੇ ਨਿੱਜੀ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਨੂੰ ਕਲਾਸ ਪਹਿਲੀ ਵਿੱਚ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਤੇ ਵਾਂਝੇ ਵਰਗਾਂ ਨਾਲ ਸਬੰਧਤ ਬੱਚਿਆਂ ਲਈ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਤੇ ਐਕਟ ਦੀਆਂ ਵਿਵਸਥਾਵਾਂ ਅਨੁਸਾਰ ਉਨ੍ਹਾਂ ਨੂੰ ਮੁਫ਼ਤ ਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਰਟੀਈ ਐਕਟ ਦੇ ਦਾਇਰੇ ਵਿੱਚ ਆਉਂਦੇ ਸਾਰੇ ਸਕੂਲਾਂ ਲਈ ਯੋਗ ਕਮਜ਼ੋਰ ਤੇ ਵਾਂਝੇ ਵਰਗਾਂ ਦੇ ਬੱਚਿਆਂ ਵਾਸਤੇ ਕਲਾਸ ਪਹਿਲੀ ਦੀਆਂ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਦੀ ਵਿਵਸਥਾ ਦੀ ਸਖ਼ਤੀ ਨਾਲ ਪਾਲਣਾ ਕਰਨੀ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਨਿੱਜੀ ਸਕੂਲਾਂ ਵਿੱਚ 25 ਫੀਸਦੀ ਕੋਟੇ ਅਧੀਨ ਉਪਲਬਧ ਸੀਟਾਂ ਸਬੰਧੀ ਸਕੂਲ-ਵਾਰ ਜਾਣਕਾਰੀ ਵੈੱਬਸਾਈਟ Kapurthala.gov.in ’ਤੇ ਪਹਿਲਾਂ ਹੀ ਅਪਲੋਡ ਕੀਤੀ ਜਾ



ਚੁੱਕੀ ਹੈ, ਤਾਂ ਜੋ ਮਾਪੇ ਸੀਟਾਂ ਦੀ ਉਪਲਬਧਤਾ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਣ ਤੇ ਪੋਰਟਲ ਖੁੱਲ੍ਹਣ ਉਪਰੰਤ ਆਨਲਾਈਨ ਅਰਜ਼ੀਆਂ ਜਮ?ਹਾਂ ਕਰਵਾ ਸਕਣ। ਉਨ੍ਹਾਂ ਕਿਹਾ ਕਿ ਸਿੱਖਿਆ ਅਧਿਕਾਰੀਆਂ ਨੂੰ ਆਰਟੀਈ ਐਕਟ ਤਹਿਤ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਦੀ ਵਿਵਸਥਾ ਬਾਰੇ ਮਾਪਿਆਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 25 ਫੀਸਦੀ ਸੀਟਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ, ਮੁਸ਼ਕਲ ਜਾਂ ਸ਼ਿਕਾਇਤ ਲਈ ਮਾਪੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੈਲਪਲਾਈਨ ਨੰਬਰ 01822-233777 ਜਾਂ ਈ-ਮੇਲ dc.kpr@punjab.gov.in ਰਾਹੀਂ ਸਿੱਧਾ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਆਰਟੀਈ ਐਕਟ ਦੀਆਂ ਵਿਵਸਥਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਵਾਉਣ ਲਈ ਸਾਰੇ ਸਬੰਧਤ ਸਕੂਲਾਂ ਤੋਂ ਪਾਲਣਾ ਰਿਪੋਰਟਾਂ ਵੀ ਪ੍ਰਾਪਤ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਆਰਟੀਈ ਐਕਟ ਦੇ ਦਾਇਰੇ ਵਿੱਚ ਆਉਂਦੇ ਸਾਰੇ ਨਿੱਜੀ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਨੂੰ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਤੇ ਯੋਗ ਬੱਚਿਆਂ ਨੂੰ ਮੁਫ਼ਤ ਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਸਬੰਧੀ ਕਾਨੂੰਨੀ ਵਿਵਸਥਾਵਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਕਿਸੇ ਵੀ ਸਕੂਲ ਵੱਲੋਂ ਐਕਟ ਦੀ ਉਲੰਘਣਾ ਕਰਨ ਜਾਂ ਇਸ ਦੀਆਂ ਵਿਵਸਥਾਵਾਂ ਦੀ ਪਾਲਣਾ ਨਾ ਕਰਨ ਦੀ ਸੂਰਤ ਵਿੱਚ ਲਾਗੂ ਨਿਯਮਾਂ ਤੇ ਕਾਨੂੰਨ ਦੀਆਂ ਧਾਰਾਵਾਂ ਅਨੁਸਾਰ ਉਚਿਤ ਕਾਰਵਾਈ ਕੀਤੀ ਜਾਵੇਗੀ।

## ਮਿਡ-ਡੇ ਮੀਲ ਤੇ ਖੇਡ ਫੰਡਾਂ ਨੂੰ ਲੈ ਕੇ ਸਰਕਾਰ ਖ਼ਿਲਾਫ਼ ਅਧਿਆਪਕਾਂ ਦਾ ਮੋਰਚਾ

ਸੁਲਤਾਨਪੁਰ ਲੋਧੀ 7 ਅਕਤੂਬਰ। ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੀ ਹੋਈ ਆਨਲਾਈਨ ਅਤੇ ਆਫਲਾਈਨ ਮੀਟਿੰਗ ਦੌਰਾਨ ਸਕੂਲਾਂ ’ਚ ਮਿਡ ਡੇ ਮੀਲ ਅਤੇ ਪ੍ਰਾਇਮਰੀ ਸਕੂਲ ਖੇਡਾਂ ਸਬੰਧੀ ਅਹਿਮ ਫੈਸਲੇ ਲਏ ਗਏ। ਅਧਿਆਪਕ ਆਗੂਆਂ ਨੇ ਸਪੱਸ਼ਟ ਐਲਾਨ ਕੀਤਾ ਕਿ ਜੇਕਰ ਮਿਡ ਡੇ ਮੀਲ ਦੀ ਰਾਸ਼ੀ ਐਡਵਾਂਸ ’ਚ ਜਾਰੀ ਨਾ ਕੀਤੀ ਗਈ ਤਾਂ ਮਿਡ ਡੇ ਮੀਲ ਬੰਦ ਕਰ ਦਿੱਤਾ ਜਾਵੇਗਾ। ਇਸੇ ਤਰ੍ਹਾਂ ਪ੍ਰਾਇਮਰੀ ਸਕੂਲ ਖੇਡਾਂ ਲਈ ਫੰਡ ਜਾਰੀ ਨਾ ਹੋਣ ਦੀ ਸੂਰਤ ’ਚ ਅਧਿਆਪਕ ਆਪਣੀ ਜੇਬ ’ਚੋਂ ਪੈਸੇ ਖਰਚ ਕਰ ਕੇ ਖੇਡਾਂ ਨਹੀਂ ਕਰਵਾਉਣਗੇ। ਮੀਟਿੰਗ ’ਚ ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾਈ ਆਗੂ ਰਸ਼ਪਾਲ ਸਿੰਘ ਵੜੈਚ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਕਪੂਰਥਲਾ ਦੇ ਜ਼ਿਲਾ ਪ੍ਰਧਾਨ ਹਰਵਿੰਦਰ ਸਿੰਘ ਅੱਲੂਵਾਲ, ਜੀ. ਟੀ. ਯੂ. ਦੇ ਜ਼ਿਲਾ ਪ੍ਰਧਾਨ ਸੁਖਚੈਨ ਸਿੰਘ ਬੱਧਣ,



ਗੁਰਮੇਜ ਸਿੰਘ ਤਲਵੰਡੀ ਚੌਧਰੀਆਂ, ਅਧਿਆਪਕ ਦਲ ਕਪੂਰਥਲਾ ਦੇ ਜ਼ਿਲਾ ਪ੍ਰਧਾਨ ਸੁਖਦਿਆਲ ਸਿੰਘ ਝੰਡ, ਡੀ. ਟੀ. ਐੱਫ. ਆਗੂ ਜੈਮਲ ਸਿੰਘ, ਮਾਸਟਰ ਕਾਡਰ ਯੂਨੀਅਨ ਕਪੂਰਥਲਾ ਦੇ ਨਰੇਸ਼ ਕੋਹਲੀ ਅਤੇ ਤਰਵਿੰਦਰ ਸਿੰਘ ਮੱਲ੍ਹੀ ਸਮੇਤ ਹੋਰ ਆਗੂਆਂ ਨੇ ਸ਼ਮੂਲੀਅਤ ਕੀਤੀ। ਅਧਿਆਪਕ ਆਗੂਆਂ ਨੇ ਦੱਸਿਆ ਕਿ ਅਪ੍ਰੈਲ ਮਹੀਨੇ ਤੋਂ ਲੈ ਕੇ ਹੁਣ ਤੱਕ ਮਿਡ ਡੇ ਮੀਲ ਦਾ ਖਰਚਾ ਅਧਿਆਪਕਾਂ ਨੂੰ ਆਪਣੀ ਜੇਬ ’ਚੋਂ ਕਰਨਾ ਪੈ ਰਿਹਾ ਹੈ। ਵਿਭਾਗ ਵੱਲੋਂ ਮਿਡ ਡੇ ਮੀਲ ਦੀ ਰਾਸ਼ੀ ਨਵੇਂ ‘ਸਪਰਸ਼ ਪੋਰਟਲ’ ਰਾਹੀਂ ਭੇਜਣ ਦੀ ਪ੍ਰਕਿਰਿਆ ਅਪਣਾਈ ਜਾ ਰਹੀ ਹੈ, ਜੋ ਕਾਫੀ ਗੁੰਝਲਦਾਰ ਹੋਣ ਕਾਰਨ ਪ੍ਰੇਸ਼ਾਨੀ ਦਾ ਕਾਰਨ ਬਣ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਪ੍ਰਕਿਰਿਆ ਨੂੰ ਸਰਲ ਕੀਤਾ ਜਾਵੇ ਅਤੇ ਲੋੜੀਂਦੀ ਰਾਸ਼ੀ ਸਮੇਂ ਸਿਰ ਐਡਵਾਂਸ ’ਚ ਮੁਹੱਈਆ ਕਰਵਾਈ ਜਾਵੇ। ਆਗੂਆਂ ਨੇ ਕਿਹਾ ਕਿ ਲਗਾਤਾਰ ਪੱਲਿਓਂ ਖਰਚਾ ਕਰਵਾਉਣਾ ਵਾਜਬ ਨਹੀਂ ਹੈ, ਇਸ ਲਈ ਜਦੋਂ ਤੱਕ ਰਾਸ਼ੀ ਐਡਵਾਂਸ ਨਹੀਂ ਆਉਂਦੀ, 1 ਅਕਤੂਬਰ ਤੋਂ ਮਿਡ ਡੇ ਮੀਲ ਚਲਾਉਣ ਦੀ ਜ਼ਿੰਮੇਵਾਰੀ ਅਧਿਆਪਕ ਨਹੀਂ ਨਿਭਾਉਣਗੇ। ਮੀਟਿੰਗ ਦੌਰਾਨ ਪ੍ਰਾਇਮਰੀ ਸਕੂਲ ਖੇਡਾਂ ਨੂੰ ਲੈ ਕੇ ਵੀ ਸਖਤ ਰੁਖ ਅਪਣਾਉਂਦਿਆਂ ਫੈਸਲਾ ਕੀਤਾ ਗਿਆ ਕਿ ਜੇਕਰ ਸਰਕਾਰ ਜਾਂ ਵਿਭਾਗ ਵੱਲੋਂ ਲੋੜੀਂਦੇ ਫੰਡ ਜਾਰੀ ਨਹੀਂ ਹੁੰਦੇ ਤਾਂ ਅਧਿਆਪਕ ਆਪਣੀ ਜੇਬ ’ਚੋਂ ਖਰਚਾ ਕਰ ਕੇ ਖੇਡਾਂ ਨਹੀਂ ਕਰਵਾਉਣਗੇ। ਉਨ੍ਹਾਂ ਕਿਹਾ ਕਿ ਖੇਡਾਂ ਕਰਵਾਉਣੀਆਂ ਸਰਕਾਰ ਅਤੇ ਵਿਭਾਗ ਦੀ ਜ਼ਿੰਮੇਵਾਰੀ ਹੈ, ਇਸ ਦਾ ਵਿੱਤੀ ਬੋਝ ਅਧਿਆਪਕਾਂ ’ਤੇ ਨਹੀਂ ਪਾਇਆ ਜਾ ਸਕਦਾ। ਅਧਿਆਪਕ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਕਿਸੇ ਅਫਸਰ ਜਾਂ ਅਧਿਆਪਕ ਵੱਲੋਂ ਖੇਡਾਂ ਲਈ ਪੈਸੇ ਇਕੱਠੇ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਸਾਰੀਆਂ ਜਥੇਬੰਦੀਆਂ ਇਕਜੁੱਟ ਹੋ ਕੇ ਸਬੰਧਤ ਦਫਤਰ ਜਾਂ ਸਕੂਲ ਦਾ ਘਿਰਾਓ ਕਰਨਗੀਆਂ। ਉਨ੍ਹਾਂ ਕਿਹਾ ਕਿ ਅਧਿਆਪਕ ਪਹਿਲਾਂ ਹੀ ਗੈਰ-ਅਧਿਆਪਨ ਜ਼ਿੰਮੇਵਾਰੀਆਂ ਅਤੇ ਵਿੱਤੀ ਬੋਝ ਦਾ ਸਾਹਮਣਾ ਕਰ ਰਹੇ ਹਨ, ਇਸ ਲਈ ਹੋਰ ਵਿੱਤੀ ਬੋਝ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਅਸ਼ਵਨੀ ਕੁਮਾਰ, ਪ੍ਰਦੀਪ ਸਿੰਘ ਟੋਨੀ, ਅੰਮ੍ਰਿਤਪਾਲ ਸਿੰਘ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

## ਭਾਜਪਾ ਦੀ ਡਬਲ ਇੰਜਣ ਸਰਕਾਰ ਪੰਜਾਬ ਵਿੱਚ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰੇਗੀ: ਬਲਦੇਵ ਸਿੰਘ ਔਲਖ

**ਕੌਮੀ ਪਤ੍ਰਿਕਾ**

ਤਰਨਤਾਰਨ 7 ਅਕਤੂਬਰ। ਭਾਰਤੀ ਜਨਤਾ ਪਾਰਟੀ ਦੀ ‘ਨਸ਼ਾ ਮੁਕਤ ਪੰਜਾਬ ਯਾਤਰਾ’ ਨੇ ਸ਼ਨੀਵਾਰ ਨੂੰ ਤਰਨ ਤਾਰਨ



ਵਿਧਾਨ ਸਭਾ ਹਲਕੇ ਵਿੱਚ ਆਪਣੀ ਮੁਹਿੰਮ ਜਾਰੀ ਰੱਖੀ। ਇਹ ਯਾਤਰਾ ਖਡੂਰ ਸਾਹਿਬ, ਖੇਮਕਰਨ ਅਤੇ ਪੱਟੀ ਹਲਕਿਆਂ ਵਿੱਚੋਂ ਵੀ ਗੁਜ਼ਰੀ। ਤਰਨ ਤਾਰਨ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਲਦੇਵ ਸਿੰਘ ਔਲਖ ਨੇ ਪੰਜਾਬ ਨੂੰ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਕਰਨ ਦੇ ਭਾਜਪਾ ਦੇ ਸੰਕਲਪ ਦਾ ਸਮਰਥਨ ਕੀਤਾ। ਉਨ੍ਹਾਂ ਕਿਹਾ, “ਇਹ ਕੋਈ ਸਿਆਸੀ ਮਕਸਦ ਨਾਲ ਕੱਢੀ ਗਈ ਯਾਤਰਾ ਨਹੀਂ ਹੈ। ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਮੰਤਰੀ ਅਮਿਤ ਸ਼ਾਹ ਦੀ ਸੋਚ ਹੈ, ਜਿਸ ਤਹਿਤ ਪੂਰੇ ਪੰਜਾਬ ਵਿੱਚ ਇਸ ਜਾਗਰੂਕਤਾ ਮੁਹਿੰਮ ਨੂੰ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਇਹ ਸੰਕਲਪ ਲਿਆ ਜਾ ਰਿਹਾ ਹੈ ਕਿ ਸੂਬੇ ਨੂੰ ਨਸ਼ਾ ਮੁਕਤ ਬਣਾਇਆ ਜਾਵੇਗਾ।”ਇਸ ਸਮਾਗਮ ਵਿੱਚ ਭਾਜਪਾ ਦੇ ਸੀਨੀਅਰ ਆਗੂ ਰਾਣਾ ਗੁਰਮੀਤ ਸਿੰਘ ਸੋਢੀ, ਵਿਕਰਮਜੀਤ ਸਿੰਘ ਸਾਹਨੀ, ਮੀਨਾ ਤਰਨੈਚ, ਰਵੀ ਕਰਨ ਕਲਹੋਂ, ਸਤਨਾਮ ਸਿੰਘ ਭੁੱਲਰ, ਲਵਪ੍ਰੀਤ ਸਿੰਘ, ਹਰਜੀਤ ਸਿੰਘ, ਨਰੇਸ਼ ਸ਼ਰਮਾ ਅਤੇ ਪਾਰਟੀ ਦੇ ਹੋਰ ਅਹੁਦੇਦਾਰ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਬਲਦੇਵ ਸਿੰਘ ਔਲਖ ਨੇ ਕਿਹਾ,“ਪੂਰੇ ਸੂਬੇ ਵਿੱਚ ਲੋਕ ਇਸ ਮੁਹਿੰਮ ਨੂੰ ਵੱਡਾ ਸਮਰਥਨ ਦੇ ਰਹੇ ਹਨ। ਇਸ ਦਾ ਕਾਰਨ ਇਹ ਹੈ ਕਿ ਲੋਕ ਜਾਣਦੇ ਹਨ ਕਿ ਮੋਦੀ ਜੀ ਨੇ ਜੋ ਕਿਹਾ ਹੈ, ਉਹ ਕਰਕੇ ਦਿਖਾਇਆ ਹੈ। ਹਰਿਆਣਾ, ਉੱਤਰ ਪ੍ਰਦੇਸ਼, ਛੱਤੀਸਗੜ੍ਹ, ਜੰਮੂ-ਕਸ਼ਮੀਰ, ਦਿੱਲੀ ਅਤੇ ਹੋਰ ਸੂਬਿਆਂ ਵਿੱਚ ਕੀਤੇ ਗਏ ਸਾਰੇ ਵਾਅਦੇ ਉਸੇ ਤਰ੍ਹਾਂ ਪੂਰੇ ਕੀਤੇ ਗਏ ਹਨ, ਜਿਵੇਂ ਵਾਅਦਾ ਕੀਤਾ ਗਿਆ ਸੀ।ਪੰਜਾਬ ਦੀ ਸਿਆਸੀ ਸਥਿਤੀ ਬਾਰੇ ਗੱਲ ਕਰਦਿਆਂ ਔਲਖ ਨੇ ਕਿਹਾ ਕਿ ਲੋਕਾਂ ਨੇ ਪਹਿਲਾਂ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਵਾਅਦਿਆਂ ’ਤੇ ਭਰੋਸਾ ਕੀਤਾ ਸੀ।” ਉਨ੍ਹਾਂ ਕਿਹਾ, “ਲੋਕਾਂ ਨੇ ਭਗਵੰਤ ਮਾਨ ’ਤੇ ਭਰੋਸਾ ਕੀਤਾ ਸੀ, ਜਦੋਂ ਉਨ੍ਹਾਂ ਕਿਹਾ ਸੀ ਕਿ ਉਨ੍ਹਾਂ ਦੀ ਸਰਕਾਰ ਦੇ ਸੱਤਾ ਵਿੱਚ ਆਉਣ ਦੇ ਤਿੰਨ ਮਹੀਨਿਆਂ ਦੇ ਅੰਦਰ ਪੰਜਾਬ ਵਿੱਚੋਂ ਨਸ਼ਾ ਖਤਮ ਕਰ ਦਿੱਤਾ ਜਾਵੇਗਾ। ਪਰ ਸਾਢੇ ਚਾਰ ਸਾਲ ਬਾਅਦ ਜ਼ਮੀਨੀ ਸਥਿਤੀ ਬਿਲਕੁਲ ਵੱਖਰੀ ਹੈ। ਅੱਜ ਪੁਲਿਸ ਦੇ ਕੁਝ ਹਿੱਸਿਆਂ ’ਤੇ ਨਸ਼ਿਆਂ ਦਾ ਕਾਰੋਬਾਰ ਚਲਾਉਣ ਵਾਲਿਆਂ ਨਾਲ ਮਿਲੀਭੁਗਤ ਦੇ ਦੋਸ਼ ਲੱਗ ਰਹੇ ਹਨ। ਇੱਕ ਮਾਫੀਆ ਸ਼ਰੇਆਮ ਸਰਗਰਮ ਹੈ। ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਏਜੰਡੇ ਦਾ ਜ਼ਿਕਰ ਕਰਦਿਆਂ ਔਲਖ ਨੇ ਉੱਤਰ ਪ੍ਰਦੇਸ਼ ਦੀ ਗੱਲ ਕੀਤੀ ਅਤੇ ਕਿਹਾ ਕਿ 2017 ਤੋਂ ਪਹਿਲਾਂ ਉੱਥੇ ਗੈਂਗਸਟਰਵਾਦ, ਨਸ਼ਿਆਂ ਅਤੇ ਫਿਰੌਤੀ ਦਾ ਵਿਆਪਕ ਪ੍ਰਭਾਵ ਸੀ। ਉਨ੍ਹਾਂ ਕਿਹਾ, “ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਮਹਿਜ਼ ਦੋ ਮਹੀਨਿਆਂ ਵਿੱਚ ਸੂਬੇ ਨੂੰ ਇਸ ਤਰ੍ਹਾਂ ਦੀ ਸਮੱਸਿਆ ਤੋਂ ਮੁਕਤ ਕਰ ਦਿੱਤਾ ਗਿਆ। ਇਸ ਵਿੱਚ ਪੁਲਿਸ ਨੇ ਨਿਰਣਾਇਕ ਭੂਮਿਕਾ ਨਿਭਾਈ, ਕਿਉਂਕਿ ਪੁਲਿਸ ਨੂੰ ਇਨ੍ਹਾਂ ਨੈੱਟਵਰਕਾਂ ਬਾਰੇ ਜਾਣਕਾਰੀ ਸੀ। ਅੱਜ ਯੂਪੀ ਰਾਜਸਵ, ਰੁਜ਼ਗਾਰ, ਉਦਯੋਗ ਅਤੇ ਸਿੱਖਿਆ ਦੇ ਖੇਤਰ ਵਿੱਚ ਤਰੱਕੀ ਕਰ ਰਿਹਾ ਹੈ ਅਤੇ ਇੱਕ ਮਾਡਲ ਸੂਬੇ ਵਜੋਂ ਉਭਰਿਆ ਹੈ। ਪੰਜਾਬ ਵਿੱਚ, ਬਦਕਿਸਮਤੀ ਨਾਲ, ਪੁਲਿਸ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਉਨ੍ਹਾਂ ਨੂੰ ਸੁਰੱਖਿਆ ਦੇ ਰਹੀ ਹੈ, ਜਦਕਿ ਭੇਤ ਖੋਲ੍ਹਣ ਵਾਲਿਆਂ ਅਤੇ ਬੇਕਸੂਰ ਲੋਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਔਲਖ ਨੇ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ “ਡਬਲ ਇੰਜਣ”ਵਾਲੀ ਭਾਜਪਾ ਸਰਕਾਰ ਦੇ ਸੱਤਾ ਵਿੱਚ ਆਉਣ ’ਤੇ ਪੰਜਾਬ ਨੂੰ ਦੋ ਤੋਂ ਤਿੰਨ ਮਹੀਨਿਆਂ ਦੇ ਅੰਦਰ ਨਸ਼ਾ ਮੁਕਤ ਕਰ ਦਿੱਤਾ ਜਾਵੇਗਾ ਉਨ੍ਹਾਂ ਕਿਹਾ, “ਇਸ ਸਮੱਸਿਆ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇਗਾ। ਇਹ ਲੋਕਾਂ ਦੀ ਤਾਕਤ ਹੈ ਅਤੇ ਪੰਜਾਬ ਦੇ ਲੋਕਾਂ ਨੂੰ ਇਸ ਮਕਸਦ ਲਈ ਇਕਜੁੱਟ ਹੋਣਾ ਚਾਹੀਦਾ ਹੈ। ਭਾਜਪਾ ਦੇ ਸੀਨੀਅਰ ਆਗੂ ਸੁਰਜੀਤ ਕੁਮਾਰ ਜਿਆਣੀ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ, “ਸਾਨੂੰ ਸਾਰਿਆਂ ਨੂੰ ਆਪਣੇ ਪੰਜਾਬ ਦੀ ਚਿੰਤਾ ਕਰਨੀ ਚਾਹੀਦੀ ਹੈ। ਇਹ ਕਦੇ ਇੱਕ ਖੁਸ਼ਹਾਲ ਅਤੇ ਸਮਰੱਥ ਸੂਬਾ ਹੁੰਦਾ ਸੀ, ਪਰ ਅੱਜ ਇਹ ਡੂੰਘੇ ਸੰਕਟ ਵਿੱਚ ਹੈ। ‘ਆਪ’ ਅਤੇ ਕਾਂਗਰਸ ਦੇ ਆਗੂਆਂ ਨੇ ਝੂਠੇ ਵਾਅਦੇ ਕੀਤੇ, ਉਨ੍ਹਾਂ ਦੇ ਆਧਾਰ ’ਤੇ ਵੋਟਾਂ ਹਾਸਲ ਕੀਤੀਆਂ ਅਤੇ ਆਖਰਕਾਰ ਲੋਕਾਂ ਨੂੰ ਨਿਰਾਸ਼ ਕੀਤਾ। ਬੈਲਟ ਲੋਕਾਂ ਦੀ ਸਭ ਤੋਂ ਵੱਡੀ ਤਾਕਤ ਹੈ। ਪੰਜਾਬ ਪੁਲਿਸ ਦੀ ਕਦੇ ਇਹ ਪਛਾਣ ਸੀ ਕਿ ਉਹ ਸਿਰਫ਼ ਸੂਬੇ ਦੀ ਹੀ ਨਹੀਂ, ਸਗੋਂ ਪੂਰੇ ਦੇਸ਼ ਦੀ ਰੱਖਿਆ ਲਈ ਜਾਣੀ ਜਾਂਦੀ ਸੀ। ਅੱਜ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਵਿਗੜ ਰਹੀ ਹੈ ਅਤੇ ਪੁਲਿਸ ’ਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਹੋਣ ਦੇ ਦੋਸ਼ ਲੱਗ ਰਹੇ ਹਨ। ਰੰਗਲਾ ਪੰਜਾਬ ਪ੍ਰਭਾਵਿਤ ਹੋਇਆ ਹੈ, ਪਰ ਹੁਣ ਇਹ ਜ਼ਿਆਦਾ ਦੇਰ ਨਹੀਂ ਚੱਲੇਗਾ। ਇਸ ਵਾਰ ਲੋਕ ਆਪਣੇ ਵੋਟ ਦੀ ਤਾਕਤ ਦਾ ਇਸਤੇਮਾਲ ਭਾਜਪਾ ਨੂੰ ਚੁਣਨ ਅਤੇ ਪੰਜਾਬ ਨੂੰ ਉਸ ਦੀ ਸ਼ਾਨਦਾਰ ਪਛਾਣ ਵਾਪਸ ਦਿਵਾਉਣ ਲਈ ਕਰਨਗੇ।

## ਗਮਾਡਾ ਦੇ 6400 ਕਰੋੜ ’ਤੇ ਹਾਈ ਕੋਰਟ ਸਖ਼ਤ, ਪੰਜਾਬ ਤੋਂ ਪੁੱਛਿਆ- ਕੀ ਆਮ ਘਾਟਾ ਪੂਰਾ ਕਰਨ ’ਚ ਖ਼ਰਚ ਕਰ ਸਕਦੇ ਹਨ ਰਕਮ?

**ਕੌਮੀ ਪਤ੍ਰਿਕਾ**

ਚੰਡੀਗੜ੍ਹ 7 ਅਕਤੂਬਰ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਦੇ 6400 ਕਰੋੜ ਰੁਪਏ ਦੀ ਵਰਤੋਂ ਨੂੰ ਲੈ ਕੇ ਪੰਜਾਬ ਸਰਕਾਰ ਤੋਂ ਵਿਸਤ੍ਰਿਤ ਜਵਾਬ ਮੰਗਿਆ ਹੈ। ਅਦਾਲਤ ਨੇ ਪੁੱਛਿਆ ਕਿ ਕੀ ਇਹ ਰਕਮ, ਜੋ ਕਿਸੇ ਵਿਸ਼ੇਸ਼ ਉਦੇਸ਼ ਲਈ ਸਮਰਪਿਤ ਫੰਡ ਵਜੋਂ ਰੱਖੀ ਜਾਣੀ ਸੀ, ਨੂੰ ਸੂਬੇ ਦੇ ਏਕੀਕ੍ਰਿਤ ਫੰਡ ਵਿੱਚ ਸ਼ਾਮਲ ਕੀਤਾ ਜਾ ਸਕਦਾ ਹੈ ਅਤੇ ਆਮ ਬਜਟ ਘਾਟੇ ਨੂੰ ਪੂਰਾ ਕਰਨ ਲਈ ਵਰਤਿਆ ਜਾ ਸਕਦਾ ਹੈ। ਪੰਜਾਬ ਦੇ ਲੇਖਾਕਾਰ ਜਨਰਲ ਨੇ ਮਾਮਲੇ ਨੂੰ ਗੰਭੀਰ ਲੇਖਾਕਾਰੀ ਬੇਨਿਯਮੀਆਂ ਵਜੋਂ ਦਰਸਾਉਂਦੇ ਹੋਏ, ਇਸ ਰਕਮ ਨੂੰ ਸਮਰਪਿਤ ਫੰਡ ਵਜੋਂ ਰੱਖਣ ਦੀ ਅਪੀਲ ਕੀਤੀ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਡਿਵੀਜ਼ਨ ਬੈਂਚ ਨੇ ਇਹ ਨਿਰਦੇਸ਼ ਜਸਕਿਰਤ ਸਿੰਘ ਤੇ ਹੋਰਨਾਂ ਵੱਲੋਂ ਦਾਇਰ ਜਨਹਿਤ ਪਟੀਸ਼ਨ ਦੀ ਸੁਣਵਾਈ ਦੌਰਾਨ ਦਿੱਤੇ। ਪਟੀਸ਼ਨ ਵਿੱਚ ਪੰਜਾਬ ਸਰਕਾਰ ਅਤੇ ਹੋਰਨਾਂ ’ਤੇ ਗਮਾਡਾ ਦੇ ਫੰਡਾਂ ਦੀ ਵਰਤੋਂ ਵਿੱਚ ਗੰਭੀਰ ਵਿੱਤੀ ਅਨਿਯਮਿਤਤਾ ਦੇ ਦੋਸ਼ ਲਗਾਏ ਗਏ ਹਨ। ਮਹਾ ਲੇਖਕਾਕਾਰ ਕੁਮਾਰ ਅਭੈ ਨੇ ਕੋਰਟ ਦੇ ਸਾਹਮਣੇ ਦੁਹਰਾਇਆ ਕਿ ਗਮਾਡਾ ਵੱਲੋਂ ਰਾਜ ਕੋਸ਼ ਵਿੱਚ ਜਮ?ਹਾਂ ਕਰਵਾਏ ਗਏ 6400 ਕਰੋੜ ਰੁਪਏ ਨੂੰ ਸਮਰਪਿਤ ਫੰਡ ਵਜੋਂ ਰੱਖਿਆ ਜਾਣਾ ਚਾਹੀਦਾ ਸੀ। ਉਨ੍ਹਾਂ ਮੁਤਾਬਕ ਇਸ ਰਕਮ ਨੂੰ ਰਾਜ ਦੀ ਸੰਚਿਤ ਨਿਧੀ ਵਿੱਚ ਸ਼ਾਮਲ ਕਰਕੇ ਆਮ ਬਜਟ ਘਾਟਾ ਪੂਰਾ ਕਰਨਾ ਗੰਭੀਰ ਲੇਖਾ ਅਨਿਯਮਿਤਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਖ਼ੁਰਾਕ ਸੁਰੱਖਿਆ ਵਧਾਉਣ ਲਈ ਰਾਜ ਦੁਆਰਾ ਖ਼ਰਚ ਕੀਤੀ ਗਈ ਰਕਮ ਨੂੰ 6400 ਕਰੋੜ ਰੁਪਏ ਦੀ ਇਸ




ਵੱਖਰੀ ਜਮ?ਹਾਂ ਰਕਮ ਦੇ ਸਥਾਨ ’ਤੇ ਨਹੀਂ ਮੰਨਿਆ ਜਾ ਸਕਦਾ। ਮਹਾ ਲੇਖਕਾਕਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 31 ਜੁਲਾਈ ਨੂੰ ਜਵਾਬ ਭੇਜਿਆ ਗਿਆ ਸੀ, ਪਰ ਉਨ੍ਹਾਂ ਦੇ ਦਫ਼ਤਰ ਵੱਲੋਂ ਚੁੱਕੇ ਗਏ ਅਹਿਮ ਸਵਾਲ ਹੁਣ ਤੱਕ ਸਪੱਸ਼ਟ ਨਹੀਂ ਕੀਤੇ ਗਏ ਹਨ। ਪਟੀਸ਼ਨਕਰਤਾਵਾਂ ਨੇ 3 ਜੂਨ ਨੂੰ ਅਕਾਊਂਟੈਂਟ ਜਨਰਲ ਦੇ ਇੱਕ ਪੱਤਰ ਦਾ ਹਵਾਲਾ ਦਿੰਦੇ ਹੋਏ ਦਲੀਲ ਦਿੱਤੀ ਕਿ ਗਮਾਡਾ ਦੁਆਰਾ ਰਾਜ ਦੇ ਖਜ਼ਾਨੇ ਵਿੱਚ ਜਮ?ਹਾਂ ਕਰਵਾਏ ਗਏ ?6,400 ਕਰੋੜ ਨੂੰ ਆਮ ਮਾਲੀਆ ਮੰਨਿਆ ਜਾ ਰਿਹਾ ਹੈ, ਜਦੋਂ ਕਿ ਇਹ ਰਕਮ ਭੂਮੀ ਪ੍ਰਾਪਤੀ, ਪੁਨਰਵਾਸ ਅਤੇ ਪੁਨਰਵਾਸ ਐਕਟ ਦੀ ਧਾਰਾ 10(3) ਦੇ ਤਹਿਤ ਇੱਕ ਖਾਸ ਉਦੇਸ਼ ਲਈ ਜਮ?ਹਾ ਕੀਤੀ ਜਾਣੀ ਚਾਹੀਦੀ ਸੀ। ਇਸ ਵਿਵਸਥਾ ਦੇ ਤਹਿਤ, ਬਹੁ-ਫ਼ਸਲੀ ਸਿੰਜਾਈ ਵਾਲੀ ਜ਼ਮੀਨ ਦੇ ਗ੍ਰਹਿਣ ਦੇ ਮਾਮਲੇ ਵਿੱਚ, ਬੰਜਰ ਜ਼ਮੀਨ ਨੂੰ ਖੇਤੀਯੋਗ ਜ਼ਮੀਨ ਵਿੱਚ ਵਿਕਸਤ ਕਰਨ ਜਾਂ ਐਕੁਆਇਰ ਕੀਤੀ ਜ਼ਮੀਨ ਦੇ ਮੁੱਲ ਦੇ ਬਰਾਬਰ ਰਕਮ ਨੂੰ ਖੇਤੀਬਾੜੀ ਖੇਤਰ ਵਿੱਚ ਸਬੰਧਤ ਸਰਕਾਰ ਕੋਲ ਜਮ?ਹਾ ਕਰਵਾ ਕੇ ਨਿਵੇਸ਼ ਕਰਨ ਦਾ ਪ੍ਰਬੰਧ ਹੈ, ਤਾਂ ਜੋ ਭੋਜਨ ਸੁਰੱਖਿਆ ਨੂੰ ਵਧਾਇਆ ਜਾ ਸਕੇ। ਹਾਈ ਕੋਰਟ ਨੇ ਗਮਾਡਾ ਦੇ ਏਅਰੋਟ?ਰੋਪੋਲਿਸ ਪ੍ਰੋਜੈਕਟ ਲਈ ਲਏ ਜਾ ਰਹੇ ਵੱਡੇ ਕਰਜ਼ੇ ਬਾਰੇ ਵੀ ਸਪੱਸ਼ਟੀਕਰਨ ਮੰਗਿਆ ਹੈ। ਪਟੀਸ਼ਨ ਦੇ ਅਨੁਸਾਰ, ਸ਼ੁਰੂ ਵਿੱਚ ?2,000 ਕਰੋੜ ਦਾ ਕਰਜ਼ਾ ਲਿਆ ਗਿਆ ਸੀ ਪਰ ਇਹ ਅਣਵਰਤਿਆ ਹੀ ਰਿਹਾ। ਹੁਣ, ਪ੍ਰੋਜੈਕਟ ਲਈ ਵਾਧੂ ?15,000 ਕਰੋੜ ਇਕੱਠਾ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ। ਅਦਾਲਤ ਨੇ ?15,000 ਕਰੋੜ ਦੇ ਕਰਜ਼ੇ ਦਾ ਪ੍ਰਬੰਧ ਕਰਨ ਲਈ ਇੱਕ ਨਿੱਜੀ ਸੰਸਥਾ ਨੂੰ ?191 ਕਰੋੜ ਦੇ ਪ੍ਰਸਤਾਵਿਤ ਭੁਗਤਾਨ ਦਾ ਕਾਰਨ ਵੀ ਪੁੱਛਿਆ ਹੈ। ਪੰਜਾਬ ਸਰਕਾਰ ਨੇ ਜਨਹਿਤ ਪਟੀਸ਼ਨ ਦੀ ਸਵੀਕਾਰਤਾ ’ਤੇ ਸਵਾਲ ਉਠਾਉਂਦਿਆਂ ਕਿਹਾ ਕਿ ਪਟੀਸ਼ਨ ਅਸਲ ਜਨਹਿਤ ਵਿੱਚ ਨਹੀਂ ਹੈ। ਉਨ੍ਹਾਂ ਸਰਕਾਰ ਦਾ ਪੱਖ ਰੱਖਦਿਆਂ ਕਿਹਾ ਕਿ ਸਾਲ 2013 ਵਿੱਚ ਕਾਨੂੰਨ ਲਾਗੂ ਹੋਣ ਤੋਂ ਬਾਅਦ ਪੰਜਾਬ ਨੇ ਖ਼ੁਰਾਕ ਸੁਰੱਖਿਆ ਵਧਾਉਣ ’ਤੇ 94,443 ਕਰੋੜ ਰੁਪਏ ਖ਼ਰਚ ਕੀਤੇ ਹਨ। ਅਜਿਹੇ ਵਿੱਚ 6400 ਕਰੋੜ ਰੁਪਏ ਨੂੰ ਸੰਚਿਤ ਨਿਧੀ ਵਿੱਚ ਸ਼ਾਮਲ ਕਰਕੇ ਆਮ ਬਜਟ ਘਾਟੇ ਲਈ ਵਰਤਣ ਵਿੱਚ ਕੋਈ ਅਨਿਯਮਿਤਤਾ ਨਹੀਂ ਹੈ।